



# ਸੰਤ ਯੂਹੰਨਾ
# ਬਦ ਦੇਹਧਾਰੀ ਹੋਇਆ

# ਸੰਤ ਯੂਹੰਨਾ
# ਬਦ ਦੇਹਧਾਰੀ ਹੋਇਆ

MISSIONS PRESS
©2014
Gospel of John-Punjabi



# ਸੰਤ ਯੂਹੰਨਾ
# ਬਦ ਦੇਹਧਾਰੀ ਹੋਇਆ

## 1

ਆਦ ਵਿੱਚ  ਬਦ ਸੀ ਅਰ  ਬਦ ਪਰਮੇ ਰ ਦੇ ਸੰਗ ਸੀ ਅਤੇ  ਬਦ
ਪਰਮੇ ਰ ਸੀ। 2 ਇਹੋ ਆਦਿ ਵਿੱਚ ਪਰਮੇ ਰ ਦੇ ਸੰਗ ਸੀ। 3 ਸੱਭੋ ਕੁੱਝ ਉਸ ਤੋਂ
ਰਚਿਆ ਗਿਆ ਅਤੇ ਰਚਨਾ ਵਿੱਚੋਂ ਇੱਕ ਵਸਤੂ ਭੀ ਉਸ ਤੋਂ ਬਿਨਾ ਨਹੀਂ ਰਚੀ
ਗਈ। 4 ਉਸ ਵਿੱਚ ਜੀਉਣ ਸੀ ਅਤੇ ਉਹ ਜੀਉਣ ਇਨਸਾਨ ਦਾ ਚਾਨਣ ਸੀ। 5
ਉਹ ਚਾਨਣ ਅਨ੍ਹੇਰੇ ਵਿੱਚ ਚਮਕਦਾ ਹੈ ਪਰ ਅਨ੍ਹੇਰੇ ਨੇ ਉਹ ਨੂੰ ਨਾ ਬੁਝਾਇਆ। 6
ਪਰਮੇ ਰ ਦੀ ਵੱਲੋਂ ਯੂਹੰਨਾ ਨਾਮੇ ਇੱਕ ਮਨੁੱਖ ਭੇਜਿਆ ਹੋਇਆ ਸੀ। 7 ਇਹ ਸਾਖੀ
ਦੇ ਲਈ ਆਇਆ ਭਈ ਚਾਨਣ ਉੱਤੇ ਸਾਖੀ ਦੇਵੇ ਤਾਂ ਜੋ ਸਭ ਲੋਕ ਉਹ ਦੇ ਰਾਹੀਂ
ਨਿਹਚਾ ਕਰਨ। 8 ਉਹ ਆਪ ਚਾਨਣ ਤਾਂ ਨਹੀਂ ਸੀ ਪਰ ਉਹ ਚਾਨਣ ਉੱਤੇ ਸਾਖੀ
ਦੇਣ ਆਇਆ ਸੀ। 9 ਸੱਚਾ ਚਾਨਣ ਜਿਹੜਾ ਹਰੇਕ ਮਨੁੱਖ ਨੂੰ ਉਜਾਲਾ ਕਰਦਾ ਹੈ
ਜਗਤ ਵਿੱਚ ਆਉਣ ਵਾਲਾ ਸੀ। 10 ਉਹ ਜਗਤ ਵਿੱਚ ਸੀ ਅਤੇ ਜਗਤ ਉਸ ਤੋਂ
ਰਚਿਆ ਗਿਆ ਪਰ ਜਗਤ ਨੇ ਉਸ ਨੂੰ ਨਾ ਪਛਾਤਾ। 11 ਉਹ ਆਪਣੇ ਘਰ ਆ-
ਇਆ ਅਰ ਜਿਹੜੇ ਉਸ ਦੇ ਆਪਣੇ ਸਨ ਉਨ੍ਹਾਂ ਨੇ ਉਸ ਨੂੰ ਕਬੂਲ ਨਾ ਕੀਤਾ। 12
ਪਰ ਜਿੰਨਿਆਂ ਨੇ ਉਸ ਨੂੰ ਕਬੂਲ ਕੀਤਾ ਉਸ ਨੇ ਉਨ੍ਹਾਂ ਨੂੰ ਪਰਮੇ ਰ ਦੇ ਪੁੱਤ੍ਰ ਹੋਣ
ਦਾ ਹੱਕ ਦਿੱਤਾ ਅਰਥਾਤ ਜਿਨ੍ਹਾਂ ਨੇ ਉਸ ਦੇ ਨਾਮ ਉੱਤੇ ਨਿਹਚਾ ਕੀਤੀ। 13 ਓਹ
ਨਾ ਲਹੂ ਤੋਂ, ਨਾ ਸਰੀਰ ਦੀ ਇੱਛਿਆ ਤੋਂ, ਨਾ ਪੁਰਖ ਦੀ ਇੱਛਿਆ ਤੋਂ, ਪਰ
ਪਰਮੇ ਰ ਤੋਂ ਪੈਦਾ ਹੋਏ 14 ਅਤੇ  ਬਦ ਦੇਹਧਾਰੀ ਹੋਇਆ ਅਤੇ ਕਿਰਪਾ ਅਤੇ
ਸਚਿਆਈ ਨਾਲ ਭਰਪੂਰ ਹੋ ਕੇ ਸਾਡੇ ਵਿੱਚ ਵਾਸ ਕੀਤਾ ਅਤੇ ਅਸਾਂ ਉਸ ਦਾ
ਤੇਜ ਪਿਤਾ ਦੇ ਇਕਲੌਤੇ ਦੇ ਤੇਜ ਵਰਗਾ ਡਿੱਠਾ। 15 ਯੂਹੰਨਾ ਨੇ ਉਸ ਉੱਤੇ ਸਾਖੀ
ਦਿੱਤੀ ਅਤੇ ਪੁਕਾਰ ਕੇ ਆਖਿਆ, ਇਹ ਉਹੋ ਹੈ ਜਿਹ ਦੇ ਵਿਖੇ ਮੈਂ ਆਖਿਆ ਕਿ
ਜੋ ਮੇਰੇ ਮਗਰੋਂ ਆਉਣ ਵਾਲਾ ਹੈ ਸੋ ਮੈਥੋਂ ਵੱਡਾ ਬਣਿਆ ਕਿਉਂਕਿ ਉਹ ਮੈਥੋਂ
ਪਹਿਲਾਂ ਸੀ। 16 ਉਸ ਦੀ ਭਰਪੂਰੀ ਵਿੱਚੋਂ ਅਸਾਂ ਸਭਨਾਂ ਨੇ ਪਾਇਆ, ਕਿਰਪਾ
ਉੱਤੇ ਕਿਰਪਾ। 17 ਤੁਰੇਤ ਤਾਂ ਮੂਸਾ ਦੇ ਰਾਹੀ ਦਿੱਤੀ ਗਈ ਸੀ, ਕਿਰਪਾ ਅਤੇ
ਸਚਿਆਈ ਯਿਸੂ ਮਸੀਹ ਤੋਂ ਪਹੁੰਚੀ। 18 ਕਿਸੇ ਨੇ ਪਰਮੇ ਰ ਨੂੰ ਕਦੇ ਨਹੀਂ ਵੇਖਿਆ,

ਇਕਲੌਤਾ ਪੁੱਤ੍ਰ ਜਿਹੜਾ ਪਿਤਾ ਦੀ ਗੋਦ ਵਿੱਚ ਹੈ ਉਸ ਨੇ ਉਹ ਨੂੰ ਪ੍ਰਗਟ ਕੀਤਾ।

## ਯੂਹੰਨਾ ਬਪਤਿਸਮਾ ਦੇਣ ਵਾਲੇ ਦੀ ਗਵਾਹੀ

19 ਯੂਹੰਨਾ ਦੀ ਇਹ ਸਾਖੀ ਹੈ ਜਦ ਯਹੂਦੀਆਂ ਨੇ ਯਰੂ ਲਮ ਤੋਂ ਜਾਜਕਾਂ
ਅਤੇ ਲੇਵੀਆਂ ਨੂੰ ਉਹ ਦੇ ਕੋਲ ਘੱਲਿਆ ਭਈ ਉਸ ਤੋਂ ਪੁੱਛਣ, ਤੂੰ ਕੌਣ ਹੈ? 20
ਤਦ ਉਸ ਨੇ ਮ ਨ ਲਿਆ ਅਤੇ ਮੁੱਕਰਿਆ ਨਾ ਸਗੋਂ ਮ ਨ ਲਿਆ ਕਿ ਮੈਂ ਮਸੀਹ
ਨਹੀਂ ਹਾਂ। 21 ਤਾਂ ਉਨ੍ਹਾਂ ਨੇ ਉਸ ਤੋਂ ਪੁੱਛਿਆ, ਫੇਰ ਕੀ ਤੂੰ ਏਲੀਯਾਹ ਹੈਂ? ਉਸ ਨੇ
ਆਖਿਆ, ਮੈਂ ਨਹੀਂ ਹਾਂ। ਭਲਾ, ਤੂੰ ਉਹ ਨਬੀ ਹੈ? ਤਾਂ ਉਸ ਨੇ ਉੱਤਰ ਦਿੱਤਾ,
ਨਹੀਂ। 22 ਉਪਰੰਤ ਉਨ੍ਹਾਂ ਨੇ ਉਸ ਨੂੰ ਆਖਿਆ, ਫੇਰ ਤੂੰ ਕ'ਣ ਹੈ ਤਾਂ ਜੋ ਅਸੀ
ਆਪਣੇ ਭੇਜਣ ਵਾਲਿਆਂ ਨੂੰ ਉੱਤਰ ਦੇਈਏ? ਤੂੰ ਆਪਣੇ ਵਿਖੇ ਕੀ ਆਖਦਾ ਹੈ?
23 ਉਸ ਨੇ ਕਿਹਾ ਕਿ ਜਿਸ ਪ੍ਰਕਾਰ ਯਸਾਯਾਹ ਨਬੀ ਨੇ ਆਖਿਆ, ਮੈਂ ਉਜਾੜ
ਵਿੱਚ ਇੱਕ ਹੋਕਾ ਦੇਣ ਵਾਲੇ ਦੀ ਅਵਾ ਹਾਂ ਕਿ ਪ੍ਰਭੂ ਦਾ ਰਸਤਾ ਸਿੱਧਾ ਕਰੋ 24
ਅਤੇ ਓਹ ਫਰੀਸੀਆਂ ਵੱਲੋਂ ਭੇਜੇ ਹੋਏ ਸਨ। 25 ਫੇਰ ਉਨ੍ਹਾਂ ਨੇ ਉਸ ਤੋਂ ਪੁੱਛ ਕੇ ਉਸ
ਨੂੰ ਕਿਹਾ, ਜੇ ਤੂੰ ਨਾ ਮਸੀਹ ਹੈ, ਨਾ ਏਲੀਯਾਹ, ਨਾ ਉਹ ਨਬੀ, ਤਾਂ ਫੇਰ ਤੂੰ
ਬਪਤਿਸਮਾ ਕਿਉਂ ਦਿੰਦਾ ਹੈ? 26 ਯੂਹੰਨਾ ਨੇ ਉਨ੍ਹਾਂ ਨੂੰ ਉੱਤਰ ਦਿੱਤਾ, ਮੈਂ ਤਾਂ ਜਲ
ਨਾਲ ਬਪਤਿਸਮਾ ਦਿੰਦਾ ਹਾਂ ਪਰ ਤੁਹਾਡੇ ਵਿਚਕਾਰ ਇੱਕ ਖਲੋਤਾ ਹੈ ਜਿਹ ਨੂੰ
ਤੁਸੀਂ ਨਹੀਂ ਪਛਾਣਦੇ। 27 ਉਹੀ ਜੋ ਮੇਰੇ ਮਗਰੋਂ ਆਉਣ ਵਾਲਾ ਹੈ ਜਿਹ ਦੀ ਜੁੱਤੀ
ਦਾ ਤ ਮਾ ਮੈਂ ਖੋਲ੍ਹਣ ਦੇ ਜੋਗ ਨਹੀਂ। 28 ਏਹ ਗੱਲਾਂ ਯਰਦਨ ਦੇ ਪਾਰ ਬੈਤਅਨੀਆ
ਵਿੱਚ ਹੋਈਆਂ ਜਿੱਥੇ ਯੂਹੰਨਾ ਬਪਤਿਸਮਾ ਦਿੰਦਾ ਸੀ।

## ਪ੍ਰਭੂ ਯਿਸੂ ਪਰਮੇ ਰ ਦਾ ਲੇਲਾ

29 ਦੂਜੇ ਦਿਨ ਯਿਸੂ ਨੂੰ ਆਪਣੀ ਵੱਲ ਆਉਂਦਾ ਵੇਖ ਕੇ ਉਸ ਨੇ ਆ-
ਖਿਆ, ਵੇਖੋ ਪਰਮੇ ਰ ਦਾ ਲੇਲਾ ਜਿਹੜਾ ਜਗਤ ਦਾ ਪਾਪ ਚੁੱਕ ਲੈ ਜਾਂਦਾ ਹੈ! 30
ਇਹ ਉਹੋ ਹੈ ਜਿਹ ਦੇ ਵਿਖੇ ਮੈਂ ਆਖਦਾ ਸਾਂ ਕਿ ਮੇਰੇ ਮਗਰੋਂ ਇੱਕ ਪੁਰ ਆਉਂਦਾ
ਹੈ ਜੋ ਮੈਥੋਂ ਵੱਡਾ ਬਣਿਆ ਕਿਉਂਕਿ ਉਹ ਮੈਥੋਂ ਪਹਿਲਾਂ ਸੀ। 31 ਮੈਂ ਤਾਂ ਉਹ ਨੂੰ
ਨਹੀਂ ਜਾਣਦਾ ਸਾਂ ਪਰ ਮੈਂ ਜਲ ਨਾਲ ਬਪਤਿਸਮਾ ਇਸ ਲਈ ਦਿੰਦਾ ਆਇਆ
ਕਿ ਉਹ ਇਸਰਾਏਲ ਉੱਤੇ ਪਰਗਟ ਹੋਵੇ। 32 ਯੂਹੰਨਾ ਨੇ ਇਹ ਸਾਖੀ ਦੇ ਕੇ ਆ-
ਖਿਆ ਕਿ ਮੈਂ ਆਤਮਾ ਨੂੰ ਕਬੂਤਰ ਦੀ ਨਿਆਈ ਅਕਾ ਂ ਉੱਤਰਦਾ ਵੇਖਿਆ ਅਤੇ
ਉਸ ਉੱਤੇ ਠਹਿਰਿਆ 33 ਅਤੇ ਮੈਂ ਉਸ ਨੂੰ ਨਹੀਂ ਜਾਣਦਾ ਸਾਂ ਪਰ ਜਿਹ ਨੇ ਮੈਨੂੰ
ਜਲ ਨਾਲ ਬਪਤਿਸਮਾ ਦੇਣ ਲਈ ਘੱਲਿਆ ਉਸੇ ਨੇ ਮੈਨੂੰ ਆਖਿਆ ਕਿ ਜਿਹ ਦੇ
ਉੱਤੇ ਤੂੰ ਆਤਮਾ ਨੂੰ ਉੱਤਰਦਾ ਅਤੇ ਉਸ ਉੱਤੇ ਠਹਿਰਦਾ ਵੇਖੇਂ ਏਹ ਉਹੋ ਹੈ ਜੋ
ਪਵਿੱਤ੍ਰ ਆਤਮਾ ਨਾਲ ਬਪਤਿਸਮਾ ਦਿੰਦਾ ਹੈ। 34 ਸੋ ਮੈਂ ਵੇਖਿਆ ਅਤੇ ਸਾਖੀ
ਦਿੱਤੀ ਹੈ ਜੋ ਇਹ ਪਰਮੇ ਰ ਦਾ ਪੁੱਤਰ ਹੈਗਾ।



## ਪ੍ਰਭੂ ਯਿਸੂ ਦੇ ਪਹਿਲੇ ਚੇਲੇ

[35] ਦੂਜੇ ਦਿਨ ਯੂਹੰਨਾ ਅਤੇ ਉਹ ਦੇ ਚੇਲਿਆਂ ਵਿੱਚੋਂ ਦੋ ਜਣੇ ਖਲੋਤੇ
ਹੋਏ ਸਨ। [36] ਅਤੇ ਉਸ ਨੇ ਯਿਸੂ ਨੂੰ ਤੁਰਿਆ ਜਾਂਦਾ ਵੇਖ ਕੇ ਆਖਿਆ, ਵੇਖੋ
ਪਰਮੇ ਰ ਦਾ ਲੇਲਾ! [37] ਤਾਂ ਓਹ ਦੋਵੇਂ ਚੇਲੇ ਉਸ ਦੀ ਗੱਲ ਸੁਣ ਕੇ ਯਿਸੂ ਦੇ ਮਗਰ
ਤੁਰ ਪਏ। [38] ਤਾਂ ਯਿਸੂ ਨੇ ਪਿਛਾਹਾਂ ਮੁੜ ਕੇ ਅਤੇ ਉਨ੍ਹਾਂ ਨੂੰ ਮਗਰ ਆਉਂਦੇ ਵੇਖ
ਕੇ ਉਨ੍ਹਾਂ ਨੂੰ ਆਖਿਆ, ਤੁਸੀਂ ਕੀ ਭਾਲਦੇ ਹੋ? ਉਨ੍ਹਾਂ ਉਸ ਨੂੰ ਆਖਿਆ, ਹੇ ਰੱਬੀ!
(ਅਰਥਾਤ ਹੇ ਗੁਰੂ), ਤੁਸੀਂ ਕਿੱਥੇ ਟਿਕਦੇ ਹੋ? [39] ਉਸ ਨੇ ਉਨ੍ਹਾਂ ਨੂੰ ਆਖਿਆ,
ਆਓ ਤਾਂ ਵੇਖੋਗੇ। ਸੋ ਓਹ ਗਏ ਅਰ ਜਿੱਥੇ ਉਹ ਰਹਿੰਦਾ ਸੀ ਵੇਖਿਆ ਅਤੇ ਉਸ
ਦਿਨ ਉਹ ਦੇ ਸੰਗ ਰਹੇ। ਉਸ ਵੇਲੇ ਸਵਾ ਤਿੰਨਕੁ ਪਹਿਰ ਦਿਨ ਗਿਆ ਸੀ। [4•]
ਉਨ੍ਹਾਂ ਦੋਹਾਂ ਵਿੱਚੋਂ ਜਿਨ੍ਹਾਂ ਨੇ ਯੂਹੰਨਾ ਦੀ ਗੱਲ ਸੁਣੀ ਅਤੇ ਯਿਸੂ ਦੇ ਮਗਰ ਹੋ ਤੁਰ
ਇੱਕ  ਮਊਣ ਪਤਰਸ ਦਾ ਭਰਾ ਅ ਦ੍ਰਿਯਾਸ ਸੀ। [41] ਉਸ ਨੇ ਆਪਣੇ ਸਕੇ ਭਰਾ

ਮਊਨ ਨੂੰ ਪਹਿਲਾਂ ਲੱਭ ਕੇ ਉਹ ਨੂੰ ਕਿਹਾ ਕਿ ਅਸਾਂ ਮਸੀਹ ਨੂੰ ਅਰਥਾਤ
ਖ੍ਰਿਸਟੁਸ ਨੂੰ ਲੱਭ ਲਿਆ ਹੈ। 42 ਉਹ ਉਸ ਨੂੰ ਯਿਸੂ ਕੋਲ ਲਿਆਇਆ ਅਤੇ ਯਿਸੂ
ਨੇ ਉਸ ਉੱਤੇ ਦ੍ਰਿ ਟ ਕਰ ਕੇ ਕਿਹਾ ਜੋ ਤੂੰ ਯੂਹੰਨਾ ਦਾ ਪੁੱਤ੍ਰ ਮਾਊਨ ਹੈ, ਤੂੰ ਕੇਫਾਸ
ਅਰਥਾਤ ਪਤਰਸ ਸਦਾਵੇਂਗਾ।



ਪ੍ਰਭੂ ਯਿਸੂ ਫਿਲਿੱਪੁਸ ਅਤੇ ਨਥਾਨੀਏਲ ਨੂੰ ਸੱਦਦੇ ਹਨ।
[43] ਅਗਲੇ ਭਲਕ ਯਿਸੂ ਨੇ ਚਾਹਿਆ ਜੋ ਉੱਥੋਂ ਨਿੱਕਲ ਕੇ ਗਲੀਲ
ਵਿੱਚ ਜਾਵੇ। ਤਾਂ ਫਿਲਿੱਪੁਸ ਨੂੰ ਲੱਭ ਕੇ ਉਹ ਨੂੰ ਆਖਿਆ ਭਈ ਮੇਰੇ ਪਿੱਛੇ ਹੋ
ਤੁਰ [44] ਅਤੇ ਫਿਲਿੱਪੁਸ ਬੈਤਸੈਦੇ ਦਾ ਸੀ ਜੋ ਅ ਦ੍ਰਿਯਾਸ ਅਰ ਪਤਰਸ ਦਾ ਨਗਰ
ਹੈ। [48] ਫਿਲਿੱਪੁਸ ਨੇ ਨਥਾਨੀਏਲ ਨੂੰ ਲੱਭ ਕੇ ਉਹ ਨੂੰ ਆਖਿਆ ਕਿ ਜਿਹ ਦੇ ਵਿਖੇ
ਮੂਸਾ ਨੇ ਤੁਰੇਤ ਵਿੱਚ ਅਤੇ ਨਬੀਆਂ ਨੇ ਲਿਖਿਆ ਸੋ ਸਾਨੂੰ ਲੱਭ ਪਿਆ ਹੈ, ਉਹ
ਯੂਸਫ ਦਾ ਪੁੱਤ੍ ਯਿਸੂ ਨਾਸਰਤ ਦਾ ਹੈ। [46] ਤਾਂ ਨਥਾਨੀਏਲ ਨੇ ਉਸ ਨੂੰ ਆਖਿਆ,
ਭਲਾ ਨਾਸਰਤ ਵਿੱਚੋਂ ਕੋਈ ਉੱਤਮ ਵਸਤੂ ਨਿੱਕਲ ਸੱਕਦੀ ਹੈ? ਫਿਲਿਪੁੱਸ ਨੇ
ਉਹ ਨੂੰ ਆਖਿਆ, ਆ ਤੇ ਵੇਖ। [47] ਯਿਸੂ ਨੇ ਨਥਾਨੀਏਲ ਨੂੰ ਆਪਣੀ ਵੱਲ
ਆਉਂਦਾ ਵੇਖ ਕੇ ਉਹ ਦੇ ਵਿਖੇ ਆਖਿਆ, ਵੇਖੋ ਸੱਚਾ ਇਸਰਾਏਲੀ ਜਿਹ ਦੇ
ਵਿੱਚ ਛੱਲ ਨਹੀਂ ਹੈ। [48] ਨਥਾਨੀਏਲ ਨੇ ਉਸ ਨੂੰ ਆਖਿਆ, ਤੁਸੀਂ ਮੈਨੂੰ ਕਿੱਥੋਂ
ਜਾਣਦੇ ਹੋ? ਯਿਸੂ ਨੇ ਉਹ ਨੂੰ ਉੱਤਰ ਦਿੱਤਾ ਭਈ ਉਸ ਤੋਂ ਪਹਿਲਾਂ ਜੋ ਫਿਲਿੱਪੁਸ
ਨੇ ਤੈਨੂੰ ਸੱਦਿਆ ਜਾਂ ਤੂੰ ਹ ੀਰ ਦੇ ਬਿਰਛ ਹੇਠ ਸੈਂ, ਮੈਂ ਤੈਨੂੰ ਡਿੱਠਾ। [49]
ਨਥਾਨੀਏਲ ਨੇ ਉਸ ਨੂੰ ਉੱਤਰ ਦਿੱਤਾ, ਸੁਆਮੀ ਜੀ ਤੁਸੀਂ ਪਰਮੇ ਰ ਦੇ ਪੁੱਤਰ ਹੋ,
ਤੁਸੀਂ ਇਸਰਾਏਲ ਦੇ ਪਾਤ ਾਹ ਹੋ! [5•] ਯਿਸੂ ਨੇ ਉਹ ਨੂੰ ਉੱਤਰ ਦਿੱਤਾ, ਕੀ ਤੂੰ
ਇਸ ਲਈ ਨਿਹਚਾ ਕਰਦਾ ਹੈ ਜੋਂ ਮੈਂ ਤੈਨੂੰ ਕਿਹਾ ਕਿ ਹੰਜੀਰ ਦੇ ਬਿਰਛ ਹੇਠ ਮੈਂ
ਤੈਨੂੰ ਵੇਖਿਆ? ਤੂੰ ਇਨ੍ਹਾਂ ਨਾਲੋਂ ਵੱਡੀਆਂ ਗੱਲਾ ਵੇਖੇਂਗਾਂ! [51] ਫੇਰ ਉਸ ਨੂੰ ਆ-
ਖਿਆ, ਮੈਂ ਤੁਹਾਨੂੰ ਸੱਚ ਸੱਚ ਆਖਦਾ ਹਾਂ ਜੋ ਤੁਸੀਂ ਅਕਾ  ਨੂੰ ਖੁੱਲ੍ਹਾ ਅਤੇ
ਪਰਮੇ ਰ ਦੇ ਦੂਤਾਂ ਨੂੰ ਮਨੁੱਖ ਦੇ ਪੁੱਤਰ ਉੱਤੇ ਚੜ੍ਹਦੇ ਅਤੇ ਉੱਤਰਦੇ ਵੇਖੋਗੇ।
ਪ੍ਰਭੂ ਯਿਸੂ ਪਾਣੀ ਨੂੰ ਮੈ ਬਣਾਉਂਦੇ ਹਨ

# 2

ਤੀਏ ਦਿਨ ਗਲੀਲ ਦੇ ਕਾਨਾ ਵਿੱਚ ਇਕ ਵਿਆਹ ਹੋਇਆ ਅਤੇ ਯਿਸੂ
ਦੀ ਮਾਤਾ ਉੱਥੇ ਸੀ। [2] ਯਿਸੂ ਅਰ ਉਹ ਦੇ ਚੇਲੇ ਵੀ ਵਿਆਹ ਵਿੱਚ ਬੁਲਾਏ ਗਏ [3]
ਜਾਂ ਮੈਂ ਮੁੱਕ ਗਈ ਤਾਂ ਯਿਸੂ ਦੀ ਮਾਤਾ ਨੇ ਉਸ ਨੂੰ ਆਖਿਆ ਕਿ ਉਨ੍ਹਾਂ ਕੋਲ ਮੈ
ਨਾ ਰਹੀ। [4] ਯਿਸੂ ਨੇ ਉਹ ਨੂੰ ਆਖਿਆ, ਬੀਬੀ ਜੀ, ਮੈਨੂੰ ਤੈਨੂੰ ਕੀ? ਮੇਰਾ ਸਮਾਂ
ਅਜੇ ਨਹੀਂ ਆਇਆ। ਉਸ ਦੀ ਮਾਤਾ ਨੇ ਟਹਿਲੂਆਂ ਨੂੰ ਆਖਿਆ, ਜੋ ਕੁਝ ਉਹ
ਤੁਹਾਨੂੰ ਕਹੇ ਸੋ ਕਰੋ [6] ਅਤੇ ਯਹੂਦੀਆਂ ਦੇ_ ੱਧ ਕਰਨ ਦੀ ਰੀਤ ਅਨੁਸਾਰ ਪੱਥਰ ਦੇ
ਛੇ ਮੱਟ ਉੱਥੇ ਧਰੇ ਹੋਏ ਸਨ ਜੋ ਹਰੇਕ ਵਿੱਚ ਦੋ ਯਾ ਤਿੰਨ ਮਣ ਜਲ ਪੈਂਦਾ ਸੀ। [7]
ਯਿਸੂ ਨੇ ਉਨ੍ਹਾਂ ਨੂੰ ਆਖਿਆ, ਮੱਟਾਂ ਵਿੱਚ ਜਲ ਭਰੋ। ਸੋ ਉਨ੍ਹਾਂ ਨੇ ਮੱਟ ਨੱਕੋ ਨੱਕ

ਭਰ ਦਿੱਤੇ। 8 ਫੇਰ ਉਸ ਨੇ ਉਨ੍ਹਾਂ ਨੂੰ ਆਖਿਆ, ਹੁਣ ਕੱਢੋ ਅਤੇ ਸਭਾ ਦੇ ਪਰਧਾਨ
ਕੋਲ ਲੈ ਜਾਓ। ਸੋ ਓਹ ਲੈ ਗਏ। 9 ਜਾਂ ਸਭਾ ਦੇ ਪਰਧਾਨ ਨੇ ਉਹ ਜਲ ਜਿਹੜਾ ਮੈ
ਬਣ ਗਿਆ ਸੀ ਚੱਖਿਆ ਅਰ ਨਾ ਜਾਤਾ ਜੋ ਇਹ ਕਿੱਥੋਂ ਹੈ ਪਰ ਟਹਿਲੂਏ ਜਿਨ੍ਹਾਂ
ਨੇ ਉਹ ਜਲ ਜਿਹੜਾ ਮੈ ਬਣ ਗਿਆ ਸੀ ਚੱਖਿਆ ਅਤੇ ਨਾ ਜਾਤਾ ਜੋ ਇਹ ਕਿੱਥੋਂ
ਹੈ ਪਰ ਟਹਿਲੂਏ ਜਿਨ੍ਹਾਂ ਨੇ ਉਹ ਜਲ ਕੱਢਿਆ ਸੀ ਜਾਣਦੇ ਸਨ ਤਾਂ ਸਭਾ ਦੇ
ਪਰਧਾਨ ਨੇ ਲਾੜੇ ਨੂੰ ਸੱਦ ਕੇ 10 ਉਹ ਨੂੰ ਆਖਿਆ, ਹਰੇਕ ਮਨੁੱਖ ਪਹਿਲਾਂ
ਅੱਛੀ ਮੈਂ ਦਿੰਦਾ ਹੈ ਅਤੇ ਜਾਂ ਬਹੁਤ ਪੀ ਚੁੱਕੇ ਤਾਂ ਮਗਰੋਂ ਮਾੜੀ, ਪਰ ਤੈਂ ਅੱਛੀ ਮੈ
ਹੁਣ ਤੀਕਰ ਰੱਖ ਛੱਡੀ ਹੈ! 11 ਇਹ ਨਿ ਾਨਾਂ ਦਾ ਅਰੰਭ ਸੀ ਜਿਹੜਾ ਯਿਸੂ ਨੇ
ਗਲੀਲ ਦੇ ਕਾਨਾ ਵਿੱਚ ਵਿਖਾ ਕੇ ਆਪਣਾ ਤੇਜ ਪਰਗਟ ਕੀਤਾ, ਅਰ ਉਹ ਦੇ
ਚਲਿਆਂ ਨੇ ਉਸ ਉੱਤੇ ਨਿਹਚਾ ਕੀਤੀ।

## ਹੈਕਲ ਦਾ ਪਾਕ ਸਾਫ ਕਰਨਾ

12 ਇਹ ਦੇ ਪਿੱਛੋਂ ਉਹ, ਉਸ ਦੀ ਮਾਤਾ, ਉਸ ਦੇ ਭਰਾ ਅਤੇ ਉਸ ਦੇ
ਚੇਲੇ ਕੰਰਨਾਹੂਮ ਨੂੰ ਗਏ ਅਤੇ ਉੱਥੇ ਕੁਝ ਦਿਨ ਟਿਕੇ।
13 ਯਹੂਦੀਆਂ ਦਾ ਪਸਾਹ ਦਾ ਤਿਉਹਾਰ ਨੇੜੇ ਸੀ ਤਾਂ ਯਿਸੂ ਯਰੂ ਲਮ ਨੂੰ
ਗਿਆ। 14 ਅਤੇ ਉਸ ਨੇ ਹੈਕਲ ਵਿੱਚ ਡੰਗਰਾਂ ਅਤੇ ਭੇਡਾਂ ਅਤੇ ਕਬੂਤਰਾਂ ਦੇ
ਵੇਚਣ ਵਾਲਿਆਂ ਅਰ ਸਰਾਫਾਂ ਨੂੰ ਬੈਠੇ ਵੇਖਿਆ। 15 ਉਪਰੰਤ ਉਸ ਨੇ ਰੱਸੀ ਦਾ
ਕੋਰੜਾ ਬਣਾ ਕੇ ਸਭਨਾਂ ਨੂੰ ਹੈਕਲੋਂ ਬਾਹਰ ਕੱਢ ਦਿੱਤਾ, ਨਾਲੇ ਭੇਡਾਂ, ਨਾਲੇ
ਡੰਗਰ ਅਤੇ ਸਰਾਫਾਂ ਦੀ ਰੋਕੜ ਖਿ ਡਾ ਦਿੱਤੀ ਅਤੇ ਤੱਖਤਪੋ ਉਲਟਾ ਸੁੱਟੇ। 16
ਅਤੇ ਕਬੂਤਰ ਵੇਚਣ ਵਾਲਿਆਂ ਨੂੰ ਆਖਿਆ, ਇਨ੍ਹਾਂ ਚੀ ਾਂ ਨੂੰ ਐਥੋਂ ਲੈ ਜਾਓ!
ਮੇਰੇ ਪਿਤਾ ਦੇ ਘਰ ਨੂੰ ਬੁਪਾਰ ਦੀ ਮ ਡੀ ਨਾ ਬਣਾਓ। 17 ਅਰ ਉਹ ਦੇ ਚੇਲਿਆਂ ਨੂੰ
ਚੇਤੇ ਆਇਆ ਜੋ ਇਉਂ ਲਿਖਿਆ ਹੋਇਆ ਹੈ ਕਿ ਤੇਰੇ ਘਰ ਦੀ ਗੈਰਤ ਮੈਨੂੰ ਖਾ
ਜਾਵੇਗੀ। 18 ਉਪਰੰਤ ਯਹੂਦੀਆਂ ਨੇ ਅੱਗੋਂ ਉਸ ਨੂੰ ਆਖਿਆ, ਤੂੰ ਕਿਹੜਾ ਨਿ ਾਨ
ਸਾਨੂੰ ਵਿਖਾਲਦਾ ਹੈਂ ਜੋ ਏਹ ਕੰਮ ਕਰਦਾ ਹੈਂ? 19 ਯਿਸੂ ਨੇ ਉਨ੍ਹਾਂ ਨੂੰ ਉੱਤਰ
ਦਿੱਤਾ, ਇਸ ਹੈਕਲ ਨੂੰ ਢਾਹ ਸੁੱਟੋ ਤਾਂ ਮੈਂ ਤਿੰਨਾਂ ਦਿਨਾਂ ਵਿੱਚ ਇਹ ਨੂੰ ਖੜਾ ਕਰ
ਦਿਆਂਗਾ। 20 ਤਦ ਯਹੂਦੀਆਂ ਨੇ ਕਿਹਾ, ਛਿਤਾਹਲੀਆਂ ਵਰਿਹਾਂ ਵਿੱਚ ਇਹ
ਹੈਕਲ ਬਣੀ ਸੀ, ਫੇਰ ਕੀ ਤੂੰ ਇਹ ਨੂੰ ਤਿੰਨਾਂ ਦਿਨਾਂ ਵਿੱਚ ਖੜਾ ਕਰੇਂਗਾ? 21 ਪਰ
ਉਸ ਨੇ ਆਪਣੇ ਸਰੀਰ ਦੀ ਹੈਕਲ ਦੀ ਗੱਲ ਕਹੀ ਸੀ। 22 ਸੋ ਜਾਂ ਉਹ ਮੁਰਦਿਆਂ
ਵਿੱਚੋਂ ਜੀ ਉਠਿਆ ਤਾਂ ਉਸ ਦੇ ਚਲਿਆਂ ਨੂੰ ਚੇਤੇ ਆਇਆ ਜੋ ਉਸ ਨੇ ਕਿਹਾ ਸੀ
ਅਤੇ ਉਨ੍ਹਾਂ ਨੇ ਉਸ ਲਿਖਤ ਦੀ ਅਤੇ ਉਸ ਬਰਨ ਦੀ ਜੋ ਯਿਸੂ ਨੇ ਕਿਹਾ ਸੀ
ਪਰਤੀਤ ਕੀਤੀ।
23 ਜਾਂ ਉਹ ਪਸਾਹ ਦੇ ਤਿਉਹਾਰ ਦੇ ਵੇਲੇ ਯਰੂ ਲਮ ਵਿੱਚ ਸੀ ਤਾਂ ਬਹੁਤ



ਲੋਕਾਂ ਨੇ ਉਨ੍ਹਾਂ ਨਿ ਾਨਾਂ ਨੂੰ ਜਿਹੜੇ ਉਸ ਨੇ ਵਿਖਾਏ ਸਨ ਵੇਖ ਕੇ ਉਹ ਦੇ ਨਾਮ
ਉੱਤੇ ਨਿਹਚਾ ਕੀਤੀ। 24 ਪਰ ਯਿਸੂ ਨੇ ਆਪ ਨੂੰ ਉਨ੍ਹਾਂ ਦੇ ਹੱਥ ਵਿੱਚ ਨਾ
ਸ ੌਂਪਿਆ ਇਸ ਲਈ ਜੋ ਉਹ ਸਭਨਾ ਨੂੰ ਜਾਣਦਾ ਸੀ। 25 ਅਤੇ ਉਹ ਨੂੰ ਇਹ ਲੋੜ
ਨਹੀ ਸੀ ਕਿ ਮਨੁੱਖ ਦੇ ਵਿਖੇ ਕੋਈ ਸਾਖੀ ਦੇਵੇ ਕਿਉਂਕਿ ਉਹ ਆਪੇ ਜਾਣਦਾ ਸੀ
ਭਈ ਮਨੁੱਖ ਦੇ ਅ ਦਰ ਕੀ ਹੈ

# 3

ਪ੍ਰਭੂ ਯਿਸੂ ਨਿਕੁਦੇਮੁਸ ਨੂੰ ਸਿੱਖਿਆ ਦਿੰਦੇ ਹਨ।

ਫਰੀਸੀਆਂ ਵਿੱਚੋਂ ਨਿਕੁਦੇਮੁਸ ਨਾਉਂ ਦਾ ਇੱਕ ਮਨੁੱਖ ਯਹੂਦੀਆਂ ਦਾ
ਇੱਕ ਸਰਦਾਰ ਸੀ। 2 ਉਹ ਰਾਤ ਨੂੰ ਯਿਸੂ ਦੇ ਕੋਲ ਆਇਆ ਅਤੇ ਉਸ ਨੂੰ ਆ-
ਖਿਆ, ਸੁਆਮੀ ਜੀ ਅਸੀਂ ਜਾਣਦੇ ਹਾਂ ਜੋ ਤੁਸੀਂ ਗੁਰੂ ਹੋ ਕੇ ਪਰਮੇ ਰ ਦੀ ਵੱਲੋਂ
ਆਏ ਹੋ ਕਿਉਂਕਿ ਏਹ ਨਿ ਾਨ ਜਿਹੜੇ ਤੁਸੀਂ ਵਿਖਾਲਦੇ ਹੋ ਕੋਈ ਭੀ ਨਹੀਂ ਵਿਖਾ
ਸਕਦਾ ਜੇ ਪਰਮੇ ਰ ਉਹ ਦੇ ਨਾਲ ਨਾ ਹੋਵੇ। 3 ਯਿਸੂ ਨੇ ਉਹ ਨੂੰ ਉੱਤਰ ਦਿੱਤਾ, ਮੈਂ



ਤੈਨੂੰ ਸੱਚ-ਸੱਚ ਆਖਦਾ ਹਾਂ ਕਿ ਕੋਈ ਮਨੁੱਖ ਜੇਕਰ ਨਵੇਂ ਸਿਰਿਓਂ ਨਾ ਜੰਮੇ
ਪਰਮੇ ਰ ਦੇ ਰਾਜ ਨੂੰ ਨਹੀਂ ਵੇਖ ਸਕਦਾ। 4 ਨਿਕੁਦੇਮੁਸ ਨੇ ਉਸ ਨੂੰ ਆਖਿਆ,
ਮਨੁੱਖ ਜਾਂ ਬੁੱਢਾ ਹੋ ਗਿਆ ਤਾਂ ਕਿੱਕੁਰ ਜੰਮ ਸਕਦਾ ਹੈ? ਕੀ ਇਹ ਹੋ ਸਕਦਾ ਹੈ
ਜੋ ਉਹ ਆਪਣੀ ਮਾਂ ਦੀ ਕੁੱਖ ਵਿੱਚ ਦੂਈ ਵਾਰ ਜਾਵੇ ਅਤੇ ਜੰਮੇ? 5 ਯਿਸੂ ਨੇ
ਉੱਤਰ ਦਿੱਤਾ, ਮੈਂ ਤੈਨੂੰ ਸੱਚ-ਸੱਚ ਆਖਦਾ ਹਾਂ ਕਿ ਕੋਈ ਮਨੁੱਖ ਜੇਕਰ ਜਲ ਅਰ
ਆਤਮਾ ਤੋਂ ਨਾ ਜੰਮੇ ਤਾਂ ਪਰਮੇ ਰ ਦੇ ਰਾਜ ਵਿੱਚ ਵੜ ਨਹੀਂ ਸਕਦਾ। 6 ਜਿਹੜਾ
ਸਰੀਰ ਤੋਂ ਜੰਮਿਆ ਉਹ ਸਰੀਰ ਅਤੇ ਜਿਹੜਾ ਆਤਮਾ ਤੋਂ ਜੰਮਿਆ ਉਹ ਆਤਮਾ
ਹੈ। 7 ਅਚਰਜ ਨਾ ਮ ਨੀ ਜੋ ਮੈਂ ਤੈਨੂੰ ਆਖਿਆ ਕਿ ਤੁਹਾਨੂੰ ਨਵੇਂ ਸਿਰੇ ਜੰਮਣਾ
ਜਰੂਰ ਹੈ। 8 ਪ'ਣ ਜਿੱਧਰ ਚਾਹੁੰਦੀ ਹੈ ਵਗਦੀ ਹੈ ਅਤੇ ਤੂੰ ਉਹ ਦੀ ਆਵਾ  ਸੁਣਦਾ
ਹੈਂ ਪਰ ਇਹ ਨਹੀਂ ਜਾਣਦਾ ਜੋ ਉਹ ਕਿੱਧਰੋਂ ਆਈ ਅਤੇ ਕਿੱਧਰ ਨੂੰ ਜਾਂਦੀ ਹੈ।
ਹਰ ਕੋਈ ਜੋ ਆਤਮਾ ਤੋਂ ਜੰਮਿਆ ਸੋ ਇਹੋ ਜਿਹਾ ਹੈ। 9 ਨਿਕੁਦੇਮੁਸ ਨੇ ਉਸ ਨੂੰ
ਉੱਤਰ ਦਿੱਤਾ, ਏਹ ਗੱਲਾਂ ਕਿਕੁੱਰ ਹੋ ਸਕਦੀਆਂ ਹਨ? 10 ਯਿਸੂ ਨੇ ਉਹ ਨੂੰ
ਉੱਤਰ ਦਿੱਤਾ, ਕੀ ਤੂੰ ਇਸਰਾਏਲ ਦਾ ਗੁਰੂ ਹੋ ਕੇ ਏਹ ਗੱਲਾਂ ਨਹੀਂ ਸਮਝਦਾ? 11
ਮੈਂ ਤੈਨੂੰ ਸੱਚ-ਸੱਚ ਆਖਦਾ ਹਾਂ ਕਿ ਜਿਹੜੀ ਗੱਲ ਅਸੀਂ ਜਾਣਦੇ ਹਾਂ ਸੋਈ
ਕਹਿੰਦੇ ਹਾਂ ਅਤੇ ਜੋ ਅਸਾਂ ਵੇਖਿਆ ਹੈ ਉਸੇ ਦੀ ਸਾਖੀ ਦਿੰਦੇ ਹਾਂ ਅਰ ਤੁਸੀਂ ਸਾਡੀ
ਸਾਖੀ ਨਹੀਂ ਮ ਨਦੇ। 12 ਜਦ ਮੈਂ ਤੁਹਾਨੂੰ ਸੰਸਾਰੀ ਗੱਲਾਂ ਦੱਸੀਆਂ ਅਤੇ ਤੁਸਾਂ
ਪਰਤੀਤ ਨਾ ਕੀਤੀ ਫੇਰ ਜੋ ਮੈਂ ਤੁਹਾਨੂੰ ਸੁਰਗੀ ਗੱਲਾਂ ਦੱਸਾਂ ਤਾਂ ਤੁਸੀਂ ਕਿੱਕੁਰ
ਪਰਤੀਤ ਕਰੋਗੇ। 13 ਸੁਰਗ ਨੂੰ ਕੋਈ ਨਹੀਂ ਚੜ੍ਹਿਆ ਪਰ ਉਹ ਜਿਹੜਾ ਸੁਰਗ ਤੋਂ
ਉੱਤਰਿਆ ਅਰਥਾਤ ਮਨੁੱਖ ਦਾ ਪੁੱਤ੍ਰ। 14 ਜਿਸ ਤਰ੍ਹਾਂ ਮੂਸਾ ਨੇ ਉਜਾੜ ਵਿੱਚ ਸੱਪ
ਨੂੰ ਉੱਚਾ ਕੀਤਾ ਇਸੇ ਤਰ੍ਹਾਂ ਜਰੂਰ ਹੈ ਜੋ ਮਨੁੱਖ ਦਾ ਪੁੱਤ੍ਰ ਵੀ ਉੱਚਾ ਕੀਤਾ ਜਾਵੇ।
15 ਭਈ ਜੋ ਕੋਈ ਨਿਹਚਾ ਕਰੇ ਸੋ ਉਸ ਵਿੱਚ ਸਦੀਪਕ ਜੀਉਣ ਪ੍ਰਾਪਤ ਕਰੇ। 16
ਕਿਉਂਕਿ ਪਰਮੇ ਰ ਨੇ ਜਗਤ ਨੂੰ ਅਜਿਹਾ ਪਿਆਰ ਕੀਤਾ ਜੋ ਉਹ ਨੇ ਆਪਣਾ
ਇਕਲ'ਤਾ ਪੁੱਤ੍ਰ ਬਖ  ਦਿੱਤਾ ਤਾਂ ਜੋ ਹਰੇਕ ਜੋ ਉਸ ਉੱਤੇ ਨਿਹਚਾ ਕਰੇ ਨਾ  ਨਾ
ਹੋਵੇ ਪਰ ਸਦੀਪਕ ਜੀਉਣ ਪਾਵੇ। 17 ਪਰਮੇ ਰ ਨੇ ਪੁੱਤ੍ਰ ਨੂੰ ਜਗਤ ਵਿੱਚ ਇਸ
ਲਈ ਨਹੀਂ ਘੱਲਿਆ ਜੋ ਉਹ ਜਗਤ ਨੂੰ ਦੋ ੀ ਠਹਿਰਾਵੇ ਸਗੋਂ ਇਸ ਲਈ ਜੋ
ਜਗਤ ਉਹ ਦੇ ਰਾਹੀਂ ਬਚਾਇਆ ਜਾਵੇ। 18 ਜਿਹੜਾ ਉਸ ਉੱਤੇ ਨਿਹਚਾ ਕਰਦਾ
ਹੈ ਉਹ ਦੋ ੀ ਨਹੀਂ ਠਹਿਰਦਾ ਪਰ ਜਿਹੜਾ ਨਿਹਚਾ ਨਹੀਂ ਕਰਦਾ ਉਹ ਦੋ ੀ ਠਹਿਰ
ਚੁੱਕਿਆ ਕਿਉਂਕਿ ਉਸ ਨੇ ਪਰਮੇ ਰ ਦੇ ਇਕਲ'ਤੇ ਪੁੱਤ੍ਰ ਦੇ ਨਾਮ ਉੱਤੇ ਨਿਹਚਾ
ਨਹੀਂ ਕੀਤੀ ਹੈ। 19 ਅਤੇ ਦੋ ੀ ਠਹਿਰਨ ਦਾ ਇਹ ਕਾਰਨ ਹੈ ਕਿ ਚਾਨਣ ਜਗਤ
ਵਿੱਚ ਆਇਆ ਅਤੇ ਮਨੁੱਖਾਂ ਨੇ ਏਸ ਲਈ ਭਈ ਉਨ੍ਹਾਂ ਦੇ ਕੰਮ ਭੈੜੇ ਸਨ ਅਨ੍ਹੇਰੇ
ਨੂੰ ਚਾਨਣ ਨਾਲੋਂ ਵਧੀਕ ਪਿਆਰ ਕੀਤਾ। 20 ਹਰੇਕ ਜੋ ਮ ਦੇ ਕੰਮ ਕਰਦਾ ਹੈ ਸੋ
ਚਾਨਣ ਨਾਲ ਵੈਰ ਰੱਖਦਾ ਹੈ ਅਤੇ ਚਾਨਣ ਕੋਲ ਨਹੀਂ ਆਉਂਦਾ ਕਿਤੇ ਐਉਂ ਨਾ

ਹੋਵੇ ਜੋ ਉਹ ਦੇ ਕੰਮ ਾਹਰ ਹੋਣ। [21] ਪਰ ਜਿਹੜਾ ਸਤ ਕਰਦਾ ਹੈ ਉਹ ਚਾਨਣ
ਕੋਲ ਆਉਂਦਾ ਹੈ ਇਸ ਲਈ ਜੋ ਉਹ ਦੇ ਕੰਮ ਪਰਗਟ ਹੋਣ ਭਈ ਉਹ ਪਰਮੇ ਰ
ਵਿੱਚ ਕੀਤੇ ਹੋਏ ਹਨ।

ਯਹੂੰਨਾ ਬਪਤਿਸਮਾ ਦੇਣ ਵਾਲੇ ਦੀ ਪ੍ਰਭੂ ਯਿਸੂ ਬਾਰੇ ਗਵਾਹੀ

[22] ਇਹ ਦੇ ਪਿੱਛੋਂ ਯਿਸੂ ਅਤੇ ਉਹ ਦੇ ਚੇਲੇ ਯਹੂਦਿਯਾ ਦੇ ਦੇ ਵਿੱਚ
ਆਏ ਅਰ ਉਹ ਉੱਥੇ ਉਨ੍ਹਾਂ ਦੇ ਨਾਲ ਟਿਕਿਆ ਅਤੇ ਬਪਤਿਸਮਾ ਦਿੰਦਾ ਰਿਹਾ। [23]
ਯਹੂੰਨਾ ਵੀ ਸਲੀਮ ਦੇ ਨੇੜੇ ਐਨੋਨ ਵਿੱਚ ਬਪਤਿਮਾ ਦਿੰਦਾ ਸੀ ਕਿਉਂਕਿ ਉੱਥੇ
ਜਲ ਬਹੁਤ ਸੀ ਅਤੇ ਲੋਕ ਆਉਂਦੇ ਅਤੇ ਬਪਤਿਸਮਾ ਲੈਂਦੇ ਸਨ। [24] ਯੂਹੰਨਾ ਅਜੇ
ਤਾਂ ਕੈਦ ਵਿੱਚ ਨਹੀਂ ਸੁੱਟਿਆ ਗਿਆ ਸੀ। [25] ਤਦੋਂ ਯੂਹੰਨਾ ਦੇ ਚੇਲਿਆਂ ਦਾ ਕਿਸੇ
ਯਹੂਦੀ ਨਾਲ_ੱਧ ਅ੍ੱਧ ਹੋਣ ਦੇ ਵਿਖੇ ਵਾਦ ਹੋਇਆ। [26] ਅਤੇ ਉਨ੍ਹਾਂ ਨੇ ਯੂਹੰਨਾ
ਕੋਲ ਆਣ ਕੇ ਉਹ ਨੂੰ ਕਿਹਾ, ਸੁਆਮੀ ਜੀ ਜਿਹੜਾ ਯਰਦਨ ਦੇ ਪਾਰ ਤੇਰੇ ਨਾਲ
ਸੀ ਜਿਹ ਦੇ ਉੱਤੇ ਤੈਂ ਸਾਖੀ ਦਿੱਤੀ ਸੋ ਵੇਖ ਉਹ ਬਪਤਿਸਮਾ ਦਿੰਦਾ ਹੈ ਅਤੇ ਸਭ
ਲੋਕ ਉਹ ਦੇ ਕੋਲ ਅਉਂਦੇ ਹਨ। [27] ਯੂਹੰਨਾ ਨੇ ਉੱਤਰ ਦਿੱਤਾ ਕਿ ਮਨੁੱਖ ਜੋ ਉਹ
ਨੂੰ ਸੁਰਗੋਂ ਦਿੱਤਾ ਨਾ ਜਾਵੇ ਤਾਂ ਕੁੱਝ ਨਹੀਂ ਪਾ ਸਕਦਾ। [28] ਤੁਸੀਂ ਆਪ ਮੇਰੇ ਲਈ
ਸਾਖੀ ਦਿੰਦੇ ਹੋ ਜੋ ਮੈਂ ਆਖਿਆ ਕਿ ਮੈਂ ਮਸੀਹ ਨਹੀਂ ਪਰ ਉਹ ਦੇ ਅੱਗੇ ਭੇਜਿਆ
ਹੋਇਆ ਹਾਂ। [29] ਜਿਹਦੀ ਵਹੁਟੀ ਹੈ ਉਹੋ ਲਾੜਾ ਹੁੰਦਾ ਹੈ ਪਰ ਲਾੜੇ ਦਾ ਮਿੱਤਰ ਜੋ
ਖੜੋ ਕਿ ਉਹ ਦੀ ਸੁਣਦਾ ਹੈ ਲਾੜੇ ਦੀ ਆਵਾ ਨਾਲ ਵੱਡਾ ਆਨੰਦ ਹੁੰਦਾ ਹੈ ਸੋ
ਮੇਰਾ ਇਹ ਆਨੰਦ ਪੂਰਾ ਹੋਇਆ ਹੈ। [30] ਜ਼ਰੂਰ ਹੈ ਜੋ ਉਹ ਵਧੇ ਅਤੇ ਮੈਂ ਘਟਾਂ। [31]
ਜਿਹੜਾ ਉੱਪਰੋਂ ਆਉਂਦਾ ਹੈ ਉਹ ਸਭਨਾਂ ਤੋਂ ਉੱਪਰ ਹੈ। ਜਿਹੜਾ ਧਰਤੀਉਂ ਹੁੰਦਾ
ਹੈ ਉਹ ਧਰਤੀ ਹੀ ਦਾ ਹੈ ਅਤੇ ਧਰਤੀ ਦੀ ਬੋਲਦਾ ਹੈ। ਜਿਹੜਾ ਸੁਰਗੋਂ ਆਉਂਦਾ
ਹੈ ਉਹ ਸਭਨਾਂ ਤੋਂ ਉੱਪਰ ਹੈ। [32] ਜੋ ਕੁੱਝ ਉਹ ਨੇ ਵੇਖਿਆ ਅਤੇ ਸੁਣਿਆ ਹੈ ਉਹ
ਉਸ ਦੀ ਸਾਖੀ ਦਿੰਦਾ ਹੈ ਅਤੇ ਉਹ ਦੀ ਸਾਖੀ ਕੋਈ ਨਹੀਂ ਮ ਨਦਾ। [33] ਜਿਸ ਨੇ
ਉਹ ਦੀ ਸਾਖੀ ਮ ਨ ਲਈ ਉਸ ਨੇ ਮੋਹਰ ਕੀਤੀ ਹੈ ਜੋ ਪਰਮੇ ਰ ਸਤ ਹੈ। [34] ਜਿਹ
ਨੂੰ ਪਰਮੇ ਰ ਨੇ ਭੇਜਿਆ ਹੈ ਸੋ ਪਰਮੇ ਰ ਦੀਆਂ ਗੱਲਾਂ ਬੋਲਦਾ ਹੈ ਇਸ ਲਈ ਜੋ
ਉਹ ਆਤਮਾ ਮਿਣ ਕੇ ਨਹੀਂ ਦਿੰਦਾ। [35] ਪਿਤਾ ਪੁੱਤ੍ਰ ਨਾਲ ਪਿਆਰ ਕਰਦਾ ਹੈ
ਅਤੇ ਸੱਭੋ ਕੁੱਝ ਉਹ ਦੇ ਹੱਥ ਸੌਂਪ ਦਿੱਤਾ ਹੈ। [36] ਜਿਹੜਾ ਪੁੱਤ੍ਰ ਉੱਤੇ ਨਿਹਚਾ
ਕਰਦਾ ਹੈ ਸਦੀਪਕ ਜੀਉਣ ਉਸ ਦਾ ਹੈ ਪਰ ਜੋ ਪੁੱਤ੍ਰ ਨੂੰ ਨਹੀਂ ਮ ਨਦਾ ਸੋ ਜੀਉਣ
ਨਾ ਵੇਖੇਗਾ ਸਗੋਂ ਪਰਮੇ ਰ ਦਾ ਕ੍ਰੋਧ ਉਸ ਉੱਤੇ ਰਹਿੰਦਾ ਹੈ।

ਪ੍ਰਭੂ ਯਿ੍ਹ ਇੱਕ ਸਾਮਰੀ ਅੌਰਤ ਨਾਲ ਗਲ-ਬਾਤ ਕਰਦੇ ਹਨ।



# 4

ਉਪਰੰਤ ਜਾਂ ਪ੍ਰਭੂ ਨੇ ਜਾਣਿਆ ਜੋ ਫਰੀਸੀਆਂ ਨੇ ਇਹ ਸੁਣਿਆ ਹੈ ਕਿ
ਯਿਸੂ ਯੂਹੰਨਾ ਨਾਲੋਂ ਬਹੁਤੇ ਚੇਲੇ ਬਣਾਉਂਦਾ ਅਤੇ ਉਨ੍ਹਾਂ ਨੂੰ ਬਪਤਿਸਮਾ ਦਿੰਦਾ ਹੈ।
2 ਭਾਵੇਂ ਯਿਸੂ ਆਪੇ ਤਾਂ ਨਹੀਂ ਪਰ ਉਸ ਦੇ ਚੇਲੇ ਬਪਤਿਸਮਾ ਦਿੰਦੇ ਸਨ। 3 ਤਦੋਂ
ਉਹ ਯਹੂਦਿਯਾਂ ਨੂੰ ਛੱਡ ਕੇ ਫਿਰ ਗਲੀਲ ਵਿੱਚ ਗਿਆ। 4 ਅਤੇ ਉਸ ਨੂੰ
ਸਾਮਰੀਆਂ ਦੇ ਵਿੱਚੋਂ ਦੀ ਲੰਘਣਾ ਪਿਆ। 5 ਉਹ ਸੁਖਾਰ ਨਾਮੇ ਸਾਮਰੀਆ ਦੇ
ਇੱਕ ਨਗਰ ਦੇ ਕੋਲ ਆਇਆ ਜੋ ਉਸ ਮੀਨ ਦੇ ਨੇੜੇ ਸੀ ਜਿਹੜੀ ਯਾਕੂਬ ਨੇ
ਆਪਣੇ ਪੁੱਤ੍ਰ ਯੂਸਫ ਨੂੰ ਦਿੱਤੀ। 6 ਅਤੇ ਉੱਥੇ ਯਾਕੂਬ ਦਾ ਖੂਹ ਹੈਸੀ ਸੋ ਯਿਸੂ ਪੈਂਡੇ
ਤੋਂ ਥੱਕ ਕੇ ਉਸ ਖੂਹ ਉੱਤੇ ਐਵੇਂ ਬੈਠ ਗਿਆ। ਉਹ ਦੁਪਹਿਰਕੁ ਦਾ ਵੇਲਾ ਸੀ। 7
ਤਦ ਸਾਮਰੀਆਂ ਦੀ ਇੱਕ ਅ’ਰਤ ਪਾਣੀ ਭਰਨੇ ਆਈ। ਯਿ੍ ਨੇ ਉਹ ਨੂੰ ਆ-
ਖਿਆ, ਮੈਨੂੰ ਜਲ ਪਿਆ। 8 ਕਿਉਂ ਜੋ ਉਸ ਦੇ ਚੇਲੇ ਖਾਣ ਲਈ ਕੁੱਝ ਮੁੱਲ
ਲਿਆਉਣ ਨੂੰ ਨਗਰ ਵਿੱਚ ਗਏ ਹੋਏ ਸਨ। 9 ਤਾਂ ਉਸ ਸਾਮਰੀ ਅ’ਰਤ ਨੇ ਉਹ ਨੂੰ
ਆਖਿਆ, ਭਲਾ, ਤੂੰ ਯਹੂਦੀ ਹੋ ਕੇ ਮੇਰੇ ਕੋਲੋਂ ਜੋ ਸਾਮਰੀ ਤੀਵੀਂ ਹਾਂ ਪੀਣ ਨੂੰ
ਕਿਵੇਂ ਮ ਗਦਾ ਹੈ? ਕਿਉਂ ਜੋ ਯਹੂਦੀ ਸਾਮਰੀਆਂ ਨਾਲ ਨਹੀਂ ਵਰਤਦੇ। 10 ਯਿਸੂ ਨੇ
ਉਹ ਨੂੰ ਉੱਤਰ ਦਿੱਤਾ, ਜੇ ਤੂੰ ਪਰਮੇ ਰ ਦੀ ਬਖਸ਼ਿ ਨੂੰ ਜਾਣਦੀ ਅਤੇ ਇਹ ਕਿ ਉਹ
ਕ’ਣ ਹੈ ਜੋ ਤੈਨੂੰ ਆਖਦਾ ਹੈ ਭਈ ਮੈਨੂੰ ਜਲ ਪਿਆ ਤਾਂ ਤੂੰ ਉਸ ਕੋਲੋਂ ਮ ਗਦੀ
ਅਤੇ ਉਹ ਤੈਨੂੰ ਅ ਮ੍ਰਿਤ ਜਲ ਦਿੰਦਾ। 11 ਅ’ਰਤ ਨੇ ਉਸ ਨੂੰ ਆਖਿਆ,
ਮਹਾਰਾਜ, ਤੇਰੇ ਕੋਲ ਕੋਈ ਡੋਲ ਭੀ ਨਹੀਂ ਹੈ ਅਤੇ ਨਾਲੇ ਖੂਹ ਭੀ ਡੂੰਘਾ ਹੈ ਫੇਰ
ਅ ਮ੍ਰਿਤ ਜਲ ਤੈਨੂੰ ਕਿੱਥੋਂ ਮਿਲਿਆ ਹੈ? 12 ਭਲਾ, ਤੂੰ ਸਾਡੇ ਪਿਤਾ ਯਾਕੂਬ ਤੋਂ
ਵੱਡਾ ਹੈ ਜਿਹ ਨੇ ਸਾਨੂੰ ਇਹ ਖੂਹ ਦਿੱਤਾ ਅਤੇ ਉਹ ਨੇ ਆਪ, ਨਾਲੇ ਉਹ ਦੇ
ਪੁੱਤ੍ਰਾਂ ਅਤੇ ਉਹ ਦੇ ਪ ੂ ਆਂ ਨੇ ਇਸ ਵਿੱਚੋਂ ਪੀਤਾ? 13 ਯਿਸੂ ਨੇ ਉਹ ਨੂੰ ਉੱਤਰ
ਦਿੱਤਾ ਕਿ ਹਰੇਕ ਜੋ ਇਹ ਜਲ ਪੀਂਦਾ ਹੈ ਸੋ ਫੇਰ ਤਿਹਾਇਆ ਹੋਵੇਗਾ। 14 ਪਰ ਜੋ
ਕੋਈ ਮੇਰਾ ਦਿੱਤਾ ਹੋਇਆ ਜਲ ਪੀਵੇਗਾ ਸੋ ਸਦੀਪਕਾਲ ਤੀਕੁਰ ਕਦੇ ਤਿਹਾ-
ਇਆ ਨਾ ਹੋਵੇਗਾ ਬਲਕਿ ਉਹ ਜਲ ਜੋ ਮੈਂ ਉਹ ਨੂੰ ਦਿਆਂਗਾ ਉਹ ਦੇ ਵਿੱਚ ਜਲ
ਦਾ ਇੱਕ ਸੋਮਾ ਬਣ ਜਾਵੇਗਾ ਜੋ ਅਨੰਤ ਜੀਉਣ ਤੀਕੁਰ ਉੱਛਲਦਾ ਰਹੇਗਾ। 15
ਅ’ਰਤ ਨੇ ਉਸ ਨੂੰ ਆਖਿਆ, ਮਹਾਰਾਜ, ਇਹ ਜਲ ਮੈਨੂੰ ਦਿਓ ਜੋ ਮੈਂ ਤਿਹਾਈ
ਨਾ ਹੋਵਾਂ, ਨਾ ਐਥੇ ਤਾਈਂ ਭਰਨ ਨੂੰ ਆਇਆ ਕਰਾਂ। 16 ਯਿਸੂ ਨੇ ਉਹ ਨੂੰ ਆ-
ਖਿਆ, ਜਾਹ ਆਪਣੇ ਪਤੀ ਨੂੰ ਐਥੇ ਸੱਦ ਲਿਆ।

17 ਅ’ਰਤ ਨੇ ਉਸ ਨੂੰ ਉੱਤਰ ਦਿੱਤਾ ਕਿ ਮੇਰਾ ਪਤੀ ਹੈ ਨਹੀ। ਯਿਸੂ ਨੇ
ਉਹ ਨੂੰ ਆਖਿਆ, ਤੈਂ ਠੀਕ ਆਖਿਆ ਜੋ ਮੇਰਾ ਪਤੀ ਹੈ ਨਹੀਂ। 18 ਕਿਉਂਕਿ ਤੂੰ
ਪ ਜ ਕਰ ਚੁੱਕੀ ਹੈਂ ਅਤੇ ਜਿਹੜਾ ਹੁਣ ਤੇਰੇ ਕੋਲ ਹੈ ਸੋ ਤੇਰਾ ਪਤੀ ਨਹੀ, ਤੈਂ ਇਹ

ਸਤ ਆਖਿਆ। 19 ਅ’ਰਤ ਨੇ ਉਸ ਨੂੰ ਕਿਹਾ, ਪ੍ਰਭੂ ਜੀ ਮੈਨੂੰ ਸੁੱਝਦਾ ਹੈ ਜੋ ਤੁਸੀਂ
ਨਬੀ ਹੋ। 20 ਸਾਡੇ ਪਿਓ ਦਾਦਿਆ ਨੇ ਇਸ ਪਰਬਤ ਉੱਤੇ ਭਗਤੀ ਕੀਤੀ ਅਤੇ
ਤੁਸੀਂ ਲੋਕ ਆਖਦੇ ਹੋ ਜੋ ਉਹ ਅਸਥਾਨ ਯਰੂ ਲਮ ਵਿੱਚ ਹੈ ਜਿੱਥੇ ਭਗਤੀ ਕਰਨੀ
ਚਾਹੀਦੀ ਹੈ। 21 ਯਿਸੂ ਨੇ ਉਹ ਨੂੰ ਆਖਿਆ, ਹੇ ਬੀਬੀ, ਤੂੰ ਮੇਰੀ ਪਰਤੀਤ ਕਰ ਕਿ
ਉਹ ਸਮਾਂ ਆਉਂਦਾ ਹੈ ਜਦ ਤੁਸੀਂ ਨਾਂ ਤਾਂ ਇਸ ਪਰਬਤ ਉੱਤੇ ਅਤੇ ਨਾ ਯਰੂ ਲਮ
ਵਿੱਚ ਪਿਤਾ ਦੀ ਭਗਤੀ ਕਰੋਗੇ। 22 ਤੁਸੀਂ ਜਿਹ ਨੂੰ ਨਹੀਂ ਜਾਣਦੇ ਉਹ ਦੀ
ਭਗਤੀ ਕਰਦੇ ਹੋ। ਅਸੀਂ ਉਹ ਦੀ ਭਗਤੀ ਕਰਦੇ ਹਾਂ ਜਿਸ ਨੂੰ ਜਾਣਦੇ ਹਾਂ ਇਸ
ਲਈ ਜੋ ਮੁਕਤੀ ਯਹੂਦੀਆਂ ਤੋਂ ਹੈ। 23 ਪਰ ਉਹ ਸਮਾਂ ਆਉਂਦਾ ਹੈ ਸਗੋਂ ਹੁਣੇ ਹੈ ਜੋ
ਸੱਚੇ ਭਗਤ ਆਤਮਾ ਅਰ ਸਚਿਆਈ ਨਾਲ ਪਿਤਾ ਦੀ ਭਗਤੀ ਕਰਨਗੇ ਕਿਉਂਕਿ
ਪਿਤਾ ਏਹੋ ਜਿਹੇ ਭਗਤਾਂ ਨੂੰ ਚਾਹੁੰਦਾ ਹੈ। 24 ਪਰਮੇ ਰ ਆਤਮਾ ਹੈ ਅਤੇ ਜੋ ਉਹ ਦੀ
ਭਗਤੀ ਕਰਦੇ ਹਨ ਉਨ੍ਹਾਂ ਨੂੰ ਚਾਹੀਦਾ ਹੈ ਭਈ ਆਤਮਾ ਅਤੇ ਸਚਿਆਈ ਨਾਲ
ਭਗਤੀ ਕਰਨ। 25 ਅ’ਰਤ ਨੇ ਉਸ ਨੂੰ ਆਖਿਆ, ਮੈਂ ਜਾਣਦੀ ਹਾਂ ਜੋ ਮਸੀਹ
ਆਉਂਦਾ ਹੈ ਜਿਹ ਨੂੰ ਖ੍ਰਿਸਟੁਸ ਕਰਕੇ ਸੱਦੀਦਾ ਹੈ। ਜਾਂ ਉਹ ਆਵੇਗਾ ਤਾਂ ਸੱਭੇ
ਕੁਝ ਦੱਸੂ। 29 ਯਿਸੂ ਨੇ ਉਹ ਨੂੰ ਆਖਿਆ, ਮੈਂ ਜੋ ਤੇਰੇ ਨਾਲ ਬੋਲਦਾ ਹਾਂ ਸੋ ਉਹੋ
ਹੀ ਹਾਂ।

ਚੇਲੇ ਪ੍ਰਭੂ ਕੋਲ ਵਾਪਿਸ ਆਉਂਦੇ ਹਨ।

27 ਇੰਨੇ ਨੂੰ ਉਸ ਦੇ ਚੇਲੇ ਆ ਗਏ ਅਤੇ ਅਚਰਜ ਮ ਨਿਆ ਜੋ ਉਹ
ਅ’ਰਤ ਨਾਲ ਗੱਲਾਂ ਕਰਦਾ ਹੈ ਤਾਂ ਵੀ ਕਿਨ੍ਹੇ ਨਾ ਆਖਿਆ ਭਈ ਤੂੰ ਕੀ ਮ ਗਦਾ
ਹੈਂ ਯਾ ਇਸ ਨਾਲ ਕਿਉਂ ਗੱਲਾ ਕਰਦਾ ਹੈਂ? 28 ਉਪਰੰਤ ਅ’ਰਤ ਆਪਣਾ ਘੜਾ
ਛੱਡ ਕੇ ਨਗਰ ਵਿੱਚ ਗਈ ਅਤੇ ਲੋਕਾਂ ਨੂੰ ਆਖਣ ਲੱਗੀ, 29 ਚਲੋ, ਇੱਕ ਮਨੁੱਖ
ਨੂੰ ਵੇਖੋ ਜਿਹ ਨੇ ਜੋ ਕੁੱਝ ਮੈਂ ਕੀਤਾ ਹੈ ਸਭ ਮੈਨੂੰ ਦਸ ਦਿੱਤਾ! ਇਹ ਕਿਤੇ ਮਸੀਹ
ਤਾਂ ਨਹੀਂ? 30 ਤਾਂ ਉਹ ਨਗਰੋਂ ਨਿਕਲ ਕੇ ਉਸ ਦੇ ਕੋਲ ਆਉਣ ਲੱਗੇ। 31 ਇੰਨੇ
ਨੂੰ ਚੇਲਿਆਂ ਨੇ ਇਹ ਕਹਿ ਕੇ ਉਸ ਦੇ ਅੱਗੇ ਅਰਜ ਕੀਤੀ ਕਿ ਸੁਆਮੀ ਜੀ, ਖਾਹ
ਲੈ। 32 ਪਰ ਉਸ ਉਨ੍ਹਾਂ ਨੂੰ ਆਖਿਆ, ਖਾਣ ਲਈ ਮੇਰੇ ਕੋਲ ਭੋਜਨ ਹੈ ਜਿਹ ਨੂੰ
ਤੁਸੀਂ ਨਹੀਂ ਜਾਣਦੇ। 33 ਯਿਸੂ ਨੇ ਉਨ੍ਹਾਂ ਨੂੰ ਆਖਿਆ, ਮੇਰਾ ਭੋਜਨ ਇਹੋ ਹੈ ਜੋ
ਆਪਣੇ ਭੋਜਣ ਵਾਲੇ ਦੀ ਮਰ ੀ ਉੱਤੇ ਚੱਲਾਂ ਅਰ ਉਹ ਦਾ ਕੰਮ ਸੰਪੂਰਨ ਕਰਾਂ। 35
ਕੀ ਤੁਸੀਂ ਨਹੀਂ ਆਖਦੇ ਕਿ ਅਜੇ ਚਾਰ ਮਹੀਨੇ ਹਨ ਤਦ ਵਾਢੀ ਹੋਵੇਗੀ? ਵੇਖੋ ਮੈਂ
ਤੁਹਾਨੂੰ ਆਖਦਾ ਹਾਂ ਜੋ ਆਪਣੀਆਂ ਅੱਖਾਂ ਚੁੱਕੋ ਅਤੇ ਪੈਲੀਆਂ ਨੂੰ ਵੇਖੋ ਜੋ ਉਹ
ਵਾਢੀ ਦੇ ਲਈ ਪੱਕ ਕੇ ਪੀਲੀਆਂ ਹੋ ਗਈਆਂ। 36 ਜਿਹੜਾ ਵੱਢਦਾ ਹੈ ਉਹ
ਮਜੂਰੀ ਲੈਂਦਾ ਅਤੇ ਸਦੀਪਕ ਜੀਉਣ ਲਈ ਫਲ ਇਕੱਠਾ ਕਰਦਾ ਤਾਂ ਬੀਜਣ
ਵਾਲਾ ਵੱਢਣ ਵਾਲਾ ਦੋਵੇਂ ਅਨੰਦ ਹੋਣ। 37 ਕਿਉਂ ਜੋ ਇਸ ਤੇ ਇਹ ਕਹਾਉਤ

ਠੀਕ ਫੱਬਦੀ ਹੈ ਕਿ ਬੀਜੇ ਕੋਈ ਅਤੇ ਵੱਢੇ ਕੋਈ। 38 ਜਿਹ ਦੇ ਵਿੱਚ ਤੁਸਾਂ
ਮਿਹਨਤ ਨਾ ਕੀਤੀ ਉਹ ਦੇ ਵੱਢਣ ਨੂੰ ਮੈਂ ਤੁਹਾਨੂੰ ਘੱਲਿਆ। ਹੋਰਨਾਂ ਨੇ ਮਿਹਨਤ
ਕੀਤੀ ਅਰ ਤੁਸੀਂ ਉਨ੍ਹਾਂ ਦੀ ਮਿਹਨਤ ਵਿੱਚ ਸਾਂਝੀ ਹੋਏ।

ਬਹੁਤ ਸਾਰੇ ਸਾਮਰੀ ਨਿਹਚਾ ਕਰਦੇ ਹਨ

39 ਉਸ ਨਗਰ ਦੇ ਸਾਮਰੀਆਂ ਵਿੱਚੋਂ ਬਹੁਤਿਆਂ ਨੇ ਉਸ ਔਰਤ ਦੇ
ਕਹਿਣੇ ਕਰਦੇ ਉਸ ਉੱਤੇ ਨਿਹਚਾ ਕੀਤੀ ਕਿ ਉਹ ਨੇ ਸਾਖੀ ਦਿੱਤੀ ਸੀ ਭਈ ਜੋ
ਕੁੱਝ ਮੈਂ ਕੀਤਾ ਹੈ ਉਸ ਨੇ ਸਭੋ ਮੈਨੂੰ ਦੱਸ ਦਿੱਤਾ। 40 ਸੋ ਉਨ੍ਹਾਂ ਸਾਮਰੀਆਂ ਨੇ ਜਾਂ
ਉਸ ਦੇ ਕੋਲ ਆਏ ਤਾਂ ਉਸ ਦੇ ਅੱਗੇ ਅਰ ਕੀਤੀ ਜੋ ਸਾਡੇ ਕੋਲ ਹੀ ਰਹੋ। ਫੇਰ
ਉਹ ਦੋ ਦਿਨ ਉੱਥੇ ਰਿਹਾ। 41 ਅਤੇ ਉਸ ਦੇ ਬਚਨ ਦੇ ਕਾਰਨ ਹੋਰ ਬਹੁਤਿਆਂ ਨੇ
ਨਿਹਚਾ ਕੀਤੀ। 42 ਅਤੇ ਉਸ ਔਰਤ ਨੂੰ ਕਿਹਾ, ਹੁਣ ਜੋ ਅਸੀਂ ਨਿਹਚਾ ਕਰਦੇ ਹਾਂ
ਸੋ ਤੇਰੇ ਕਹਿਣੇ ਕਰਕੇ ਨਹੀਂ ਕਿਉਂਕਿ ਅਸਾਂ ਆਪ ਸੁਣਿਆ ਹੈ ਅਤੇ ਜਾਣਦੇ ਹਾਂ
ਜੋ ਇਹ ਠੀਕ ਜਗਤ ਦਾ ਤਾਰਨਹਾਰਾ ਹੈ।

ਪ੍ਰਭੂ ਯਿਸੂ ਇੱਕ ਮੁਸਾਹਿਬ ਦੇ ਮੁ ਡੇ ਨੂੰ ਠੀਕ ਕਰਦੇ ਹਨ

43 ਇਨ੍ਹਾਂ ਦੋਹਾਂ ਦਿਨਾਂ ਦੇ ਪਿੱਛੋਂ ਉਹ ਉਥੋਂ ਗਲੀਲ ਨੂੰ ਚਲਿਆ
ਗਿਆ। 44 ਕਿਉਂਕਿ ਯਿਸੂ ਨੇ ਆਪ ਹੀ ਸਾਖੀ ਦਿੱਤੀ ਸੀ ਜੋ ਨਬੀ ਦਾ ਆਪਣੇ
ਦੇ ਵਿੱਚ ਆਦਰ ਨਹੀਂ ਹੁੰਦਾ। 45 ਸੋ ਜਦ ਉਹ ਗਲੀਲ ਵਿੱਚ ਆਇਆ ਗਲ-
ੀਲੀਆਂ ਨੇ ਉਸ ਨੂੰ ਕਬੂਲ ਕੀਤਾ ਕਿਉਂਕਿ ਸਭ ਕੁੱਝ ਜੋ ਉਸ ਨੇ ਯਰੂ ਲਮ ਵਿੱਚ
ਤਿਉਹਾਰ ਵੇਲੇ ਕੀਤਾ ਸੀ ਉਨ੍ਹਾਂ ਨੇ ਵੇਖਿਆ ਇਸ ਲਈ ਜੋ ਉਹ ਵੀ ਉਸ
ਤਿਉਹਾਰ ਨੂੰ ਗਏ ਸਨ।

ਪ੍ਰਭੂ ਯਿਸੂ ਇੱਕ ਮੁਸਾਹਿਬ ਦੇ ਮੁ ਡੇ ਨੂੰ ਠੀਕ ਕਰਦੇ ਹਨ

46 ਸੋ ਉਹ ਗਲੀਲ ਦੇ ਕਾਨਾ ਵਿੱਚ ਫੇਰ ਆਇਆ ਜਿੱਥੇ ਉਸ ਨੇ ਪਾਣੀ
ਦੀ ਮੈ ਬਣਾਈ ਸੀ ਅਤੇ ਇੱਕ ਮੁਸਾਹਿਬ ਸੀ ਜਿਹ ਦਾ ਪੁੱਤ੍ਰ ਕਫਰਨਾਹੂਮ ਵਿੱਚ
ਬਿਮਾਰ ਸੀ। 47 ਉਹ ਨੇ ਜਾਂ ਸੁਣਿਆ ਜੋ ਯਿਸੂ ਯਹੂਦਿਯਾ ਤੋਂ ਗਲੀਲ ਵਿੱਚ ਆ-
ਇਆ ਹੈ ਤਾਂ ਉਸ ਦੇ ਕੋਲ ਜਾ ਕੇ ਮਿ ਨਤ ਕੀਤੀ ਜੋ ਆਣ ਕੇ ਮੇਰੇ ਪੁੱਤ੍ਰ ਨੂੰ ਚੰਗਾ
ਕਰੋ ਕਿਉਂਕਿ ਉਹ ਮਰਨਾਉ ਸੀ। 48 ਤਦੋਂ ਯਿਸੂ ਨੇ ਉਹ ਨੂੰ ਆਖਿਆ, ਜੇ ਤੁਸੀਂ
ਨਿ ਾਨ ਅਤੇ ਅਚਰਜ ਕੰਮ ਨਾ ਵੇਖੋ ਤਾਂ ਪਰਤੀਤ ਕਦੀ ਨਾ ਕਰੋਗੇ । ਮੁਸਾਹਿਬ
ਨੇ ਉਸ ਨੂੰ ਆਖਿਆ, ਪ੍ਰਭੂ ਜੀ ਤੁਸੀਂ ਮੇਰੇ ਨੀਂਗਰ ਦੇ ਮਰਨ ਤੋਂ ਅੱਗੇ ਹੀ ਚੱਲੋ।
50 ਯਿਸੂ ਨੇ ਉਹ ਨੂੰ ਆਖਿਆ, ਜਾਹ ਤੇਰਾ ਪੁੱਤ੍ਰ ਜੀਊਂਦਾ ਹੈ। ਉਹ ਮਨੁੱਖ ਨੇ ਉਸ
ਬਚਨ ਦੀ ਜਿਹੜਾ ਯਿਸੂ ਨੇ ਉਹ ਨੂੰ ਆਖਿਆ ਸੀ ਪਰਤੀਤ ਕੀਤੀ ਅਤੇ ਚਲਿਆ
ਗਿਆ। 51 ਅਤੇ ਉਹ ਅਜੇ ਚੱਲਿਆ ਹੀ ਜਾਂਦਾ ਸੀ ਜੋ ਉਹ ਦੇ ਚਾਕਰ ਉਹ ਨੂੰ



ਆ ਮਿਲੇ ਅਤੇ ਕਿਹਾ ਭਈ ਤੇਰਾ ਬਾਲਕ ਜੀਉਂਦਾ ਹੈ। 52 ਸੋ ਉਹ ਨੇ ਉਨ੍ਹਾਂ ਤੋਂ
ਪੁੱਛਿਆ ਕਿ ਉਹ ਕਿਹੜਾ ਵੇਲਾ ਸੀ ਜਦੋਂ ਉਸ ਨੂੰ ਸੁਬਿਹਤਾ ਹੋਣ ਲੱਗਾ ਸੋ
ਉਨ੍ਹਾਂ ਉਹ ਨੂੰ ਆਖਿਆ, ਕੱਲ੍ਹ ਦੁਪਿਹਰ ਦੇ ਇੱਕ ਬਜੇ ਤੋਂ ਉਹ ਦਾ ਤਾਪ ਲਹਿ
ਗਿਆ! 53 ਤਦ ਪਿਉ ਨੇ ਜਾਣਿਆ ਕਿ ਇਹ ਉਹੋ ਘੜੀ ਹੈ ਜਿਹ ਦੇ ਵਿੱਚ ਯਿਸੂ
ਨੇ ਮੈਨੂੰ ਆਖਿਆ ਸੀ ਜੋ ਤੇਰਾ ਪੁੱਤ੍ਰ ਜੀਊਂਦਾ ਹੈ ਅਤੇ ਉਹ ਨੇ ਆਪ ਅਰ ਉਹ ਦੇ
ਸਾਰੇ ਟੱਬਰ ਨੇ ਨਿਹਚਾ ਕੀਤੀ। 54 ਇਹ ਦੂਜਾ ਨਿ ਾਨ ਸੀ ਜਿਹੜਾ ਯਿਸੂ ਨੇ
ਯਹੂਦਿਯਾ ਤੋਂ ਗਲੀਲ ਵਿੱਚ ਆਣ ਕੇ ਵਿਖਾਲਿਆ।

# 5

## ਤਾਲ ਕੰਢੇ ਉੱਤੇ ਇੱਕ ਰੋਗੀ ਦਾ ਠੀਕ ਹੋਣਾ

ਇਹ ਦੇ ਪਿੱਛੋਂ ਯਹੂਦੀਆਂ ਦਾ ਇੱਕ ਤਿਉਹਾਰ ਸੀ ਅਤ ਯਿਸੂ ਯਰੂ ਲਮ
ਨੂੰ ਗਿਆ। 2 ਯਰੂ ਲਮ ਵਿੱਚ ਭੇਡਾਂ ਵਾਲੇ ਦਰਵਾਜੇ ਕੋਲ ਇੱਕ ਤਾਲ ਹੈ ਜੋ
ਇਬਰਾਨੀ ਭਾ ਾ ਵਿੱਚ ਬੇਥ ਥਾ ਕਰਕੇ ਸਦਾਉਂਦਾ ਹੈ ਜਿਹ ਦੇ ਪ ਜ ਦਲਾਲ ਹਨ।
3 ਉਨ੍ਹਾਂ ਵਿੱਚ ਰੋਗੀ, ਅ ਨ੍ਹੇ, ਲੰਙੇ ਅਤੇ ਲੂਲੇ ਬਹੁਤ ਸਾਰੇ ਪਏ ਸਨ। 4 (ਉਹ ਤਾਲ
ਦੇ ਪਾਣੀ ਦੇ ਹਿਲਣ ਦੀ ਉਡੀਕ ਵਿੱਚ ਰਹਿੰਦੇ ਸਨ। ਕਿਉਂਕਿ ਸਮੇਂ ਸਮੇਂ ਪ੍ਰਭੂ ਦਾ
ਇੱਕ ਸਵਰਗਦੂਤ ਤਲਾ ਵਿੱਚ ਉਤਰ ਕੇ ਪਾਣੀ ਨੂੰ ਹਿਲਾਉਂਦਾ ਸੀ। ਪਾਣੀ
ਹਿਲਣ ਸਮੇਂ ਜੋ ਕੋਈ ਰੋਗੀ ਵੀ ਪਾਣੀ ਵਿੱਚ ਉਤਰ ਜਾਂਦਾ ਉਸ ਨੂੰ ਭਾਵੇਂ ਕੋਈ
ਵੀ ਬੀਮਾਰੀ ਕਿਉਂ ਨਾ ਹੋਵੇ, ਉਹ ਠੀਕ ਹੋ ਜਾਂਦਾ ਸੀ)। 5 ਅਤੇ ਉੱਥੇ ਇੱਕ ਮਨੁੱਖ
ਸੀ ਜੋ ਅਠੱਤੀਆਂ ਵਰਿਹਾਂ ਤੋਂ ਆਪਣੇ ਰੋਗ ਦਾ ਮਾਰਿਆ ਹੋਇਆ ਸੀ। 6 ਯਿਸੂ ਨੇ
ਉਹ ਨੂੰ ਪਿਆ ਹੋਇਆ ਵੇਖ ਕੇ ਅਤੇ ਇਹ ਜਾਣ ਕੇ ਜੋ ਉਹ ਨੂੰ ਹੁਣ ਬਹੁਤ ਚਿਰ
ਹੋ ਗਿਆ ਹੈ ਉਹ ਨੂੰ ਆਖਿਆ, ਕਿ ਤੂੰ ਚੰਗਾ ਹੋਣਾ ਚਾਹੁੰਦਾ ਹੈਂ? 7 ਉਸ ਰੋਗੀ ਨੇ
ਉਸ ਨੂੰ ਉੱਤਰ ਦਿੱਤਾ, ਪ੍ਰਭੂ ਜੀ ਮੇਰਾ ਕੋਈ ਆਦਮੀ ਨਹੀਂ ਹੈ ਕਿ ਜਾਂ ਪਾਣੀ
ਹਿਲਾਇਆ ਜਾਵੇ ਤਾਂ ਮੈਨੂੰ ਤਾਲ ਵਿੱਚ ਉਤਾਰੇ ਪਰ ਜਦੋਂ ਮੈਂ ਆਪ ਜਾਂਦਾ ਹਾਂ
ਕੋਈ ਹੋਰ ਮੈਥੋਂ ਅੱਗੇ ਉਤਰ ਪੈਂਦਾ ਹੈ। 8 ਯਿਸੂ ਨੇ ਉਹ ਨੂੰ ਆਖਿਆ, ਉੱਠ,
ਆਪਣੀ ਮ ਜੀ ਚੁੱਕ ਕੇ ਤੁਰ ਪਉ! 9 ਅਤੇ ਓਵੇਂ ਉਹ ਮਨੁੱਖ ਚੰਗਾ ਹੋ ਗਿਆ
ਅਤੇ ਆਪਣੀ ਮ ਜੀ ਚੁੱਕ ਕੇ ਤੁਰਨ ਲੱਗਾ। ਉਹ ਸਬਤ ਦਾ ਦਿਨ ਸੀ। 10 ਇਸ
ਕਰਕੇ ਯਹੂਦੀਆਂ ਨੇ ਉਸ ਨਿਰੋਏ ਕੀਤੇ ਹੋਏ ਮਨੁੱਖ ਨੂੰ ਆਖਿਆ, ਭਈ ਇਹ
ਸਬਤ ਦਾ ਦਿਨ ਹੈ ਅਤੇ ਤੈਨੂੰ ਮ ਜੀ ਚੁੱਕਣੀ ਜੋਗ ਨਹੀਂ ਹੈ। 11 ਉਹ ਨੇ ਉਨ੍ਹਾਂ ਨੂੰ
ਉੱਤਰ ਦਿੱਤਾ ਕਿ ਜਿਹ ਨੇ ਮੈਨੂੰ ਚੰਗਾ ਕੀਤਾ ਉਸੇ ਨੇ ਮੈਨੂੰ ਆਖਿਆ, ਆਪਣੀ
ਮ ਜੀ ਚੁੱਕ ਕੇ ਤੁਰ ਪਉ? 12 ਉਨ੍ਹਾਂ ਨੇ ਉਸ ਤੋਂ ਪੁੱਛਿਆ, ਉਹ ਕਿਹੜਾ ਆਦਮੀ
ਹੈ ਜਿਹ ਨੇ ਤੈਨੂੰ ਆਖਿਆ ਕਿ ਚੁੱਕ ਕੇ ਤੁਰ ਪਉ? 13 ਪਰ ਉਹ ਜਿਹੜਾ ਚੰਗਾ
ਹੋਇਆ ਸੀ ਨਹੀਂ ਸੀ ਜਾਣਦਾ ਕਿ ਉਹ ਕ'ਣ ਹੈ ਕਿਉਂ ਜੋ ਉਸ ਥਾਂ ਦੀ ਭੀੜ ਦੇ
ਹੋਣ ਕਰਕੇ ਯਿਸੂ ਉਥੋਂ ਟਲ ਗਿਆ ਸੀ। 14 ਇਹ ਦੇ ਪਿੱਛੋਂ ਯਿਸੂ ਉਹ ਨੂੰ ਹੈਕਲ
ਵਿੱਚ ਮਿਲਿਆ ਅਤੇ ਉਹ ਨੂੰ ਕਿਹਾ, ਵੇਖ ਹੁਣ ਤੂੰ ਚੰਗਾ ਹੋ ਗਿਆ ਹੈਂ, ਫੇਰ ਪਾਪ
ਨਾ ਕਰੀਂ ਕਿਤੇ ਐਉਂ ਨਾ ਹੋਵੇ ਜੋ ਐਸ ਨਾਲੋਂ ਵੀ ਕੋਈ ਬੁਰੀ ਬਿਪਤਾ ਤੇਰੇ ਉੱਤੇ
ਆ ਪਵੇ। 15 ਉਸ ਮਨੁੱਖ ਨੇ ਜਾ ਕੇ ਯਹੂਦੀਆਂ ਨੂੰ ਦੱਸਿਆ ਕਿ ਜਿਹ ਨੇ ਮੈਨੂੰ
ਚੰਗਾ ਕੀਤਾ ਸੋ ਯਿਸੂ ਹੈ।

## ਪੁੱਤ੍ਰ ਦੇ ਦੁਆਰਾ ਜੀਵਨ ਪ੍ਰਾਪਤੀ

16 ਇਸੇ ਕਾਰਨ ਯਹੂਦੀਆਂ ਨੇ ਯਿਸੂ ਨੂੰ ਸਤਾਇਆ ਜੋ ਉਹ ਸਬਤ ਦੇ
ਦਿਨ ਏਹ ਕੰਮ ਕਰਦਾ ਹੁੰਦਾ ਸੀ। 17 ਪਰ ਯਿਸੂ ਨੇ ਉਨ੍ਹਾਂ ਨੂੰ ਉੱਤਰ ਦਿੱਤਾ ਕਿ
ਮੇਰਾ ਪਿਤਾ ਹੁਣ ਤੀਕੁਰ ਕੰਮ ਕਰਦਾ ਹੈ ਅਤੇ ਮੈਂ ਵੀ ਕੰਮ ਕਰਦਾ ਹਾਂ। 18 ਇਸ
ਕਾਰਨ ਯਾਹੂਦੀ ਹੋਰ ਵੀ ਉਹ ਦੇ ਮਾਰ ਸੁੱਟਣ ਦੇ ਮਗਰ ਪਏ ਕਿਉਂਕਿ ਉਹ ਕੇਵਲ
ਸਬਤ ਦੇ ਦਿਨ ਨੂੰ ਹੀ ਨਹੀਂ ਟਾਲਦਾ ਸਗੋਂ ਪਰਮੇ ਰ ਨੂੰ ਆਪਣਾ ਪਿਤਾ ਕਹਿ ਕੇ
ਆਪ ਨੂੰ ਪਰਮੇ ਰ ਦੇ ਤੁੱਲ ਬਣਾਉਂਦਾ ਸੀ।

19 ਉਪਰੰਤ ਯਿਸੂ ਨੇ ਉਨ੍ਹਾਂ ਨੂੰ ਦਿੱਤਾ, ਮੈਂ ਤੁਹਾਨੂੰ ਸੱਚ ਸੱਚ ਆਖਦਾ
ਹਾਂ ਕਿ ਪੁੱਤ੍ਰ ਆਪ ਤੋਂ ਕੁੱਝ ਨਹੀਂ ਕਰ ਸਕਦਾ ਪਰ ਜੋ ਕੁੱਝ ਉਹ ਪਿਤਾ ਨੂੰ
ਕਰਦਿਆਂ ਵੇਖਦਾ ਹੈ ਕਿਉਂਕਿ ਜੋ ਕੰਮ ਉਹ ਕਰਦਾ ਹੈ ਸੋ ਪੁੱਤ੍ਰ ਵੀ ਓਵੇਂ ਹੀ
ਕਰਦਾ ਹੈ। 20 ਪਿਤਾ ਤਾਂ ਪੁੱਤ੍ਰ ਨਾਲ ਤੈਹ ਕਰਦਾ ਹੈ ਅਤੇ ਜੋ ਕੰਮ ਉਹ ਆਪ
ਕਰਦਾ ਹੈ ਸੋ ਸਭ ਉਸ ਨੂੰ ਵਿਖਾਲਦਾ ਹੈ ਅਤੇ ਉਹ ਇਨ੍ਹਾਂ ਨਾਲੋਂ ਵੱਡੇ ਕੰਮ ਉਸ
ਨੂੰ ਵਿਖਾਏਗਾ ਭਈ ਤੁਸੀਂ ਅਚਰਜ ਹੋਵੋ। 21 ਕਿਉਂਕਿ ਜਿਸ ਪ੍ਰਕਾਰ ਪਿਤਾ
ਮੁਰਦਿਆਂ ਨੂੰ ਉਠਾਲਦਾ ਅਤੇ ਜਿਵਾਲਦਾ ਹੈ ਉਸੇ ਪ੍ਰਕਾਰ ਪੁੱਤ੍ਰ ਵੀ ਜਿਨ੍ਹਾਂ ਨੂੰ
ਚਾਹੁੰਦਾ ਹੈ ਜਿਵਾਲਦਾ ਹੈ। 22 ਪਿਤਾ ਕਿਸੇ ਦਾ ਨਿਆਉਂ ਨਹੀਂ ਕਰਦਾ ਪਰ ਉਸ
ਨੇ ਸਾਰਾ ਨਿਆਉਂ ਪੁੱਤ੍ਰ ਨੂੰ ਸੌਂਪ ਦਿੱਤਾ ਹੈ। 23 ਇਸ ਲਈ ਜੋ ਸੱਭੇ ਪੁੱਤ੍ਰ ਦਾ
ਆਦਰ ਕਰਨ ਜਿਸ ਤਰ੍ਹਾਂ ਪਿਤਾ ਦਾ ਆਦਰ ਕਰਦੇ ਹਨ। ਜਿਹੜਾ ਪੁੱਤ੍ਰ ਦਾ
ਆਦਰ ਨਹੀਂ ਕਰਦਾ ਉਹ ਪਿਤਾ ਦਾ ਵੀ ਜਿਨ ਉਸ ਨੂੰ ਘੱਲਿਆ ਸੀ ਆਦਰ
ਨਹੀਂ ਕਰਦਾ। 24 ਮੈਂ ਤੁਹਾਨੂੰ ਸੱਚ-ਸੱਚ ਆਖਦਾ ਹਾਂ ਕਿ ਜੋ ਮੇਰਾ ਬਚਨ ਸੁਣਦਾ
ਅਤੇ ਉਹ ਦੀ ਪਰਤੀਤ ਕਰਦਾ ਹੈ ਜਿਨ੍ਹ ਮੈਨੂੰ ਘੱਲਿਆ ਸਦੀਪਕ ਜੀਉਣ ਉਹ
ਦਾ ਹੈ ਅਰ ਉਸ ਉੱਤੇ ਸ ਾ ਦਾ ਹੁਕਮ ਨਹੀਂ ਸਗੋਂ ਮੌਤ ਤੋਂ ਪਾਰ ਲੰਘ ਕੇ ਉਹ
ਜੀਉਣ ਵਿੱਚ ਜਾ ਪਹੁੰਚਿਆ ਹੈ। 25 ਮੈਂ ਤੁਹਾਨੂੰ ਸੱਚ-ਸੱਚ ਆਖਦਾ ਹਾਂ ਕਿ ਉਹ
ਸਮਾਂ ਆਉਂਦਾ ਹੈ ਸਗੋਂ ਹੁਣੇ ਹੈ ਕਿ ਮੁਰਦੇ ਪ੍ਰਮੇ ਰ ਦੇ ਪੁੱਤ੍ਰ ਦੀ ਅਵਾ ਸੁਣਨਗੇ
ਅਤੇ ਸੁਣ ਕੇ ਜੀਉਣਗੇ। 26 ਕਿਉਂਕਿ ਜਿਵੇਂ ਪਿਤਾ ਆਪ ਵਿੱਚ ਜੀਉਣ ਰੱਖਦਾ
ਹੈ ਤਿਵੇਂ ਉਹ ਨੇ ਪੁੱਤ੍ਰ ਨੂੰ ਵੀ ਬਖਿ ਆ ਜੋ ਆਪ ਵਿੱਚ ਜੀਉਣ ਰੱਖੇ। 27 ਅਤੇ
ਉਸ ਨੂੰ ਨਿਆਉਂ ਕਰਨ ਦਾ ਇਖਤਿਆਰ ਦਿੱਤਾ ਇਸ ਲਈ ਜੋ ਉਹ ਮਨੁੱਖ ਦਾ
ਪੁੱਤ੍ਰ ਹੈ। 28 ਇਹ ਨੂੰ ਅਚਰਜ ਨਾ ਜਾਣੋ ਕਿਉਂਕਿ ਉਹ ਘੜੀ ਆਉਂਦੀ ਹੈ ਜਿਹ ਦੇ
ਵਿੱਚ ਓਹ ਸਭ ਜਿਹੜੇ ਕਬਰਾਂ ਵਿੱਚ ਹਨ ਉਹ ਦੀ ਅਵਾਜ ਸੁਣਨਗੇ ਅਤੇ
ਨਿੱਕਲ ਆਉਣਗੇ। 29 ਜਿਨ੍ਹਾਂ ਨੇ ਭਲਿਆਈ ਕੀਤੀ ਹੈ ਸੋ ਜੀਉਣ ਦੀ ਕਿਆਮਤ
ਲਈ ਅਰ ਜਿਨ੍ਹਾਂ ਨੇ ਬੁਰਿਆਈ ਕੀਤੀ ਹੈ ਉਹ ਨਿਆਉਂ ਦੀ ਕਿਆਮਤ ਲਈ।

30 ਮੈਂ ਆਪ ਕੁਝ ਨਹੀਂ ਕਰ ਸਕਦਾ। ਜਿਹਾ ਮੈਂ ਸੁਣਦਾ ਹਾਂ ਤਿਹਾ ਹੀ
ਨਿਆਉਂ ਕਰਦਾ ਹਾਂ ਅਰ ਮੇਰਾ ਨਿਆਉਂ ਸੱਚਾ ਹੈ ਕਿਉਂ ਜੋ ਮੈਂ ਆਪਣੀ ਮਰ ੀ

ਨਹੀਂ ਭਾਲਦਾ ਪਰ ਉਹ ਦੀ ਮਰ ੀ ਜਿਹ ਨੇ ਮੈਨੂੰ ਘੱਲਿਆ।

## ਪ੍ਰਭੂ ਯਿਸੂ ਬਾਰੇ ਸਾਖੀ

31 ਜੇ ਮੈਂ ਆਪਣੇ ਉੱਤੇ ਆਪੇ ਸਾਖੀ ਦਿਆਂ ਤਾਂ ਮੇਰੀ ਸਾਖੀ ਸਤ ਨਹੀਂ।
32 ਹੋਰ ਹੈ ਜੋ ਮੇਰੇ ਹੱਕ ਵਿੱਚ ਸਾਖੀ ਦਿੰਦਾ ਹੈ ਅਤੇ ਮੈਂ ਜਾਣਦਾ ਹਾਂ ਕਿ ਜੋ ਸਾਖੀ
ਉਹ ਮੇਰੇ ਹੱਕ ਵਿੱਚ ਦਿੰਦਾ ਹੈ ਸੋ ਸਤ ਹੈ। 33 ਤੁਸਾਂ ਯੂਹੰਨਾ ਕੋਲੋਂ ਪੁੱਛਾ ਭੇਜਿਆ
ਅਤੇ ਉਹ ਨੇ ਸੱਚ ਉੱਤੇ ਸਾਖੀ ਦਿੱਤੀ ਹੈ। 34 ਪਰ ਮੈਂ ਮਨੁੱਖ ਤੋਂ ਸਾਖੀ ਨਹੀਂ ਲੈਂਦਾ
ਹਾਂ ਪਰ ਏਹ ਗੱਲਾਂ ਮੈਂ ਇਸ ਲਈ ਆਖਦਾ ਹਾਂ ਕਿ ਤੁਸੀਂ ਬਚਾਏ ਜਾਓ। 35 ਉਹ
ਬਲਦਾ ਅਤੇ ਜਗਮਗਾਉਂਦਾ ਦੀਵਾ ਸੀ ਅਰ ਤੁਸੀਂ ਇੱਕ ਘੜੀ ਉਹ ਦੇ ਚਾਨਣ
ਨਾਲ ਮਗਨ ਰਹਿਣ ਨੂੰ ਪਰੰ ਨ ਸਾਓ। 36 ਪਰ ਜਿਹੜੀ ਸਾਖੀ ਮੇਰੇ ਕੋਲ ਹੈ ਉਹ
ਯੂਹੰਨਾ ਦੀ ਸਾਖੀ ਨਾਲੋਂ ਵੱਡੀ ਹੈ ਕਿਉਂਕਿ ਜੋ ਕੰਮ ਪਿਤਾ ਨੇ ਮੈਨੂੰ ਸੰਪੂਰਣ ਕਰਨ
ਲਈ ਸ ੌਪੇ ਹਨ ਅਰਥਾਤ ਏਹੋ ਕੰਮ ਜੋ ਮੈਂ ਕਰਦਾ ਹਾਂ ਸੋਈ ਮੇਰੇ ਹੱਕ ਵਿੱਚ ਸਾਖੀ
ਦਿੰਦੇ ਹਨ ਭਈ ਪਿਤਾ ਨੇ ਮੈਨੂੰ ਘੱਲਿਆ ਹੈ। 37 ਅਤੇ ਪਿਤਾ ਜਿਨ੍ਹ ਮੈਨੂੰ ਘੱਲਿਆ
ਉਸੇ ਨੇ ਮੇਰੇ ਹੱਕ ਵਿੱਚ ਸਾਖੀ ਦਿੱਤੀ ਹੈ। ਤੁਸਾਂ ਨਾ ਕਦੇ ਉਹ ਦੀ ਅਵਾ  ਸੁਣੀ,
ਨਾ ਉਹ ਦਾ ਰੂਪ ਡਿੱਠਾ ਹੈ। 38 ਉਹ ਦਾ ਬਚਨ ਤੁਹਾਡੇ ਵਿੱਚ ਨਹੀਂ ਟਿਕਦਾ ਇਸ
ਲਈ ਕਿ ਜਿਸ ਨੂੰ ਉਨ ਭੇਜਿਆ ਤੁਸੀਂ ਉਹ ਦੀ ਪਰਤੀਤ ਨਹੀਂ ਕਰਦੇ ਹੋ। 39
ਤੁਸੀਂ ਲਿਖਤਾਂ ਨੂੰ ਭਾਲਦੇ ਹੋ ਕਿਉਂਕਿ ਤੁਸੀਂ ਸਮਝਦੇ ਹੋ ਭਈ ਇਨ੍ਹਾਂ ਵਿੱਚ ਸਾਨੂੰ
ਸਦੀਪਕ ਜੀਉਣ ਮਿਲਦਾ ਹੈ ਅਤੇ ਮੇਰੇ ਹੱਕ ਵਿੱਚ ਜੋ ਸਾਖੀ ਦਿੰਦੇ ਹਨ ਸੋ ਏਹੋ
ਹਨ। 4• ਤੁਸੀਂ ਜੀਉਣ ਲੱਭਣ ਲਈ ਮੇਰੇ ਕੋਲ ਆਉਣਾ ਨਹੀਂ ਚਾਹੁੰਦੇ ਹੋ। 41
ਮਨੁੱਖਾਂ ਤੋਂ ਮੈਂ ਵਡਿਆਈ ਨਹੀਂ ਲੈਂਦਾ। 42 ਪਰ ਮੈਂ ਤੁਹਾਨੂੰ ਜਾਣਦਾ ਹਾਂ ਜੋ
ਪਰਮੇ ਰ ਦਾ ਪ੍ਰੇਮ ਤੁਹਾਡੇ ਵਿੱਚ ਹੈ ਨਹੀਂ। 43 ਮੈਂ ਆਪਣੇ ਪਿਤਾ ਦੇ ਨਾਮ ਉੱਤੇ
ਆਇਆ ਹਾਂ ਅਤੇ ਤੁਸੀਂ ਮੈਨੂੰ ਨਹੀਂ ਮ ਨਦੇ। ਜੇ ਕੋਈ ਹੋਰ ਆਪਣੇ ਨਾਉਂ ਉੱਤੇ
ਆਵੇ ਤਾਂ ਉਹ ਨੂੰ ਤੁਸੀਂ ਮ ਨ ਲਓਗੇ। 44 ਭਲਾ, ਤੁਸੀਂ ਕਿਕੁਰ ਪਰਤੀਤ ਕਰ
ਸਕਦੇ ਹੋ ਜਿਹੜੇ ਇੱਕ ਦੂਏ ਤੋਂ ਵਡਿਆਈ ਲੈਂਦੇ ਅਤੇ ਉਹ ਵਡਿਆਈ ਜੋ
ਵਾਹਿਦ ਪਰਮੇ ਰ ਤੋਂ ਹੈ ਨਹੀਂ ਚਾਹੁੰਦੇ ਹੋ? 45 ਇਹ ਨਾ ਸਮਝੋ ਭਈ ਮੈਂ ਪਿਤਾ ਦੇ
ਕੋਲ ਤੁਹਾਡੇ ਜੁੰਮੇ ਦੋ  ਲਾਵਾਂਗਾ। ਇੱਕ ਹੈ ਤੁਹਾਡੇ ਜੁੰਮੇ ਦੋ  ਲਾਉਣ ਵਾਲਾ
ਅਰਥਾਤ ਮੂਸਾ ਜਿਹ ਦੇ ਉੱਤੇ ਤੁਸੀਂ ਆਸ ਰੱਖਦੇ ਹੋ। 46 ਜੋ ਤੁਸੀਂ ਮੂਸਾ ਦੀ
ਪਰਤੀਤ ਕਰਦੇ ਤਾਂ ਮੇਰੀ ਵੀ ਪਰਤੀਤ ਕਰਦੇ ਕਿਉਂ ਜੋ ਉਸ ਨੇ ਮੇਰੇ ਹੱਕ ਵਿੱਚ
ਲਿਖਿਆ ਸੀ। 47 ਪਰ ਜਾਂ ਤੁਸੀਂ ਉਹ ਦੀਆਂ ਲਿਖਤਾਂ ਦੀ ਪਰਤੀਤ ਨਹੀਂ ਕਰਦੇ
ਤਾਂ ਮੇਰੀਆਂ ਗੱਲਾਂ ਦੀ ਕਿਵੇਂ ਪਰਤੀਤ ਕਰੋਗੇ?



# 6

## ਪ ਜ ਹ ਾਰ ਨੂੰ ਖੁਆਉਣਾ

ਇਹ ਦੇ ਪਿੱਛੋਂ ਯਿਸੂ ਗਲੀਲ ਦੀ ਅਰਥਾਤ ਤਿਬਿਰਿਯਾਸ ਦੀ ਝੀਲੋਂ
ਪਾਰ ਚੱਲਿਆ ਗਿਆ। 2 ਅਤੇ ਵੱਡੀ ਭੀੜ ਉਹ ਦੇ ਮਗਰ ਹੋ ਤੁਰੀ ਕਿਉਂਕਿ
ਉਨ੍ਹਾਂ ਨੇ ਓਹ ਨਿ ਾਨ ਡਿੱਠੇ ਜਿਹੜੇ ਉਸ ਨੇ ਰੋਗੀਆਂ ਉੱਤੇ ਵਿਖਾਏ ਸਨ। 3 ਫੇਰ
ਯਿਸੂ ਪਹਾੜ ਉੱਤੇ ਚੜ੍ਹਿਆ ਅਰ ਉੱਥੇ ਆਪਣੇ ਚਲਿਆਂ ਦੇ ਸੰਗ ਬੈਠ ਗਿਆ। 4
ਯਹੂਦੀਆਂ ਦਾ ਪਸਾਹ ਨਾਮੇ ਤਿਉਹਾਰ ਨੇੜੇ ਸੀ। 5 ਉਪਰੰਤ ਯਿਸੂ ਨੇ ਜਾਂ ਅੱਖ-
ੀਆਂ ਚੁੱਕ ਕੇ ਇੱਕ ਵੱਡੀ ਭੀੜ ਆਪਣੀ ਵੱਲ ਆਉਂਦੀ ਡਿੱਠੀ ਤਾਂ ਫਿਲਿੱਪੁਸ
ਨੂੰ ਆਖਿਆ ਕਿ ਅਸੀਂ ਇਨ੍ਹਾਂ ਦੇ ਖਾਣ ਲਈ ਰੋਟੀਆਂ ਕਿੱਥੋਂ ਮੁੱਲ ਲਈਏ? 6 ਪਰ
ਉਸ ਨੇ ਉਹ ਦੇ ਪਰਤਾਵੇ ਲਈ ਇਹ ਆਖਿਆ ਕਿਉਂਕਿ ਉਹ ਆਪ ਜਾਣਦਾ ਸੀ
ਜੋ ਮੈਂ ਕੀ ਕਰਾਂਗਾ। 7 ਫਿਲਿੱਪੁਸ ਨੇ ਉਸ ਨੂੰ ਉੱਤਰ ਦਿੱਤਾ ਕਿ ਸ' ਰੁਪਏ ਦੀਆਂ
ਰੋਟੀਆਂ ਨਾਲ ਭੀ ਉਨ੍ਹਾਂ ਦਾ ਪੂਰਾ ਨਹੀਂ ਪਟਣਾ ਜੋ ਹਰੇਕ ਨੂੰ ਥੋੜਾ ਜਿਆ ਭੀ
ਮਿਲੇ। 8 ਉਸ ਦੇ ਚੇਲਿਆਂ ਵਿੱਚੋਂ ਇੱਕ ਮਉਨ ਪਤਰਸ ਦੇ ਭਰਾ ਅ ਦ੍ਰਿਯਾਸ ਨੇ
ਉਸ ਨੂੰ ਕਿਹਾ 9 ਐਥੇ ਇੱਕ ਮੁ ਡਾ ਹੈ ਜਿਹ ਦੇ ਕੋਲ ਜਵਾਂ ਦੀਆਂ ਪ ਜ ਰੋਟੀਆਂ
ਅਤੇ ਦੋ ਛੋਟੀਆਂ ਜਹੀਆਂ ਮੱਛੀਆਂ ਹਨ ਪਰ ਇੰਨਿਆਂ ਲੋਕਾਂ ਲਈ ਏਹ ਕੀ ਹਨ?
10 ਤਾਂ ਯਿਸੂ ਨੇ ਆਖਿਆ, ਲੋਕਾਂ ਨੂੰ ਬਿਠਾਲ ਦਿਓ। ਉਸ ਥਾਂ ਬਹੁਤ ਘਾਹ ਸੀ ਸੋ
ਮਰਦ ਜੋ ਗਿਣਤੀ ਵਿੱਚ ਪ ਜਕੁ ਹ ਾਰ ਸਨ ਬੈਠ ਗਏ। 11 ਤਦ ਯਿਸੂ ਨੇ ਰੋਟੀਆਂ
ਲੈ ਲਈਆਂ ਅਤੇ_ਕਰ ਕਰ ਕੇ ਉਨ੍ਹਾਂ ਬੈਠਿਆਂ ਹੋਇਆਂ ਨੂੰ ਵੰਡ ਦਿੱਤੀਆਂ ਅਰ
ਉਸੇ ਤਰ੍ਹਾਂ ਮੱਛੀਆਂ ਵਿੱਚੋਂ ਵੀ ਜਿੰਨੀਆਂ ਓਹ ਚਾਹੁੰਦੇ ਸਨ 12 ਅਤੇ ਜਾਂ ਓਹ ਰੱਜ
ਗਏ ਤਾਂ ਉਹ ਨੇ ਆਪਣੇ ਚੇਲਿਆਂ ਨੂੰ ਆਖਿਆ ਕਿ ਬਚਿਆ ਹੋਇਆ ਟੁਕੜਿਆਂ
ਨੂੰ ਇੱਕਠੇ ਕਰੋ ਭਈ ਕੁਝ ਖਰਾਬ ਨਾ ਹੋ ਜਾਵੇ। 13 ਸੋ ਉਨ੍ਹਾਂ ਨੇ ਇਕੱਠਾ ਕੀਤਾ
ਅਤੇ ਜਵਾਂ ਦੀਆਂ ਉਨ੍ਹਾਂ ਪ ਜਾਂ ਰੋਟੀਆਂ ਦੇ ਟੁਕੜਿਆਂ ਨਾਲ ਜਿਹੜੇ ਖਾਣ ਵਾ-
ਲਆਂ ਤੋਂ ਬਚ ਰਹੇ ਸਨ ਬਾਰਾਂ ਟੋਕਰੀਆਂ ਭਰ ਦਿੱਤੀਆਂ। 14 ਉਪਰੰਤ ਉਨਾਂ ਲੋਕਾਂ
ਨੇ ਇਹ ਨਿ ਾਨ ਜਿਹੜਾ ਉਸ ਨੇ ਵਿਖਾਇਆ ਸੀ ਵੇਖ ਕੇ ਕਿਹਾ ਕਿ ਸੱਚੀ ਮੁੱਚੀ
ਇਹ ਉਹੋ ਨਬੀ ਹੈ ਜਿਹੜਾ ਜਗਤ ਵਿੱਚ ਆਉਣ ਵਾਲਾ ਹੈ!

14 ਸੋ ਜਾਂ ਯਿਸੂ ਨੂੰ ਮਲੂਮ ਹੋਇਆ ਜੋ ਉਹ ਮੈਨੂੰ ਬਦੋ ਬਦੀ ਫੜ ਕੇ ਪਾ-
ਤ ਾਹ ਬਣਾਉਣ ਲੱਗੇ ਹਨ ਤਾਂ ਆਪ ਇੱਕਲਾ ਫੇਰ ਪਹਾੜ ਨੂੰ ਚੱਲਿਆ ਗਿਆ।

## ਪ੍ਰਭੂ ਯਿਸੂ ਪਾਣੀ ਉੱਤੇ ਚਲਦੇ ਹਨ

16 ਜਾਂ ਸੰਝ ਹੋਈ ਤਾਂ ਉਸ ਦੇ ਚੇਲੇ ਝੀਲ ਵੱਲ ਉੱਤਰ ਗਏ। 17 ਅਤੇ
ਬੇੜੀ ਉੱਤੇ ਚੜ੍ਹ ਕੇ ਝੀਲ ਦੇ ਪਾਰ ਕਫਰਨਾਹੂਮ ਵੱਲ ਚਲੇ। ਉਸ ਵੇਲੇ ਅਨ੍ਹੇਰਾ ਹੋ



ਗਿਆ ਸੀ ਅਤੇ ਯਿਸੂ ਉਨ੍ਹਾਂ ਦੇ ਕੋਲ ਅਜੇ ਨਹੀਂ ਸੀ ਆਇਆ। 18 ਅਤੇ ਵੱਡੀ
ਹਨ੍ਹੇਰੀ ਵਗਣ ਕਰਕੇ ਝੀਲ ਬਹੁਤ ਠਾਠਾਂ ਮਾਰਨ ਲੱਗੀ। 19 ਫੇਰ ਜਦ ਓਹ ਢਾਈ
ਯਾ ਤਿੰਨ ਕੋਹ ਤੀਕੁਰ ਨਿੱਕਲ ਗਏ ਸਨ ਤਦ ਯਿਸੂ ਨੂੰ ਝੀਲ ਦੇ ਉੱਤੋਂ ਦੀ ਤੁਰਦਾ
ਅਤੇ ਬੇੜੀ ਦੇ ਨੇੜੇ ਢੁੱਕਦਾ ਵੇਖਿਆ ਅਤੇ ਡਰ ਗਏ। 20 ਤਾਂ ਉਸ ਨੇ ਉਨ੍ਹਾਂ ਨੂੰ
ਆਖਿਆ, ਮੈਂ ਹਾਂ, ਡਰੋ ਨਾ! 21 ਤਾਂ ਓਹ ਯਿਸੂ ਨੂੰ ਬੇੜੀ ਉੱਤੇ ਚੜ੍ਹਾ ਲੈਣ ਨੂੰ ਰਾ ੀ
ਹੋਏ ਅਤੇ ਬੇੜੀ ਓਵੇਂ ਉਸ ਥਾਂ ਨੂੰ ਜਿੱਥੇ ਉਨ੍ਹਾਂ ਜਾਣਾ ਸੀ ਜਾ ਪੁੱਜੀ। 22 ਦੂਏ ਦਿਨ
ਉਸ ਭੀੜ ਨੇ ਜੋ ਝੀਲ ਦੇ ਉਸ ਪਾਰ ਖੜ੍ਹੀ ਸੀ ਇਹ ਡਿੱਠਾ ਜੋ ਐਥੇ ਇੱਕ ਬੇੜੀ ਤੋਂ
ਬਿਨ੍ਹਾਂ ਕੋਈ ਹੋਰ ਨਹੀਂ ਹੈ ਅਤੇ ਯਿਸੂ ਆਪਣੇ ਚੇਲਿਆਂ ਨਾਲ ਉਸ
ਬੇੜੀ ਉੱਤੇ ਨਾ ਗਿਆ ਹੈ ਪਰ ਇੱਕਲੇ ਉਹ ਦੇ ਚੇਲੇ ਹੀ ਗਏ ਹਨ। 23 ਪਰ ਹੋਰ
ਬੇੜੀਆਂ ਤਿਬਿਰਿਯਾਸ ਵੱਲੋਂ ਆਈਆਂ ਉਸ ਥਾਂ ਦੇ ਨੇੜੇ ਜਿੱਥੇ ਉਨ੍ਹਾਂ ਨੇ ਪ੍ਰਭੂ ਦੇ
_ਕਰ ਕਰਨ ਦੇ ਪਿੱਛੋਂ ਰੋਟੀ ਖਾਧੀ ਸੀ। 24 ਸੋ ਜਾਂ ਉਨ੍ਹਾਂ ਲੋਕਾਂ ਨੇ ਵੇਖਿਆ ਜੋ ਐਥੇ
ਨਾ ਯਿਸੂ ਹੈ ਅਤੇ ਨਾ ਉਸ ਦੇ ਚੇਲੇ ਹਨ ਤਾਂ ਉਨ੍ਹਾਂ ਬੇੜੀਆਂ ਉੱਤੇ ਚੜ੍ਹੇ ਅਰ ਯਿਸੂ
ਦੀ ਭਾਲ ਵਿੱਚ ਕਫ਼ਰਨਾਹੂਮ ਨੂੰ ਆਏ।

## ਜੀਉਣ ਦੀ ਰੋਟੀ ਮੈਂ ਹਾਂ

25 ਅਤੇ ਉਨ੍ਹਾਂ ਨੇ ਉਸ ਨੂੰ ਝੀਲ ਦੇ ਪਾਰ ਲੱਭ ਕੇ ਉਸ ਨੂੰ ਆਖਿਆ,
ਸੁਆਮੀ ਜੀ ਤੁਸੀਂ ਐਥੇ ਕਦੋਂ ਆਏ? 26 ਯਿਸੂ ਨੇ ਉਨ੍ਹਾਂ ਨੂੰ ਉੱਤਰ ਦਿੱਤਾ, ਮੈਂ
ਤੁਹਾਨੂੰ ਸੱਚ ਸੱਚ ਆਖਦਾ ਹਾਂ, ਤੁਸੀਂ ਮੈਨੂੰ ਇਸ ਲਈ ਨਹੀਂ ਭਾਲਦੇ ਜੋ ਤੁਸੀਂ
ਨਿ ਾਨ ਵੇਖੇ ਪਰ ਇਸ ਲਈ ਜੋ ਤੁਸੀਂ ਉਨ੍ਹਾਂ ਰੋਟੀਆਂ ਵਿੱਚੋਂ ਖਾ ਕੇ ਰੱਜ ਗਏ। 27
ਨਾਸ ਹੋਣ ਵਾਲੇ ਭੋਜਣ ਦੇ ਲਈ ਮਿਹਨਤ ਨਾ ਕਰੋ ਸਗੋਂ ਉਸ ਭੋਜਨ ਲਈ ਜੋ
ਸਦੀਪਕ ਜੀਉਣ ਤੀਕਰ ਰਹਿੰਦਾ ਹੈ ਜਿਹੜਾ ਮਨੁੱਖ ਦਾ ਪੁੱਤ੍ਰ ਤੁਹਾਨੂੰ ਦੇਵੇਗਾ
ਕਿਉਂਕਿ ਪਿਤਾ ਪਰਮੇ ਰ ਨੇ ਉਸ ਉੱਤੇ ਮੁਹਰ ਕਰ ਦਿੱਤੀ ਹੈ। 28 ਤਾਂ ਉਨ੍ਹਾਂ ਉਸ
ਨੂੰ ਆਖਿਆ ਕਿ ਪਰਮੇ ਰ ਦੇ ਕੰਮ ਕਰਨ ਨੂੰ ਅਸੀਂ ਕੀ ਕਰੀਏ? 29 ਯਿਸੂ ਨੇ ਉਨ੍ਹਾਂ
ਨੂੰ ਉੱਤਰ ਦਿੱਤਾ, ਪਰਮੇ ਰ ਦਾ ਕੰਮ ਇਹ ਹੈ ਕਿ ਜਿਸ ਨੂੰ ਉਨ ਭੇਜਿਆ ਹੈ ਉਸ
ਉੱਤੇ ਤੁਸੀਂ ਨਿਹਚਾ ਕਰੋ। 30 ਤਾਂ ਉਨ੍ਹਾਂ ਉਸ ਨੂੰ ਆਖਿਆ, ਫੇਰ ਤੂੰ ਕਿਹੜਾ
ਨਿ ਾਨ ਵਿਖਾਲਦਾ ਹੈਂ ਜੋ ਅਸੀਂ ਵੇਖ ਕੇ ਤੇਰੀ ਪਰਤੀਤ ਕਰੀਏ? ਤੂੰ ਕੀ ਕਰਮ
ਕਰਦਾ ਹੈਂ? 31 ਸਾਡੇ ਵੱਡਿਆਂ ਨੇ ਉਜਾੜ ਵਿੱਚ ਮ ਨ ਖਾਧਾ ਜਿਵੇਂ ਲਿਖਿਆ
ਹੋਇਆ ਹੈ ਕਿ ਉਸ ਨੇ ਉਨ੍ਹਾਂ ਨੂੰ ਅਕਾ ਂ ਰੋਟੀ ਖਾਣ ਨੂੰ ਦਿੱਤੀ। 32 ਉਪਰੰਤ ਯਿਸੂ
ਨੇ ਉਨ੍ਹਾਂ ਨੂੰ ਆਖਿਆ, ਮੈਂ ਤੁਹਾਨੂੰ ਸੱਚ ਮੁੱਚ ਆਖਦਾ ਹਾਂ ਕਿ ਮੂਸਾ ਨੇ ਤੁਹਾਨੂੰ
ਅਕਾ ਂ ਰੋਟੀ ਨਹੀਂ ਦਿੱਤੀ ਪਰ ਮੇਰਾ ਪਿਤਾ ਤੁਹਾਨੂੰ ਸੁਰਗੋਂ ਸੱਚੀ ਰੋਟੀ ਦਿੰਦਾ ਹੈ।
33 ਕਿਉਂਕਿ ਪਰਮੇ ਰ ਦੀ ਰੋਟੀ ਉਹ ਹੈ ਜੋ ਸੁਰਗੋਂ ਉਤਰਦੀ ਅਤੇ ਸੰਸਾਰ ਨੂੰ
ਜੀਉਣ ਦਿੰਦੀ ਹੈ। 34 ਤਾਂ ਉਨ੍ਹਾਂ ਨੇ ਉਸ ਨੂੰ ਆਖਿਆ ਪ੍ਰਭੂ ਜੀ ਸਾਨੂੰ ਸਦਾ ਇਹ

ਰੋਟੀ ਦਿਆ ਕਰੋ। 35 ਯਿਸੂ ਨੇ ਉਨ੍ਹਾਂ ਨੂੰ ਆਖਿਆ ਜੀਉਣ ਦੀ ਰੋਟੀ ਮੈਂ ਹਾਂ। ਜੋ
ਮੇਰੇ ਕੋਲ ਆਉਂਦਾ ਹੈ ਉਹ ਮੂਲੋਂ ਭੁੱਖਾਂ ਨਾ ਹੋਵੇਗਾ ਅਤੇ ਜੋ ਮੇਰੇ ਉੱਤੇ ਨਿਹਚਾ
ਕਰਦਾ ਹੈ ਸੋ ਕਦੇ ਵੀ ਤਿਹਾਇਆ ਨਾ ਹੋਵੇਗਾ। 36 ਪਰ ਮੈਂ ਤੁਹਾਨੂੰ ਆਖਿਆ ਸੀ
ਜੋ ਤੁਸਾਂ ਮੈਨੂੰ ਡਿੱਠਾ ਹੈ ਅਰ ਤਾਂ ਵੀ ਨਿਹਚਾ ਨਹੀਂ ਕਰਦੇ । 37 ਜੋ ਕੁੱਝ ਪਿਤਾ
ਮੈਨੂੰ ਦਿੰਦਾ ਹੈ ਮੇਰੇ ਕੋਲ ਆਵੇਗਾ ਅਤੇ ਜੋ ਮੇਰੇ ਕੋਲ ਆਉਂਦਾ ਹੈ ਮੈਂ ਕਦੇ ਵੀ
ਉਹ ਨੂੰ ਕੱਢ ਨਾ ਦਿਆਂਗਾ। 38 ਕਿਉਂਕਿ ਮੈਂ ਸੁਰਗੋਂ ਉਤਰਿਆਂ ਹਾਂ ਇਸ ਲਈ
ਨਹੀਂ ਜੋ ਆਪਣੀ ਮਰਜੀ ਸਗੋਂ ਉਹ ਦੇ ਅਨੁਸਾਰ ਚੱਲਾਂ ਜਿਹ ਨੇ ਮੈਨੂੰ ਘੱਲਿਆ
39 ਅਤੇ ਜਿਹ ਨੇ ਮੈਨੂੰ ਘੱਲਿਆ ਉਹ ਦੀ ਇਹ ਮਰ ੀ ਹੈ ਭਈ ਸਭ ਕੁਝ ਜੋ ਉਹ ਨੇ
ਮੈਨੂੰ ਦਿੱਤਾ ਹੈ ਉਸ ਵਿੱਚੋਂ ਮੈਂ ਕੁਝ ਨਾ ਗੁਆਵਾਂ ਸਗੋਂ ਉਸ ਨੂੰ ਅ ਤ ਦੇ ਦਿਨ
ਜੀਉਂਦਾ ਉਠਾਵਾਂ। 4• ਮੇਰੇ ਪਿਤਾ ਦੀ ਇਹ ਮਰ ੀ ਹੈ ਕਿ ਹਰ ਕੋਈ ਜੋ ਪੁੱਤ੍ਰ ਨੂੰ
ਵੇਖੇ ਅਤੇ ਉਸ ਉੱਤੇ ਨਿਹਚਾ ਕਰੇ ਸੋ ਸਦੀਪਕ ਜੀਉਣ ਪਾਵੇ ਅਤੇ ਮੈਂ ਉਹ ਨੂੰ
ਅੰਤ ਦੇ ਦਿਨ ਜੀਉਂਦਾ ਉਠਾਵਾਂਗਾ। 41 ਉਪਰੰਤ ਯਹੂਦੀ ਉਸ ਉੱਤੇ ਬੁੜ
ਬੁੜਾਉਣ ਲੱਗੇ ਇਸ ਲਈ ਜੋ ਉਹ ਨੇ ਇਹ ਆਖਿਆ ਸੀ ਭਈ ਜਿਹੜੀ ਰੋਟੀ
ਸੁਰਗੋਂ ਉੱਤਰੀ ਉਹ ਮੈਂ ਹਾਂ 42 ਅਤੇ ਓਹ ਬੋਲੇ, ਭਲਾ ਇਹ ਯੂਸਫ ਦਾ ਪੁੱਤ੍ਰ ਯਿਸੂ
ਨਹੀਂ ਜਿਹ ਦੇ ਮਾਂ ਪਿਉ ਨੂੰ ਅਸੀਂ ਜਾਣਦੇ ਹਾਂ? ਹੁਣ ਉਹ ਕਿਸ ਤਰ੍ਹਾਂ ਆਖਦਾ ਹੈ
ਜੋ ਮੈਂ ਸੁਰਗੋਂ ਉਤਰਿਆਂ ਹਾਂ? 43 ਯਿਸੂ ਨੇ ਉਨ੍ਹਾਂ ਨੂੰ ਉੱਤਰ ਦਿੱਤਾ, ਆਪਸ ਵਿੱਚ
ਨਾ ਬੁੜਬੁੜਾਓ। 44 ਕੋਈ ਮੇਰੇ ਕੋਲ ਆ ਨਹੀਂ ਸਕਦਾ ਜੇ ਪਿਤਾ ਜਿਹ ਨੇ ਮੈਨੂੰ
ਘੱਲਿਆ ਉਹ ਨੂੰ ਨਾ ਖਿੱਚੇ ਅਤੇ ਮੈਂ ਅੰਤ ਦੇ ਦਿਨ ਉਹ ਨੂੰ ਜੀਉਂਦਾ ਉਠਾ-
ਵਾਂਗਾ। 45 ਨਬੀਆਂ ਦੀਆਂ ਪੋਥੀਆਂ ਵਿੱਚ ਇਹ ਲਿਖਿਆ ਹੋਇਆ ਹੈ ਭਈ ਓਹ
ਸੱਭੇ ਪਰਮੇ ਰ ਦੇ ਸਿਖਾਏ ਹੋਏ ਹੋਣਗੇ। ਹਰੇਕ ਜਿਸ ਨੇ ਪਿਤਾ ਤੋਂ ਸੁਣਿਆ ਅਤੇ
ਸਿੱਖਿਆ ਹੈ ਸੋ ਮੇਰੇ ਕੋਲ ਆਉਂਦਾ ਹੈ। 46 ਇਹ ਨਹੀਂ ਭਈ ਕਿਸੇ ਨੇ ਪਿਤਾ ਨੂੰ
ਡਿੱਠਾ ਹੋਵੇ, ਬਿਨਾਂ ਉਹ ਦੇ ਜਿਹੜਾ ਪਰਮੇ ਰ ਦੀ ਵੱਲੋਂ ਹੈ ਓਨ ਤਾਂ ਪਿਤਾ ਨੂੰ
ਡਿੱਠਾ ਹੈ। 47 ਮੈਂ ਤੁਹਾਨੂੰ ਸੱਚ ਸੱਚ ਆਖਦਾ ਹਾਂ ਕਿ ਜੋ ਨਿਹਚਾ ਕਰਦਾ ਹੈ
ਸਦੀਪਕ ਜੀਉਣ ਉਸੇ ਦਾ ਹੈ। 48 ਜੀਉਣ ਦੀ ਰੋਟੀ ਮੈਂ ਹਾਂ। 49 ਤੁਹਾਡਿਆਂ ਪਿਉ
ਦਾਦਿਆਂ ਨੇ ਉਜਾੜ ਵਿੱਚ ਮੰਨ ਖਾਧਾ ਅਤੇ ਮਰ ਗਏ। 5• ਜਿਹੜੀ ਰੋਟੀ ਸੁਰਗੋਂ
ਉੱਤਰਦੀ ਹੈ ਭਈ ਮਨੁੱਖ ਉਸ ਵਿੱਚੋਂ ਖਾ ਕੇ ਨਾ ਮਰੇ ਸੋ ਇਹੋ ਹੈ। 51 ਉਹ ਜਿਉਂਦੀ
ਰੋਟੀ ਜੋ ਸੁਰਗੋਂ ਉਤਰੀ ਸੋ ਮੈਂ ਹਾਂ। ਜੇ ਕੋਈ ਇਸ ਰੋਟੀਓ ਕੁਝ ਖਾਵੇ ਤਾਂ ਉਹ ਸਦਾ
ਤੀਕੁਰ ਜੀਉਂਦਾ ਰਹੇਗਾ ਅਤੇ ਜੋ ਰੋਟੀ ਮੈਂ ਦਿਆਂਗਾ ਸੋ ਮੇਰਾ ਮਾਸ ਹੈ ਜਿਹੜਾ
ਜਗਤ ਦੇ ਜੀਉਣ ਲਈ ਮੈਂ ਦਿਆਂਗਾ।

52 ਇਸ ਲਈ ਯਹੂਦੀ ਆਪਸ ਵਿੱਚ ਇਹ ਕਹਿ ਕੇ ਬਹਿਸਣ ਲੱਗੇ ਜੋ
ਇਹ ਆਪਣਾ ਮਾਸ ਕਿਕੁੱਰ ਸਾਨੂੰ ਖਾਣ ਲਈ ਦੇ ਸਕਦਾ ਹੈ? 53 ਤਦ ਯਿਸੂ ਨੇ
ਉਨ੍ਹਾਂ ਨੂੰ ਆਖਿਆ, ਮੈਂ ਤੁਹਾਨੂੰ ਸੱਚ ਸੱਚ ਆਖਦਾ ਹਾਂ ਜੇ ਤੁਸੀਂ ਮਨੁੱਖ ਦੇ ਪੁੱਤ੍ਰ

ਦਾ ਮਾਸ ਨਾ ਖਾਓ ਅਤੇ ਉਹ ਦਾ ਲਹੁ ਨਾ ਪੀਓ ਤਾਂ ਤੁਹਾਡੇ ਵਿੱਚ ਜੀਉਣ ਨਹੀਂ
ਹੈ। 54 ਜੇ ਕੋਈ ਮੇਰਾ ਮਾਸ ਖਾਂਦਾ ਅਤੇ ਮੇਰਾ ਲਹੂ ਪੀਂਦਾ ਹੈ ਸਦੀਪਕ ਜੀਉਣ ਉਸੇ
ਦਾ ਹੈ ਅਤੇ ਮੈਂ ਅੰਤ ਦੇ ਦਿਨ ਉਹ ਨੂੰ ਜੀਉਂਦਾ ਉਠਾਵਾਂਗਾ। 55 ਕਿਉਂਕਿ ਮੇਰਾ
ਮਾਸ ਸੱਚ ਮੁੱਚ ਖਾਣ ਦੀ ਅਤੇ ਮੇਰਾ ਲਹੂ ਸੱਚ ਮੁੱਚ ਪੀਣ ਦੀ ਵਸਤੂ ਹੈ। 56 ਜੋ
ਮੇਰਾ ਮਾਸ ਖਾਂਦਾ ਅਤੇ ਮੇਰਾ ਲਹੂ ਪੀਂਦਾ ਹੈ ਸੋ ਮੇਰੇ ਵਿੱਚ ਰਹਿੰਦਾ ਹੈ ਅਰ ਮੈਂ ਉਸ
ਵਿੱਚ। 57 ਜਿਸ ਤਰ੍ਹਾਂ ਜੀਉਂਦੇ ਪਿਤਾ ਨੇ ਮੈਨੂੰ ਭੇਜਿਆ ਅਤੇ ਮੈਂ ਪਿਤਾ ਦੇ ਕਾਰਨ
ਜੀਉਂਦਾ ਹਾਂ ਉਸੇ ਤਰ੍ਹਾਂ ਜਿਹੜਾ ਮੈਨੂੰ ਖਾਂਦਾ ਹੈ ਸੋ ਮੇਰੇ ਕਾਰਨ ਜੀਏਗਾ। 58 ਜੋ
ਰੋਟੀ ਸੁਰਗੋਂ ਉਤਰੀ ਸੋ ਇਹੋ ਹੈ। ਜਿਵੇਂ ਵੱਡਿਆ ਨੇ ਖਾਧੀ ਅਤੇ ਮਰ ਗਏ ਸੋ ਨਹੀਂ
ਪਰ ਜਿਹੜਾ ਇਹ ਰੋਟੀ ਖਾਂਦਾ ਹੈ ਉਹ ਸਦਾ ਜੀਉਂਦਾ ਰਹੇਗਾ। 59 ਉਹ ਨੇ
ਕਫਰਨਾਹੂਮ ਦੀ ਇੱਕ ਸਮਾਜ ਵਿੱਚ ਉਪਦੇ ਦਿੰਦਿਆਂ ਏਹ ਗੱਲਾਂ ਆਖੀਆਂ।
60 ਇਸ ਲਈ ਉਹ ਦੇ ਚੇਲਿਆਂ ਵਿੱਚੋਂ ਬਹੁਤਿਆਂ ਨੇ ਸੁਣ ਕੇ ਆਖਿਆ
ਜੋ ਇਹ ਅ'ਖੀ ਗੱਲ ਹੈ, ਇਹ ਨੂੰ ਕ'ਣ ਸੁਣ ਸਕਦਾ ਹੈ? ਪਰ ਯਿਸੂ ਨੇ ਜੋ ਆਪਣੇ
ਮਨ ਵਿੱਚ ਇਹ ਜਾਣਿਆ ਭਈ ਮੇਰੇ ਚੇਲੇ ਇਸ ਗੱਲ ਉੱਤੇ ਬੁੜਬੁੜਾਉਂਦੇ ਹਨ
ਉਨ੍ਹਾਂ ਨੂੰ ਆਖਿਆ ਕਿ ਇਸ ਤੋਂ ਤੁਹਾਨੂੰ ਠੋਕਰ ਲੱਗਦੀ ਹੈ? 62 ਫੇਰ ਕੀ ਹੋਵੇਗਾ
ਜੇਕਰ ਤੁਸੀਂ ਮਨੁੱਖ ਦੇ ਪੁੱਤ੍ਰ ਨੂੰ ਉਤਾਹਾਂ ਚੜ੍ਹਦਾ ਵੇਖੋਗੇ ਜਿੱਥੇ ਉਹ ਪਹਿਲਾਂ ਸੀ?
63 ਜੀਉਣਦਾਤਾ ਤਾਂ ਆਤਮਾ। ਮਾਸ ਤੋਂ ਕੁੱਝ ਲਾਭ ਨਹੀਂ। ਜਿਹੜੀਆਂ ਗੱਲਾਂ ਮੈਂ
ਤੁਹਾਨੂੰ ਆਖੀਆਂ ਹਨ ਓਹ ਆਤਮਾ ਹਨ ਅਤੇ ਜੀਉਣ ਹਨ। 64 ਪਰ ਤੁਹਾਡੇ
ਵਿੱਚੋਂ ਕਿੰਨੇ ਹੀ ਹਨ ਜੋ ਨਿਹਚਾ ਨਹੀਂ ਕਰਦੇ ਅਤੇ ਕ'ਣ ਹੈ ਜੋ ਮੈਨੂੰ ਫੜਵਾਏਗਾ।
65 ਉਸ ਨੇ ਆਖਿਆ, ਇਸ ਕਾਰਨ ਮੈਂ ਤੁਹਾਨੂੰ ਇਹ ਆਖਿਆ ਹੈ ਕਿ ਕੋਈ ਮੇਰੇ
ਕੋਲ ਨਹੀਂ ਆ ਸਕਦਾ ਜੇਕਰ ਇਹ ਪਿਤਾ ਦੀ ਵੱਲੋਂ ਉਹ ਨੂੰ ਬਖ਼ ਆ ਨਾ ਗਿਆ
ਹੋਵੇ।

## ਬਹੁਤ ਸਾਰੇ ਚੇਲਿਆਂ ਦਾ ਪ੍ਰਭੂ ਯਿਸੂ ਨੂੰ ਛੱਡਣਾ

66 ਇਸ ਗੱਲ ਤੋਂ ਉਹ ਦੇ ਚੇਲਿਆਂ ਵਿੱਚੋਂ ਬਹੁਤੇ ਪਿਛਾਹਾਂ ਨੂੰ ਫਿਰ ਗਏ
ਅਤੇ ਮੁੜ ਉਹ ਦੇ ਨਾਲ ਨਾ ਚੱਲੇ। 67 ਉਪਰੰਤ ਯਿਸੂ ਨੇ ਉਨ੍ਹਾਂ ਬਾਰਾਂ ਨੂੰ ਆ–
ਖਿਆ, ਕੀ ਤੁਸੀਂ ਵੀ ਜਾਣਾ ਚਾਹੁੰਦੇ ਹੋ? 68 ਮਾਊਨ ਪਤਰਸ ਨੇ ਉਹ ਨੂੰ ਉੱਤਰ
ਦਿੱਤਾ, ਪ੍ਰਭੂ ਜੀ ਅਸੀਂ ਕਿਸ ਦੇ ਕੋਲ ਜਾਈਏ? ਸਦੀਪਕ ਜੀਉਣ ਦੀਆਂ ਗੱਲਾਂ
ਤਾਂ ਤੇਰੇ ਕੋਲ ਹਨ। 69 ਅਤੇ ਅਸਾਂ ਤਾਂ ਨਿਹਚਾ ਕੀਤੀ ਅਤੇ ਜਾਣਿਆ ਹੈ ਕਿ ਤੂੰ
ਪਰਮੇ ਰ ਦਾ ਪਵਿੱਤ੍ਰ ਪੁਰਖ ਹੈਂ। 70 ਯਿਸੂ ਨੇ ਉਨ੍ਹਾਂ ਨੂੰ ਅੱਗੋਂ ਆਖਿਆ, ਕੀ ਮੈਂ
ਤੁਸਾਂ ਬਾਰਾਂ ਨੂੰ ਨਹੀਂ ਚੁਣਿਆ? ਅਤੇ ਤੁਹਾਡੇ ਵਿੱਚੋਂ ਇੱਕ ਜਣਾ ੈਤਾਨ ਹੈ! 71
ਇਹ ਉਸ ਨੇ ਮਾਊਨ ਇਸਕਰਯੋਤੀ ਦੇ ਪੁੱਤ੍ਰ ਯਹੂਦਾ ਦੇ ਵਿਖੇ ਆਖਿਆ ਕਿਉਂਕਿ
ਉਹੋ ਉਸ ਨੂੰ ਫੜਵਾਉਣ ਚਾਹੁੰਦਾ ਅਤੇ ਉਨ੍ਹਾਂ ਬਾਰਾਂ ਵਿੱਚੋਂ ਇੱਕ ਸੀ।

# 7

ਪ੍ਰਭੂ ਯਿਸੂ ਡੇਰਿਆਂ ਦੇ ਪਰਬ ਲਈ ਜਾਂਦੇ ਹਨ।
ਇਹ ਦੇ ਪਿੱਛੋਂ ਯਿਸੂ ਗਲੀਲ ਵਿੱਚ ਫਿਰਦਾ ਰਿਹਾ ਕਿਉਂਕਿ ਉਹ ਨੇ
ਯਹੂਦਿਯਾ ਵਿੱਚ ਫਿਰਨਾ ਨਾ ਚਾਹਿਆ ਇਸ ਲਈ ਜੋ ਯਹੂਦੀ ਉਹ ਦੇ ਮਾਰ
ਸੁੱਟਣ ਦੇ ਮਗਰ ਪਏ ਸਨ [2] ਅਤੇ ਯਹੂਦੀਆਂ ਦਾ ਡੇਰਿਆਂ ਦਾ ਪਰਬ ਨੇੜੇ ਸੀ। [3]
ਇਸ ਲਈ ਉਹ ਦੇ ਭਰਾਵਾਂ ਨੇ ਉਹ ਨੂੰ ਆਖਿਆ, ਐਥੋਂ ਤੁਰ ਕੇ ਯਹੂਦਿਯਾ ਵਿੱਚ
ਜਾਹ ਭਈ ਤੇਰੇ ਕੰਮਾਂ ਨੂੰ ਜੋ ਤੂੰ ਕਰਦਾ ਹੈਂ ਤੇਰੇ ਚੇਲੇ ਵੀ ਵੇਖਣ। [4] ਕਿਉਂਕਿ ਕੋਈ
ਗੁਪਤ ਵਿੱਚ ਕੁੱਝ ਨਹੀਂ ਕਰਦਾ ਹੈ ਜੇ ਉਹ ਉੱਘਾ ਹੋਣਾ ਚਾਹੁੰਦਾ ਹੋਵੇ। ਜੇ ਤੂੰ
ਇਹ ਕੰਮ ਕਰਦਾ ਹੈਂ ਤਾਂ ਆਪ ਨੂੰ ਜਗਤ ਉੱਤੇ ਪਰਗਟ ਕਰ। [5] ਉਹ ਦੇ ਭਰਾ ਵੀ
ਉਸ ਉੱਤੇ ਨਿਹਚਾ ਨਹੀਂ ਸੀ ਕਰਦੇ। [6] ਤਦ ਯਿਸੂ ਨੇ ਉਨ੍ਹਾਂ ਨੂੰ ਆਖਿਆ, ਮੇਰਾ
ਵੇਲਾ ਅਜੇ ਨਹੀਂ ਆਇਆ ਪਰ ਤੁਹਾਡਾ ਵੇਲਾ ਨਿੱਤ ਤਿਆਰ ਰਹਿੰਦਾ ਹੈ। [7]
ਜਗਤ ਤੁਹਾਡੇ ਨਾਲ ਵੈਰ ਨਹੀਂ ਕਰ ਸਕਦਾ ਪਰ ਮੇਰੇ ਨਾਲ ਵੈਰ ਕਰਦਾ ਹੈ ਕਿਉਂ
ਜੋ ਮੈਂ ਉਸ ਉੱਤੇ ਸਾਖੀ ਦਿੰਦਾ ਹਾਂ ਭਈ ਉਹ ਦੇ ਕੰਮ ਬੁਰੇ ਹਨ। [8] ਤੁਸੀਂ ਇਸ
ਤਿਉਹਾਰ ਉੱਤੇ ਜਾਓ। ਮੈਂ ਅਜੇ ਇਸ ਤਿਉਹਾਰ ਉੱਤੇ ਨਹੀਂ ਜਾਂਦਾ ਕਿਉਂਕਿ ਮੇਰਾ
ਵੇਲਾ ਅਜੇ ਪੂਰਾ ਨਹੀਂ ਹੋਇਆ [9] ਅਤੇ ਉਹ ਇਹ ਗੱਲਾਂ ਉਨ੍ਹਾਂ ਨੂੰ ਕਹਿ ਕੇ
ਗਲੀਲ ਵਿੱਚ ਰਿਹਾ।

[10] ਪਰ ਜਾਂ ਉਹ ਦੇ ਭਰਾ ਤਿਉਹਾਰ ਉੱਤੇ ਚੱਲੇ ਗਏ ਤਾਂ ਉਹ ਆਪ ਵੀ
ਤੁਰ ਪਿਆ, ਪਰਗਟ ਨਹੀਂ ਪਰ ਮਾਨੋ ਗੁਪਤ ਵਿੱਚ। [11] ਉਪਰੰਤ ਯਹੂਦੀ ਉਹ ਨੂੰ
ਤਿਉਹਾਰ ਦੇ ਕੱਠ ਵਿੱਚ ਲੱਭਣ ਲੱਗੇ ਅਤੇ ਬੋਲੇ, ਉਹ ਕਿੱਥੇ ਹੈ? [12] ਲੋਕਾਂ ਵਿੱਚ
ਉਹ ਦੇ ਵਿਖੇ ਬਹੁਤ ਚਰਚਾ ਹੋ ਰਹੀ ਸੀ। ਕਈ ਕੁ ਆਖਦੇ ਸਨ ਕਿ ਉਹ ਭਲਾ
ਮਾਨਸ ਹੈ ਪਰ ਹੋਰ ਆਖਦੇ ਸਨ, ਨਹੀਂ, ਸਗੋਂ ਉਹ ਲੋਕਾਂ ਨੂੰ ਭਰਮਾਉਂਦਾ ਹੈ। [13]
ਪਰ ਤਾਂ ਵੀ ਯਹੂਦੀਆਂ ਦੇ ਡਰ ਦੇ ਮਾਰੇ ਕੋਈ ਉਹ ਦੀ ਗੱਲ ਖੋਲ੍ਹ ਕੇ ਨਹੀਂ ਕਰਦਾ
ਸੀ।

[14] ਤਿਉਹਾਰ ਦੇ ਦਿਨ ਹੁਣ ਅੱਧੇ ਬੀਤ ਗਏ ਸਨ ਕਿ ਯਿਸੂ ਹੈਕਲ
ਵਿੱਚ ਜਾ ਕੇ ਉਪਦੇ ਦੇਣ ਲੱਗਾ। [15] ਤਾਂ ਯਹੂਦੀ ਅਚੰਭਾ ਮੰਨ ਕੇ ਬੋਲੇ, ਬਿਨ
ਪੜ੍ਹੇ ਇਹ ਨੂੰ ਵਿਦਿਆ ਕਿੱਥੋਂ ਆਈ ਹੈ? [16] ਸੋ ਯਿਸੂ ਨੇ ਉਨ੍ਹਾਂ ਨੂੰ ਉੱਤਰ ਦਿੱਤਾ
ਕਿ ਮੇਰੀ ਸਿੱਖਿਆ ਮੇਰੀ ਆਪਣੀ ਨਹੀਂ ਸਗੋਂ ਉਹ ਦੀ ਹੈ ਜਿਨ੍ਹ ਮੈਨੂੰ ਘੱਲਿਆ।
[17] ਜੋ ਕੋਈ ਉਹ ਦੀ ਮਰ ੀ ਪੂਰੀ ਕਰਨੀ ਚਾਹੇ ਤਾਂ ਉਹ ਇਸ ਸਿੱਖਿਆ ਦੇ ਵਿਖੇ
ਜਾਣੇਗਾ ਭਈ ਇਹ ਪਰਮੇ ਰ ਤੋਂ ਹੈ ਯਾ ਮੈਂ ਆਪਣੀ ਵੱਲੋਂ ਬੋਲਦਾ ਹਾਂ। [18] ਜੋ
ਕੋਈ ਆਪਣੀ ਵੱਲੋਂ ਬੋਲਦਾ ਹੈ ਸੋ ਆਪਣੀ ਹੀ ਵਡਿਆਈ ਚਾਹੁੰਦਾ ਹੈ ਪਰ
ਜਿਹੜਾ ਆਪਣੇ ਭੇਜਣ ਵਾਲੇ ਦੀ ਵਡਿਆਈ ਚਾਹੁੰਦਾ ਹੈ ਉਹੋ ਸੱਚਾ ਹੈ ਅਤੇ

ਉਹ ਦੇ ਵਿੱਚ ਕੁਧਰਮ ਨਹੀਂ ਹੈ। 19 ਕੀ ਮੂਸਾ ਨੇ ਤੁਹਾਨੂੰ  ਰਾ ਨਹੀਂ ਦਿੱਤੀ? ਪਰ
ਤੁਹਾਡੇ ਵਿੱਚੋਂ ਕੋਈ  ਰਾ ਉੱਤੇ ਨਹੀਂ ਚਲਦਾ। ਤੁਸੀਂ ਮੇਰੇ ਮਾਰ ਸੁੱਟਣ ਦੇ  ਮਗਰ
ਕਿਉਂ ਪਏ ਹੋ? 20 ਲੋਕਾਂ ਨੇ ਉੱਤਰ ਦਿੱਤਾ, ਤੈਨੂੰ ਤਾਂ ਭੂਤ ਚਿੰਬੜਿਆ ਹੋਇਆ
ਹੈ। ਕ'ਣ ਤੇਰੇ ਮਾਰ ਸੁੱਟਣ ਦੇ ਮਗਰ ਪਿਆ ਹੈ? 21 ਯਿਸੂ ਨੇ ਅੱਗੋਂ ਉਨ੍ਹਾਂ ਨੂੰ ਆ-
ਖਿਆ, ਮੈਂ ਇੱਕ ਕੰਮ ਕੀਤਾ ਅਤੇ ਤੁਸੀਂ ਸੱਭੇ ਅਚਰਜ ਮੰਨਦੇ ਹੋ। 22 ਇਸ ਕਾਰਨ
ਮੂਸਾ ਨੇ ਤੁਹਾਨੂੰ ਸੁੰਨਤ ਦੀ ਰੀਤ ਦਿੱਤੀ ਹੈ ਭਾਵੇਂ ਉਹ ਮੂਸਾ ਤੋਂ ਨਹੀਂ ਪਰ ਪਿਉ
ਦਾਦਿਆਂ ਤੋਂ ਹੈ, ਅਤੇ ਤੁਸੀਂ ਸਬਤ ਦੇ ਦਿਨ ਮਨੁੱਖ ਦੀ ਸੁੰਨਤ ਕਰਦੇ ਹੋ। 23 ਜਾਂ
ਸਬਤ ਦੇ ਦਿਨ ਮਨੁੱਖ ਦੀ ਸੁੱਨਤ ਕੀਤੀ ਜਾਂਦੀ ਹੈ ਇਸ ਕਰਕੇ ਜੋ ਮੂਸਾ ਦੀ  ਰਾ
ਟੁੱਟ ਨਾ ਜਾਏ ਤਾਂ ਕੀ ਤੁਸੀਂ ਮੇਰੇ ਉੱਤੇ ਇਸ ਲਈ ਖੁਣਸਦੇ ਹੋ ਜੋ ਮੈਂ ਸਬਤ ਦੇ
ਦਿਨ ਇੱਕ ਮਨੁੱਖ ਨੂੰ ਬਿਲਕੁੱਲ ਚੰਗਾ ਕੀਤਾ? 24 ਵਿਖਾਵੇ ਦੇ ਅਨੁਸਾਰ ਨਿਆਉਂ
ਨਾ ਕਰੋ ਪਰੰਤੂ ਸੱਚਾ ਨਿਆਉਂ ਕਰੋ।

ਯਿਸੂ ਹੀ ਮਸੀਹ ਹੈ?

25 ਤਾਂ ਯਰੂ ਲਮ ਦੇ ਲੋਕਾਂ ਵਿੱਚੋਂ ਕਈ ਆਖਦੇ ਸਨ, ਕੀ ਇਹ ਉਹੋ
ਨਹੀਂ ਜਿਹ ਦੇ ਮਾਰ ਸੁੱਟਣ ਦੇ ਮਗਰ ਉਹ ਪਏ ਹਨ? 26 ਅਰ ਵੇਖੋ ਉਹ ਤਾਂ ਖੁਲ੍ਹੇ
ਬਚਨ ਪਿਆ ਬੋਲਦਾ ਹੈ ਅਤੇ ਓਹ ਉਸ ਨੂੰ ਕੁੱਝ ਨਹੀਂ ਆਖਦੇ। ਕੀ ਸਰਦਾਰਾਂ ਨੇ
ਸੱਚ ਜਾਣ ਲਿਆ ਜੋ ਇਹੋ ਮਸੀਹ ਹੈ? 27 ਪਰ ਅਸੀਂ ਇਹ ਨੂੰ ਜਾਣਦੇ ਹਾਂ ਜੋ
ਕਿੱਥੋਂ ਦਾ ਹਾਂ ਪਰ ਜਾਂ ਮਸੀਹ ਆਊਗਾ ਤਾਂ ਕੋਈ ਨਹੀਂ ਜਾਣੂ ਜੋ ਉਹ ਕਿੱਥੋਂ ਦਾ
ਹੈ। ਇਸ ਕਰਕੇ ਉਹ ਹੈਕਲ ਵਿੱਚ ਉਪਦੇ  ਕਰਦਾ ਇਹ ਉੱਚੀ ਭਈ ਤੁਸੀਂ ਤਾਂ
ਮੈਨੂੰ ਜਾਣਦੇ ਹੋ, ਨਾਲੇ ਇਹ ਵੀ ਜਾਣਦੇ ਹੋ ਜੋ ਮੈਂ ਕਿੱਥੋਂ ਦਾ ਹਾਂ। ਮੈਂ ਆਪਣੇ
ਆਪ ਨਹੀਂ ਆਇਆ ਪਰ ਜਿਹ ਨੇ ਮੈਨੂੰ ਘੱਲਿਆ ਸੋ ਸੱਚਾ ਹੈ ਜਿਹ ਨੂੰ ਤੁਸੀਂ
ਨਹੀਂ ਜਾਣਦੇ। 28 ਮੈਂ ਉਹ ਨੂੰ ਜਾਣਦਾ ਹਾਂ ਕਿਉਂ ਜੋ ਮੈਂ ਉਹ ਦੀ ਵੱਲੋਂ ਹਾਂ ਅਤੇ
ਉਹ ਨੇ ਮੈਨੂੰ ਘੱਲਿਆ। 30 ਤਦ ਓਹ ਉਸ ਦੇ ਫੜਨ ਦੇ ਮਗਰ ਪਏ ਪਰ ਕਿਨ੍ਹੇ ਉਸ
ਉੱਤੇ ਹੱਥ ਨਾ ਪਾਇਆ ਇਸ ਲਈ ਜੋ ਉਸ ਦਾ ਵੇਲਾ ਅਜੇ ਨਹੀਂ ਸੀ ਆਇਆ।
31 ਪਰ ਉਨ੍ਹਾਂ ਲੋਕਾਂ ਵਿੱਚੋਂ ਬਹੁਤਿਆਂ ਨੇ ਉਸ ਉੱਤੇ ਨਿਹਚਾ ਕੀਤੀ ਅਤੇ ਬੋਲੇ ਕਿ
ਜਾਂ ਮਸੀਹ ਆਊਗਾ ਤਾਂ ਭਲਾ ਉਹ ਉਨ੍ਹਾਂ ਨਿ ਾਨਾਂ ਨਾਲੋਂ ਜਿਹੜੇ ਇਸ ਨੇ
ਵਿਖਾਲੇ ਹਨ ਕੁੱਝ ਵੱਧ ਵਿਖਾਲੂ? 32 ਫਰੀਸੀਆਂ ਨੇ ਉਹ ਦੇ ਵਿਖੇ ਲੋਕਾਂ ਦੀ ਇਹ
ਚਰਚਾ ਸੁਣੀ ਤਾਂ ਪਰਧਾਨ ਜਾਜਕਾਂ ਅਤੇ ਫਰੀਸੀਆਂ ਨੇ ਸਿਪਾਹੀ ਘੱਲੇ ਜੋ ਉਹ ਨੂੰ
ਫੜ ਲੈਣ। 33 ਸੋ ਯਿਸੂ ਨੇ ਆਖਿਆ, ਅਜੇ ਥੋੜਾ ਚਿਰ ਮੈਂ ਤੁਹਾਡੇ ਨਾਲ ਹਾਂ ਅਤੇ
ਜਿਨ ਮੈਨੂੰ ਘੱਲਿਆ ਉਹ ਦੇ ਕੋਲ ਚੱਲਿਆਂ ਜਾਂਦਾ ਹਾਂ। 34 ਤੁਸੀਂ ਮੈਨੂੰ ਭਾਲੋਗੇ
ਅਤੇ ਮੈਨੂੰ ਨਾ ਲੱਭੋਗੇ ਪਰ ਜਿੱਥੇ ਮੈਂ ਹਾਂ ਤੁਸੀਂ ਨਹੀਂ ਆ ਸਕਦੇ। 35 ਉਪਰੰਤ
ਯਹੂਦੀਆਂ ਨੇ ਆਪਸ ਵਿੱਚ ਆਖਿਆ, ਉਹ ਕਿੱਥੇ ਜਾਊ ਜੋ ਅਸੀਂ ਉਹ ਨੂੰ ਨਾ

ਲੱਭਾਂਗੇ? ਭਲਾ, ਉਹ ਉਨ੍ਹਾਂ ਕੋਲ ਜਾਊ ਜਿਹੜੇ ਯੂਨਾਨੀਆਂ ਵਿੱਚ ਖਿ ਡੇ ਹੋਏ
ਹਨ ਅਤੇ ਯੂਨਾਨੀਆਂ ਨੂੰ ਉਪਦੇ ਕਰੂ? 36 ਇਹ ਕੀ ਗੱਲ ਹੈ ਜਿਹੜੀ ਉਹ ਨੇ
ਆਖੀ ਕਿ ਤੁਸੀਂ ਮੈਨੂੰ ਭਾਲੋਗੇ ਅਤੇ ਮੈਨੂੰ ਨਾ ਲੱਭੋਗੇ ਅਰ ਜਿੱਥੇ ਮੈਂ ਹਾਂ ਤੁਸੀਂ
ਨਹੀਂ ਆ ਸਕਦੇ?

37 ਪਿਛਲੇ ਦਿਨ ਜਿਹੜਾ ਤਿਉਹਾਰ ਦਾ ਵੱਡਾ ਦਿਨ ਸੀ ਯਿਸੂ ਖੜਾ
ਹੋਇਆ ਅਤੇ ਇਹ ਕਹਿ ਕੇ ਉੱਚੀ ਬੋਲਿਆ ਭਈ ਜੋ ਕੋਈ ਤਿਹਾਇਆ ਹੋਵੇ ਤਾਂ
ਮੇਰੇ ਕੋਲ ਆਵੇ ਅਤੇ ਪੀਵੇ! 38 ਜੋ ਕੋਈ ਮੇਰੇ ਉੱਤੇ ਨਿਹਚਾ ਕਰਦਾ ਹੈ ਲਿਖਤ
ਅਨੁਸਾਰ ਅ ਮ੍ਰਿਤ ਜਲ ਦੀਆਂ ਨਦੀਆਂ ਉਹ ਦੇ ਅ ਦਰੋਂ ਵਗਣਗੀਆਂ! 39 ਪਰ
ਉਹ ਨੇ ਇਹ ਗੱਲ ਆਤਮਾ ਦੇ ਵਿਖੇ ਆਖੀ ਜਿਹੜਾ ਉਨ੍ਹਾਂ ਨੂੰ ਪ੍ਰਾਪਤ ਹੋਣਾ ਸੀ
ਜਿਨ੍ਹਾਂ ਉਸ ਉੱਤੇ ਨਿਹਚਾ ਕੀਤੀ ਕਿਉਂਕਿ ਆਤਮਾ ਅਜੇ ਦਿੱਤਾ ਨਾ ਗਿਆ ਸੀ
ਇਸ ਲਈ ਜੋ ਯਿਸੂ ਦਾ ਤੇਜ ਅਜੇ ਪ੍ਰਕਾ ਨਹੀਂ ਸੀ ਹੋਇਆ। 40 ਤਾਂ ਭੀੜ ਵਿੱਚੋਂ
ਕਈਆਂ ਨੇ ਇਹ ਗੱਲਾਂ ਸੁਣ ਕੇ ਆਖਿਆ, ਸੱਚੀ ਮੁੱਚੀ ਇਹ ਉਹੋ ਨਬੀ ਹੈ! 41
ਦੂਜਿਆਂ ਨੇ ਆਖਿਆ, ਇਹ ਮਸੀਹ ਹੈ! ਪਰ ਕਈਆਂ ਨੇ ਆਖਿਆ, ਭਲਾ, ਮਸੀਹ
ਗਲੀਲ ਵਿੱਚੋਂ ਆਉਂਦਾ ਹੈ? 42 ਕੀ ਕਤੇਬ ਨੇ ਨਹੀਂ ਆਖਿਆ ਜੋ ਮਸੀਹ ਦਾਊਦ
ਦੀ ਅ ਵਿੱਚੋਂ ਅਤੇ ਬੈਤਲਹਮ ਦੀ ਨਗਰੀ ਤੋਂ ਜਿੱਥੇ ਦਾਊਦ ਸੀ ਆਉਂਦਾ ਹੈ?
43 ਸੋ ਉਹ ਦੇ ਕਾਰਨ ਲੋਕਾਂ ਵਿੱਚ ਫੁੱਟ ਪੈ ਗਈ 44 ਅਤੇ ਉਨ੍ਹਾਂ ਵਿੱਚੋਂ ਕਿੰਨੇ
ਚਾਹੁੰਦੇ ਸਨ ਭਈ ਇਹ ਨੂੰ ਫੜ ਲਈਏ ਪਰ ਕਿਸੇ ਨੇ ਉਸ ਉੱਤੇ ਹੱਥ ਨਾ ਪਾਏ।

ਰੀਸੀ ਆਗੂਆਂ ਦਾ ਵਿ ਵਾ ਨਾ ਕਰਨਾ

45 ਉਪਰੰਤ ਓਹ ਸਿਪਾਹੀ ਪਰਧਾਨ ਜਾਜਕਾਂ ਅਤੇ ਫਰੀਸੀਆਂ ਕੋਲ
ਆਏ, ਅਤੇ ਉਨ੍ਹਾਂ ਨੇ ਓਹਨਾਂ ਨੂੰ ਆਖਿਆ, ਤੁਸੀਂ ਉਹ ਨੂੰ ਕਿਉਂ ਨਾ ਲਿਆਏ?
46 ਸਿਪਾਹੀਆਂ ਨੇ ਉੱਤਰ ਦਿੱਤਾ, ਇਹ ਦੇ ਤੁੱਲ ਕਦੇ ਕਿਸੇ ਮਨੁੱਖ ਨੇ ਬਚਨ
ਨਹੀਂ ਕੀਤਾ! 47 ਤਾਂ ਫਰੀਸੀਆਂ ਨੇ ਉਨ੍ਹਾਂ ਨੂੰ ਉੱਤਰ ਦਿੱਤਾ, ਕੀ ਤੁਸੀਂ ਭੀ
ਭਰਮਾਏ ਗਏ? 48 ਭਲਾ ਸਰਦਾਰਾਂ ਅਤੇ ਫਰੀਸੀਆਂ ਵਿੱਚੋਂ ਕਿਹ ਨੇ ਉਸ ਉੱਤੇ
ਨਿਹਚਾ ਕੀਤੀ ਹੈ? 49 ਪਰ ਲਾਨਤ ਹੈ ਇਨ੍ਹਾਂ ਲੋਕਾਂ ਉੱਤੇ ਜਿਹੜੇ ਰਾ ਨੂੰ ਨਹੀਂ
ਜਾਣਦੇ ਹਨ! 50 ਨਿਕੁਦੇਮੁਸ ਨੇ ਜਿਹੜਾ ਪਹਿਲਾਂ ਯਿਸੂ ਦੇ ਕੋਲ ਆਇਆ ਅਤੇ
ਉਨ੍ਹਾਂ ਵਿੱਚੋ. ਇੱਕ ਸੀ ਉਨ੍ਹਾਂ ਨੂੰ ਆਖਿਆ। 51 ਕੀ ਸਾਡੀ ਰਾ ਕਿਸੇ ਮਨੁੱਖ ਨੂੰ
ਉਹ ਦੀ ਸੁਣਨ ਅਤੇ ਇਹ ਜਾਣਨ ਤੋਂ ਪਹਿਲਾਂ ਭਈ ਉਹ ਕੀ ਕਰਦਾ ਹੈਗਾ ਦੋ ੀ
ਠਹਿਰਾਉਂਦੀ ਹੈ? 52 ਉਨ੍ਹਾਂ ਨੇ ਉਸ ਨੂੰ ਉੱਤਰ ਦਿੱਤਾ, ਭਲਾ, ਤੂੰ ਭੀ ਗਲੀਲ ਤੋਂ
ਹੈ? 53 ਭਾਲ ਅਤੇ ਵੇਖ, ਜੋ ਗਲੀਲ ਵਿੱਚੋਂ ਕੋਈ ਨਬੀ ਨਹੀਂ ਉੱਠਦਾ।



# 8

ਫੇਰ ਹਰੇਕ ਆਪੋ ਆਪਣੇ ਘਰ ਗਏ ਪਰ ਯਿਸੂ ਜੈਤੂਨ ਦੇ ਪਹਾੜ ਨੂੰ
ਸਿਧਾਰਿਆ। 2 ਅਤੇ ਸਵੇਰ ਨੂੰ ਉਹ ਹੈਕਲ ਵਿੱਚ ਫੇਰ ਆਇਆ ਅਤੇ ਸਭ ਲੋਕ
ਉਹ ਦੇ ਕੋਲ ਆਏ ਅਰ ਉਹ ਬੈਠ ਕੇ ਉਨ੍ਹਾਂ ਨੂੰ ਉਪਦੇ  ਦੇਣ ਲੱਗਾ। 3 ਤਾਂ ਗ੍ਰੰਥੀ
ਅਤੇ ਫਰੀਸੀ ਇੱਕ ਤੀਵੀਂ ਨੂੰ ਲਿਆਏ ਜਿਹੜੀ  ਨਾਹ ਵਿੱਚ ਫੜੀ ਗਈ ਸੀ ਅਤੇ
ਉਸ ਨੂੰ ਵਿਚਕਾਰ ਖੜੀ ਕਰ ਕੇ 4 ਉਹ ਨੂੰ ਕਿਹਾ, ਗੁਰੂ ਜੀ ਇਹ ਤੀਵੀਂ ਠੀਕ
ਨਾਹ ਦੇ ਵੇਲੇ ਫੜੀ ਗਈ ਹੈ। 5 ਅਤੇ ਮੂਸਾ ਨੇ ਤੁਰੇਤ ਵਿੱਚ ਸਾਨੂੰ ਹੁਕਮ ਦਿੱਤਾ
ਹੈ ਜੋ ਏਹੋ ਜਹੀਆਂ ਨੂੰ ਪੱਥਰਾਂ ਨਾਲ ਮਾਰ ਸੁੱਟੋ। ਫੇਰ ਤੂੰ ਇਹ ਦੇ ਹੱਕ ਵਿੱਚ ਕੀ
ਆਖਦਾ ਹੈਂ? 6 ਪਰ ਉਨ੍ਹਾਂ ਨੇ ਉਹ ਦੇ ਪਰਤਾਉਣ ਲਈ ਇਹ ਗੱਲ ਕਹੀ ਸੀ ਭਈ
ਉਸ ਉੱਤੇ ਊਜ ਲਾਉਣ ਦਾ ਮ ੱਕਾ ਮਿਲੇ। ਤਾਂ ਯਿਸੂ ਹਿਠਾਹਾਂ ਨਿਉਂ ਕੇ ਉਂਗਲ
ਨਾਲ ਧਰਤੀ ਉੱਤੇ ਲਿਖਣ ਲੱਗਾ। 7 ਜਾਂ ਓਹ ਉਸ ਤੋਂ ਪੁੱਛੀ ਗਏ ਤਾਂ ਉਹ ਨੇ
ਸਿੱਧੇ ਹੋ ਕੇ ਉਨ੍ਹਾਂ ਨੂੰ ਆਖਿਆ ਕਿ ਜਿਹੜਾ ਤੁਹਾਡੇ ਵਿੱਚੋਂ ਨਿਰਦੋ  ਹੋਵੇ ਉਹ
ਪਹਿਲਾਂ ਉਸ ਨੂੰ ਪੱਥਰ ਮਾਰੇ। 8 ਫੇਰ ਹਿਠਾਹਾਂ ਨਿਉਂ ਕੇ ਉਂਗਲ ਨਾਲ ਧਰਤੀ
ਉੱਤੇ ਲਿਖਣ ਲੱਗਾ। 9 ਇਹ ਸੁਣ ਕੇ ਓਹ ਵੱਡਿਆਂ ਤੋਂ ਲੈਕੇ ਛੋਟਿਆਂ ਤੀਕੁਰ
ਇੱਕ ਇੱਕ ਕਰਕੇ ਨਿੱਕਲ ਗਏ ਅਤੇ ਯਿਸੂ ਇੱਕਲਾ ਰਹਿ ਗਿਆ ਅਤੇ ਉਹ
ਤੀਵੀਂ ਵਿਚਕਾਰ ਖੜ੍ਹੀ ਰਹੀ। 1• ਤਾਂ ਯਿਸੂ ਨੇ ਸਿੱਧੇ ਹੋ ਕੇ ਉਹ ਨੂੰ ਆਖਿਆ, ਹੇ
ਤ੍ਰੀਮਤ ਓਹ ਕਿੱਥੇ ਹਨ? ਕੀ ਕਿਸੇ ਨੇ ਤੇਰੇ ਉੱਤੇ ਸ ਾ ਦਾ ਹੁਕਮ ਨਾ ਦਿੱਤਾ? 11
ਉਹ ਬੋਲੀ, ਪ੍ਰਭੂ ਜੀ, ਕਿਸੇ ਨੇ ਵੀ ਨਹੀਂ। ਤਾਂ ਯਿਸੂ ਨੇ ਕਿਹਾ, ਮੈਂ ਵੀ ਨਹੀਂ
ਦਿੰਦਾ। ਜਾਹ, ਏਦੋਂ ਅੱਗੇ ਫੇਰ ਪਾਪ ਨਾ ਕਰੀਂ।

## ਪ੍ਰਭੂ ਯਿਸੂ ਦੀ ਗਵਾਹੀ ਦੀ ਸਚਾਈ

12 ਉਪਰੰਤ ਯਿਸੂ ਨੇ ਫੇਰ ਉਨ੍ਹਾਂ ਨੂੰ ਆਖਿਆ ਕਿ ਜਗਤ ਦਾ ਚਾਨਣ ਮੈਂ
ਹਾਂ। ਜਿਹੜਾ ਮੇਰੇ ਪਿੱਛੇ ਤੁਰਦਾ ਹੈ ਅਨ੍ਹੇਰੇ ਵਿੱਚ ਕਦੇ ਨਾ ਚੱਲੇਗਾ ਸਗੋਂ ਉਹ ਦੇ
ਕੋਲ ਜੀਉਣ ਦਾ ਚਾਨਣ ਹੋਵੇਗਾ। 13 ਇਸ ਲਈ ਫਰੀਸੀਆਂ ਨੇ ਉਹ ਨੂੰ ਕਿਹਾ,
ਤੂੰ ਆਪਣੇ ਉੱਤੇ ਆਪੇ ਸਾਖੀ ਦਿੰਦਾ ਹੈ। ਤੇਰੀ ਸਾਖੀ ਸੱਚੀ ਨਹੀਂ। 14 ਯਿਸੂ ਨੇ
ਉਨ੍ਹਾਂ ਨੂੰ ਉੱਤਰ ਦਿੱਤਾ, ਭਾਵੇਂ ਮੈਂ ਆਪਣੇ ਉੱਤੇ ਆਪੇ ਸਾਖੀ ਦਿੰਦਾ ਹਾਂ ਤਾਂ ਵੀ
ਮੇਰੀ ਸਾਖੀ ਸੱਚੀ ਹੈ ਕਿਉਂ ਜੋ ਮੈਂ ਜਾਣਦਾ ਹਾਂ ਭਈ ਮੈਂ ਕਿੱਧਰੋਂ ਆਇਆ ਹਾਂ
ਅਤੇ ਕਿੱਧਰ ਨੂੰ ਜਾਂਦਾ ਹਾਂ ਪਰ ਤੁਸੀਂ ਨਹੀਂ ਜਾਣਦੇ ਭਈ ਮੈਂ ਕਿੱਧਰੋਂ ਆਉਂਦਾ
ਅਤੇ ਕਿੱਧਰ ਨੂੰ ਜਾਂਦਾ ਹਾਂ। 15 ਤੁਸੀਂ ਸਰੀਰ ਦੇ ਅਨੁਸਾਰ ਨਿਆਉਂ ਕਰਦੇ ਹੋ। ਮੈਂ
ਕਿਸੇ ਦਾ ਨਿਆਉਂ ਨਹੀਂ ਕਰਦਾ। 16 ਪਰ ਜੇ ਮੈਂ ਨਿਆਉਂ ਕਰਾਂ ਤਾਂ ਵੀ ਮੇਰਾ
ਨਿਆਉਂ ਸੱਚਾ ਹੈ ਕਿਉਂ ਜੋ ਮੈਂ ਇੱਕਲਾ ਨਹੀਂ ਹਾਂ ਪਰ ਮੈਂ ਅਤੇ ਮੇਰਾ ਘੱਲਣ

ਵਾਲਾ। 17 ਤੁਹਾਡੀ ਰਾ ਵਿੱਚ ਇਹ ਲਿਖਿਆ ਹੋਇਆ ਹੈ ਕਿ ਦੋ ਮਨੁੱਖਾਂ ਦੀ
ਸਾਖੀ ਸੱਚੀ ਹੁੰਦੀ ਹੈ। 18 ਇੱਕ ਤਾਂ ਮੈਂ ਹਾਂ ਜੋ ਆਪਣੇ ਉੱਤੇ ਸਾਖੀ ਦਿੰਦਾ ਹਾਂ ਅਤੇ
ਇੱਕ ਮੇਰਾ ਪਿਤਾ ਜਿਨ੍ਹ ਮੈਨੂੰ ਘੱਲਿਆ ਮੇਰੇ ਉੱਤੇ ਸਾਖੀ ਦਿੰਦਾ ਹੈ। 19 ਤਾਂ ਉਨ੍ਹਾਂ
ਉਸ ਨੂੰ ਆਖਿਆ, ਕਿੱਥੇ ਹੈ ਤੇਰਾ ਪਿਤਾ? ਯਿਸੂ ਨੇ ਉੱਤਰ ਦਿੱਤਾ, ਤੁਸੀਂ ਨਾ ਮੈਨੂੰ
ਜਾਣਦੇ ਹੋ, ਨਾ ਮੇਰੇ ਪਿਤਾ ਨੂੰ। ਜੇ ਤੁਸੀਂ ਮੈਨੂੰ ਜਾਣਦੇ ਤਾਂ ਮੇਰੇ ਪਿਤਾ ਨੂੰ ਵੀ
ਜਾਣਦੇ। 2• ਉਹ ਨੇ ਹੈਕਲ ਦੇ ਵਿੱਚ ਉਪਦੇ ਕਰਦੇ ਹੋਏ ਇਹ ਗੱਲਾਂ ਖ ਾਨੇ ਦੇ
ਅ ਦਰ ਆਖੀਆਂ ਅਰ ਕਿਸੇ ਨੇ ਉਹ ਨੂੰ ਨਾ ਫੜਿਆ ਕਿਉਂ ਜੋ ਉਹ ਦਾ ਵੇਲਾ
ਅਜੇ ਨਹੀਂ ਸੀ ਆਇਆ।

21 ਉਸ ਨੇ ਫੇਰ ਉਨ੍ਹਾਂ ਨੂੰ ਆਖਿਆ, ਮੈਂ ਤਾਂ ਚੱਲਿਆ ਜਾਂਦਾ ਹਾਂ ਅਰ
ਤੁਸੀਂ ਮੈਨੂੰ ਭਾਲੋਗੇ ਅਤੇ ਆਪਣੇ ਪਾਪ ਵਿੱਚ ਮਰੋਗੇ। ਜਿੱਥੇ ਮੈਂ ਜਾਂਦਾ ਹਾਂ ਤੁਸੀਂ
ਨਹੀਂ ਆ ਸਕਦੇ। 22 ਉਪਰੰਤ ਯਹੂਦੀਆਂ ਨੇ ਕਿਹਾ, ਭਲਾ ਉਹ ਆਪਣਾ ਘਾਤ
ਕਰੂ? ਉਹ ਜੋ ਆਖਦਾ ਹੈ ਭਈ ਜਿੱਥੇ ਮੈਂ ਜਾਂਦਾ ਹਾਂ ਤੁਸੀਂ ਨਹੀਂ ਆ ਸਕਦੇ? 23
ਉਸ ਨੇ ਉਨ੍ਹਾਂ ਨੂੰ ਆਖਿਆ, ਮੈਂ ਉਹੋ ਹਾਂ ਜੋ ਮੁੱਢੋ ਤੁਹਾਨੂੰ ਦੱਸਦਾ ਆਇਆ। 26
ਤੁਹਾਡੇ ਹੱਕ ਵਿੱਚ ਮੈਂ ਬਹੁਤ ਕੁਝ ਕਹਿਣਾ ਅਤੇ ਨਿਆਉਂ ਕਰਨਾ ਹੈ ਪਰ ਜਿਨ
ਮੈਨੂੰ ਘੱਲਿਆ ਉਹ ਸੱਚਾ ਹੈ ਅਤੇ ਜਿਹੜੀਆਂ ਗੱਲਾਂ ਮੈਂ ਉਸ ਕੋਲੋਂ ਸੁਣੀਆਂ ਸੋਈ
ਜਗਤ ਨੂੰ ਕਹਿੰਦਾ ਹਾਂ। 27 ਓਹ ਨਾ ਸਮਝੇ ਜੋ ਉਹ ਸਾਨੂੰ ਪਿਤਾ ਦੇ ਵਿਖੇ ਆਖਦਾ
ਹੈ। 28 ਤਾਂ ਯਿਸੂ ਨੇ ਆਖਿਆ ਕਿ ਜਾਂ ਤੁਸੀਂ ਮਨੁੱਖ ਦੇ ਪੁੱਤ੍ਰ ਨੂੰ ਉੱਚਾ ਕਰੋਗੇ ਤਾਂ
ਜਾਣੋਗੇ ਭਈ ਮੈਂ ਉਹੋ ਹਾਂ ਅਤੇ ਇਹ ਜੋ ਮੈਂ ਆਪਣੀ ਵੱਲੋਂ ਕੁਝ ਨਹੀਂ ਕਰਦਾ ਪਰ
ਜਿੱਦਾਂ ਪਿਤਾ ਨੇ ਮੈਨੂੰ ਸਿਖਾਲਿਆ ਹੈ ਓਦਾਂ ਹੀ ਮੈਂ ਇਹ ਗੱਲਾਂ ਆਖਦਾ ਹਾਂ। 29
ਅਤੇ ਜਿਨ੍ਹ ਮੈਨੂੰ ਘੱਲਿਆ ਉਹ ਮੇਰੇ ਸੰਗ ਹੈ। ਉਸ ਨੇ ਮੈਨੂੰ ਇਕੱਲਾ ਨਹੀਂ
ਛੱਡਿਆ ਕਿਉਂ ਜੋ ਮੈਂ ਸਦਾ ਓਹ ਕੰਮ ਕਰਦਾ ਹਾਂ ਜਿਹੜੇ ਉਸ ਨੂੰ ਭਾਉਂਦੇ ਹਨ।
3• ਉਹ ਨੇ ਇਹ ਗੱਲਾਂ ਆਖਦਿਆਂ ਅਤੇ ਬਹੁਤਿਆਂ ਨੇ ਉਹ ਦੇ ਉੱਤੇ ਨਿਹਚਾ
ਕੀਤੀ।

## ਅਬਰਾਹਮ ਦੀ ਸੰਤਾਨ

31 ਤਾਂ ਯਿਸੂ ਨੇ ਉਨ੍ਹਾਂ ਯਹੂਦੀਆਂ ਨੂੰ ਜਿਨ੍ਹਾਂ ਉਹ ਦੀ ਪਰਤੀਤ ਕੀਤੀ
ਸੀ ਆਖਿਆ, ਜੇ ਤੁਸੀਂ ਮੇਰੇ ਬਚਨ ਤੇ ਖਲੋਤੇ ਰਹੋ ਤਾਂ ਠੀਕ ਤੁਸੀਂ ਮੇਰੇ ਚੇਲੇ ਹੋ।
32 ਅਤੇ ਸਚਿਆਈ ਨੂੰ ਜਾਣੋਗੇ ਅਤੇ ਸਚਿਆਈ ਤੁਹਾਨੂੰ ਅ ਾਦ ਕਰੇਗੀ। 33
ਉਨ੍ਹਾਂ ਉੱਤਰ ਦਿੱਤਾ ਕਿ ਅਸੀਂ ਅਬਰਾਹਮ ਦੀ ਅ ਹਾਂ ਅਰ ਕਦੇ ਕਿਸੇ ਦੇ
ਗੁਲਾਮੀ ਵਿੱਚ ਨਹੀਂ ਰਹੇ। ਤੂੰ ਕਿਕੁਰ ਆਖਦਾ ਹੈ ਜੋ ਤੁਸੀਂ ਅ ਾਦ ਕੀਤੇ ਜਾਓਗੇ?
34 ਯਿਸੂ ਨੇ ਉਨ੍ਹਾਂ ਨੂੰ ਉੱਤਰ ਦਿੱਤਾ, ਮੈਂ ਤੁਹਾਨੂੰ ਸੱਚ ਸੱਚ ਆਖਦਾ ਹਾਂ ਕਿ ਹਰੇਕ
ਜੋ ਪਾਪ ਕਰਦਾ ਹੈ ਸੋ ਪਾਪ ਦਾ ਗੁਲਾਮ ਹੈ। 35 ਅਤੇ ਗੁਲਾਮ ਸਦਾ ਘਰ ਵਿੱਚ

ਨਹੀਂ ਰਹਿੰਦਾ। ਪੁੱਤ੍ਰ ਸਦਾ ਰਹਿੰਦਾ ਹੈ। 36 ਇਸ ਲਈ ਜੇ ਪੁੱਤ੍ਰ ਤੁਹਾਨੂੰ ਅ ਾਦ ਕਰੇ
ਤਾਂ ਠੀਕ ਤੁਸੀਂ ਅ ਾਦ ਹੋਵੋਗੇ। 37 ਮੈਂ ਜਾਣਦਾ ਹਾਂ ਜੋ ਤੁਸੀਂ ਅਬਰਾਹਮ ਦੀ ਅ
ਹੋ ਪਰ ਤੁਸੀਂ ਮੇਰੇ ਮਾਰ ਸੁੱਟਣ ਦੇ ਮਗਰ ਪਏ ਹੋ ਇਸ ਲਈ ਜੋ ਤੁਹਾਡੇ ਵਿੱਚ ਮੇਰੇ
ਬਚਨ ਲਈ ਥਾਂ ਨਹੀਂ ਹੈ। 38 ਮੈਂ ਜੋ ਕੁੱਝ ਆਪਣੇ ਪਿਤਾ ਦੇ ਕੋਲ ਵੇਖਿਆ ਹੈ ਸੋਈ
ਕਹਿੰਦਾ ਹਾਂ। ਫੇਰ ਤੁਸਾਂ ਵੀ ਜੋ ਕੁੱਝ ਆਪਣੇ ਪਿਉ ਦੇ ਕੋਲੋਂ ਸੁਣਿਆ ਹੈ ਸੋ ਕਰਦੇ
ਹੋ। 39 ਉਨ੍ਹਾਂ ਨੇ ਉਸ ਨੂੰ ਉੱਤਰ ਦਿੱਤਾ, ਸਾਡਾ ਪਿਤਾ ਅਬਰਾਹਮ ਹੈ। ਯਿਸੂ ਨੇ
ਉਨ੍ਹਾਂ ਨੂੰ ਆਖਿਆ, ਜੇ ਤੁਸੀਂ ਅਬਰਾਹਮ ਦੀ ਓਲਾਦ ਹੁੰਦੇ ਤਾਂ ਅਬਰਾਹਮ ਜਿਹੇ
ਕੰਮ ਕਰਦੇ। 4• ਪਰ ਹੁਣ ਤੁਸੀਂ ਮੇਰੇ ਮਾਰ ਸੁੱਟਣ ਦੇ ਮਗਰ ਪਏ ਹੋ ਜੋ ਇਹ ਜਿਹਾ
ਮਨੁੱਖ ਹਾਂ ਜਿਨ੍ਹ ਤੁਹਾਨੂੰ ਉਹ ਸੱਚੀ ਗੱਲ ਦੱਸੀ ਹੈ ਜਿਹੜੀ ਮੈਂ ਪਰਮੇ ਰ ਕੋਲੋ
ਸੁਣੀ। ਇਹ ਤਾਂ ਅਬਰਾਹਮ ਨੇ ਨਹੀਂ ਕੀਤਾ। 41 ਤੁਸੀਂ ਆਪਣੇ ਪਿਉ ਜਿਹੇ ਕੰਮ
ਕਰਦੇ ਹੋ। ਉਨ੍ਹਾਂ ਨੇ ਉਸ ਨੂੰ ਆਖਿਆ, ਅਸੀਂ ਹਰਾਮ ਦੇ ਨਹੀਂ ਹਾਂ। ਸਾਡਾ ਪਿਤਾ
ਇੱਕ ਉਹ ਪਰਮੇ ਰ ਹੈ। 42 ਯਿਸੂ ਨੇ ਉਨ੍ਹਾਂ ਨੂੰ ਆਖਿਆ, ਜੇ ਪਰਮੇ ਰ ਤੁਹਾਡਾ
ਪਿਤਾ ਹੁੰਦਾ ਤਾਂ ਤੁਸੀਂ ਮੈਨੂੰ ਪਿਆਰ ਕਰਦੇ ਇਸ ਲਈ ਜੋ ਮੈਂ ਪਰਮੇ ਰ ਤੋਂ ਨਿੱਕ–
ਲਆ ਅਤੇ ਆਇਆ ਹਾਂ ਕਿਉਂਕਿ ਮੈਂ ਆਪ ਤੋਂ ਆਪ ਨਹੀਂ ਆਇਆ ਪਰ ਉਹ
ਨੇ ਮੈਨੂੰ ਘੱਲਿਆ। 43 ਤੁਸੀਂ ਮੇਰੇ ਬੋਲ ਕਿਉਂ ਨਹੀਂ ਸਮਝਦੇ? ਇਸੇ ਲਈ ਜੋ ਮੇਰਾ
ਬਚਨ ਸੁਣ ਨਹੀਂ ਸਕਦੇ। 44 ਤੁਸੀਂ ਆਪਣੇ ਪਿਉ ਂ ਤਾਨ ਤੋਂ ਹੋ ਅਤੇ ਆਪਣੇ
ਪਿਉ ਦੀਆਂ ਕਾਮਨਾਂ ਦੇ ਅਨੁਸਾਰ ਕਰਨਾ ਚਾਹੁੰਦੇ ਹੋ। ਉਹ ਤਾਂ ਮੁੱਢੋਂ ਮਨੁੱਖ
ਘਾਤਕ ਸੀ ਅਤੇ ਸਚਿਆਈ ਉਤੇ ਟਿਕਿਆ ਨਾ ਰਿਹਾ ਕਿਉਂਕਿ ਸਚਿਆਈ ਉਸ
ਵਿੱਚ ਹੈ ਨਹੀਂ । ਜਦ ਉਹ ਝੂਠ ਬੋਲਦਾ ਹੈ ਤਾਂ ਉਹ ਆਪਣੀਆਂ ਹੀ ਹੱਕਦਾ ਹੈ
ਕਿਉਂਕਿ ਉਹ ਝੂਠਾ ਹੈ ਅਤੇ ਝੂਠ ਦਾ ਪਤੰਦਰ (ਪਿਤਾ) ਹੈ। 45 ਪਰ ਇਸ ਕਾਰਨ ਜੋ
ਮੈਂ ਸਤ ਆਖਦਾ ਹਾਂ ਤੁਸੀਂ ਮੇਰੀ ਪਰਤੀਤ ਨਹੀਂ ਕਰਦੇ ਹੋ। 46 ਕ’ਣ ਤੁਹਾਡੇ ਵਿੱਚੋਂ
ਮੇਰੇ ਉੱਤੇ ਗੁਨਾਹ ਸਾਬਤ ਕਰਦਾ ਹੈ? ਜੇ ਮੈਂ ਸਤ ਆਖਦਾ ਹਾਂ ਤਾਂ ਤੁਸੀਂ ਕਿਉਂ
ਮੇਰੀ ਪਰਤੀਤ ਨਹੀਂ ਕਰਦੇ ਹੋ?

47 ਜੋ ਪਰਮੇ ਰ ਤੋਂ ਹੈ ਸੋ ਪਰਮੇ ਰ ਦੇ ਬਚਨ ਸੁਣਦਾ ਹੈ। ਤੁਸੀਂ ਇਸੇ
ਕਾਰਨ ਨਹੀਂ ਸੁਣਦੇ ਜੋ ਤੁਸੀਂ ਪਰਮੇ ਰ ਤੋਂ ਨਹੀਂ ਹੋ। 48 ਯਹੂਦੀਆਂ ਨੇ ਉਹ ਨੂੰ
ਉੱਤਰ ਦਿੱਤਾ, ਕੀ ਅਸੀਂ ਠੀਕ ਨਹੀਂ ਕਹਿੰਦੇ ਜੋ ਤੂੰ ਸਾਮਰੀ ਹੈ ਅਤੇ ਤੈਨੂੰ ਇੱਕ
ਭੂਤ ਚਿੰਬੜ੍ਹਿਆ ਹੋਇਆ ਹੈ? 49 ਯਿਸੂ ਨੇ ਉੱਤਰ ਦਿੱਤਾ, ਮੈਨੂੰ ਭੂਤ ਨਹੀਂ
ਚਿੰਬੜ੍ਹਿਆ ਹੋਇਆ ਹੈ ਪਰ ਮੈਂ ਆਪਣੇ ਪਿਤਾ ਦਾ ਆਦਰ ਕਰਦਾ ਹਾਂ ਅਤੇ ਤੁਸੀਂ
ਮੇਰਾ ਨਿਆਦਰ ਕਰਦੇ ਹੋ। 5• ਪਰ ਮੈਂ ਆਪਣੀ ਵਡਿਆਈ ਨਹੀਂ ਭਾਲਦਾ। ਇੱਕ
ਹੈ ਜੋ ਭਾਲਦਾ ਅਤੇ ਨਿਆਉਂ ਕਰਦਾ ਹੈ। 51 ਮੈਂ ਤੁਹਾਨੂੰ ਸੱਚ–ਸੱਚ ਆਖਦਾ ਹਾਂ
ਕਿ ਜੇ ਕੋਈ ਮੇਰੇ ਬਚਨ ਦੀ ਪਾਲਨਾ ਕਰੇ ਤਾਂ ਉਹ ਮੂਲੋਂ ਕਦੇ ਮ’ਤ ਨਾ ਵੇਖੇਗਾ।
52 ਯਹੂਦੀਆਂ ਨੇ ਉਹ ਨੂੰ ਆਖਿਆ, ਹੁਣ ਅਸੀਂ ਜਾਣ ਗਏ ਜੋ ਤੈਨੂੰ ਇੱਕ ਭੂਤ

ਚਿੰਬੜਿਆ ਹੋਇਆ ਹੈ। ਅਬਰਾਹਾਮ ਮਰ ਗਿਆ, ਨਾਲੇ ਨਬੀ ਵੀ ਅਤੇ ਤੂੰ
ਆਖਦਾ ਹੈ ਭਈ ਜੇ ਕੋਈ ਮੇਰੇ ਬਚਨ ਦੀ ਪਾਲਨਾ ਕਰੇ ਤਾਂ ਉਹ ਮ'ਤ ਦਾ ਸੁਆਦ
ਮੂਲੋਂ ਕਦੇ ਨਾ ਚੱਖੂ। 53 ਭਲਾ, ਤੂੰ ਸਾਡੇ ਪਿਤਾ ਅਬਰਾਹਾਮ ਨਾਲੋਂ ਜੋ ਮਰ ਗਿਆ
ਹੈ ਵੱਡਾ ਹੈ? ਨਾਲੇ ਨਬੀ ਵੀ ਮਰ ਗਏ। ਤੂੰ ਆਪ ਨੂੰ ਕੀ ਬਣਾਉਂਦਾ ਹੈ? 54 ਯਿਸੂ
ਨੇ ਉੱਤਰ ਦਿੱਤਾ, ਜੇ ਮੈਂ ਆਪਣੀ ਵਡਿਆਈ ਕਰਾਂ ਤਾਂ ਮੇਰੀ ਵਡਿਆਈ ਕੁੱਝ
ਨਹੀਂ ਹੈ। ਜੋ ਮੇਰੀ ਵਡਿਆਈ ਕਰਦਾ ਹੈ ਸੋ ਮੇਰਾ ਪਿਤਾ ਹੈ ਜਿਹ ਨੂੰ ਤੁਸੀਂ ਆਖਦੇ
ਹੋ ਜੋ ਉਹ ਸਾਡਾ ਪਰਮੇ ਰ ਹੈ। 55 ਅਤੇ ਤੁਸਾਂ ਉਹ ਨੂੰ ਨਹੀਂ ਜਾਤਾ ਪਰ ਮੈਂ ਉਹ ਨੂੰ
ਜਾਣਦਾ ਹਾਂ ਅਰ ਜੇ ਮੈਂ ਆਖਾਂ ਭਈ ਮੈਂ ਉਹ ਨੂੰ ਨਹੀਂ ਜਾਣਦਾ ਤਾਂ ਤੁਹਾਡੇ ਵਾਂਙੁ
ਝੂਠਾ ਹੋਵਾਂਗਾ ਪਰ ਮੈਂ ਉਹ ਨੂੰ ਜਾਣਦਾ ਹਾਂ ਅਤੇ ਉਹ ਦੇ ਬਚਨ ਦੀ ਪਾਲਣਾ
ਕਰਦਾ ਹਾਂ। 56 ਤੁਹਾਡਾ ਪਿਤਾ ਅਬਰਾਹਾਮ ਮੇਰਾ ਦਿਨ ਵੇਖਣ ਨੂੰ ਅਨੰਦ ਸੀ ਅਰ
ਉਸ ਨੇ ਵੇਖਿਆ ਅਤੇ ਪਰਸੰਨ ਹੋਇਆ। 57 ਤਾਂ ਯਹੂਦੀਆਂ ਨੇ ਉਹ ਨੂੰ ਆ-
ਖਿਆ, ਤੇਰੀ ਉਮਰ ਤਾਂ ਅਜੇ ਪ ਜਾਹਾਂ ਵਰਿਹਾਂ ਦੀ ਨਹੀਂ ਅਤੇ ਤੈਂ ਅਬਰਾਹਾਮ ਨੂੰ
ਵੇਖਿਆ ਹੈ? 58 ਯਿਸੂ ਨੇ ਉਨ੍ਹਾਂ ਨੂੰ ਕਿਹਾ, ਮੈਂ ਤੁਹਾਨੂੰ ਸੱਚ-ਸੱਚ ਆਖਦਾ ਹਾਂ ਜੋ
ਅਬਰਾਹਾਮ ਤੈਂ ਹੋਣ ਤੋਂ ਪਹਿਲਾਂ ਮੈਂ ਹਾਂ। 59 ਉਪਰੰਤ ਉਨ੍ਹਾਂ ਉਸ ਦੇ ਮਾਰਨ ਨੂੰ
ਪੱਥਰ ਚੁੱਕੇ ਪਰ ਯਿਸੂ ਨੇ ਆਪਣੇ ਤਾਈਂ ਲੁਕੋਇਆ ਅਤੇ ਹੈਕਲੋਂ ਬਾਹਰ ਚੱਲਿਆ
ਗਿਆ।

## 9

### ਪ੍ਭੂ ਯਿਸੂ ਇੱਕ ਜਮਾਂਦਰੂ ਅ ਨ੍ਹੇ ਨੂੰ ਠੀਕ ਕਰਦੇ ਹਨ



ਜਾਂ ਉਹ ਚੱਲਿਆ ਜਾਂਦਾ ਸੀ
ਤਾਂ ਉਸ ਨੇ ਇੱਕ ਮਨੁੱਖ ਵੇਖਿਆ
ਜਿਹੜਾ ਜਮਾਂਦਰੂ ਅ ਨ੍ਹਾਂ ਸੀ 2 ਅਤੇ
ਉਸ ਦੇ ਚੇਲਿਆਂ ਨੇ ਉਸ ਨੂੰ ਪੁੱਛਿਆ,
ਸੁਆਮੀ ਜੀ ਕਿਹ ਨੇ ਪਾਪ ਕੀਤਾ
ਇਸਨੇ ਯਾ ਇਹ ਦੇ ਮਾਪਿਆਂ ਨੇ ਜੋ
ਇਹ ਅ ਨ੍ਹਾਂ ਜੰਮਿਆ ਹੈ? 3 ਯਿਸੂ ਨੇ
ਉੱਤਰ ਦਿੱਤਾ, ਨਾ ਤਾਂ ਇਸ ਨੇ ਪਾਪ
ਕੀਤਾ ਨਾ ਇਹ ਦੇ ਮਾਪਿਆਂ ਨੇ ਪਰ
ਇਹ ਇਸ ਲਈ ਹੋਇਆ ਜੋ
ਪਰਮੇ ਰ ਦੇ ਕੰਮ ਉਸ ਵਿੱਚ ਪਰਗਟ

ਕੀਤੇ ਜਾਣ। 4 ਸਾਨੂੰ ਚਾਹੀਦਾ ਹੈ ਕਿ ਦਿਨ ਹੁੰਦੇ ਹੁੰਦੇ ਉਹ ਦੇ ਕੰਮ ਕਰੀਏ ਜਿਨ੍ਹ
ਮੈਨੂੰ ਘੱਲਿਆ। ਰਾਤ ਚਲੀ ਆਉਂਦੀ ਹੈ ਜਦੋਂ ਕੋਈ ਕੰਮ ਨਹੀਂ ਕਰ ਸਕਦਾ। 5
ਜਦ ਤੀਕੁਰ ਮੈਂ ਜਗਤ ਵਿੱਚ ਰਹਾਂ ਮੈਂ ਜਗਤ ਦਾ ਚਾਨਣ ਹਾਂ। 6 ਉਸ ਨੇ ਇਹ
ਗੱਲਾਂ ਕਹਿ ਕੇ ਧਰਤੀ ਉੱਤੇ ਥੁੱਕਿਆ ਅਤੇ ਥੁੱਕ ਨਾਲ ਮਿੱਟੀ ਗੋਈ ਅਰ ਉਹ
ਮਿੱਟੀ ਉਹ ਦੀਆਂ ਅੱਖੀਆਂ ਉੱਤੇ ਮਲੀ। 7 ਅਤੇ ਉਸ ਨੂੰ ਆਖਿਆ, ਜਾਹ
ਸਿਲੋਆਮ ਦੇ ਕੁੰਡ ਵਿੱਚ ਜਿਹ ਦਾ ਅਰਥ ਹੈ ਭੇਜਿਆ ਹੋਇਆ ਧੋ ਸੁੱਟ। ਸੋ
ਉਹ ਨੇ ਜਾ ਕੇ ਧੋਤੀਆਂ ਅਤੇ ਸੁਜਾਖਾ ਹੋ ਕੇ ਚਲਾ ਆਇਆ। 8 ਇਸ ਲਈ
ਗੁਆਂਢੀਆਂ ਨੇ ਅਤੇ ਜਿਨ੍ਹਾਂ ਅੱਗੇ ਉਹ ਨੂੰ ਵੇਖਿਆ ਸੀ ਜੋ ਉਹ ਮ ਗਤਾ ਹੈ
ਕਿਹਾ, ਕੀ ਇਹ ਉਹੋ ਨਹੀਂ ਜਿਹੜਾ ਬੈਠਾ ਭੀਖ ਮ ਗਦਾ ਹੁੰਦਾ ਸੀ? 9 ਇੱਕਨਾਂ
ਆਖਿਆ, ਇਹ ਉਹੋ ਹੈ। ਇੱਕਨਾਂ ਆਖਿਆ, ਨਹੀਂ ਪਰ ਉਸ ਵਰਗਾ ਹੈ। ਓਸ
ਆਖਿਆ, ਮੈਂ ਉਹੋ ਹਾਂ। 1• ਇਸ ਲਈ ਉਨ੍ਹਾਂ ਨੇ ਉਹ ਨੂੰ ਕਿਹਾ, ਫੇਰ ਤੇਰੀਆਂ
ਅੱਖਾਂ ਕਿਸ ਤਰ੍ਹਾਂ ਖੁਲ੍ਹ ਗਈਆਂ? 11 ਉਹ ਨੇ ਉੱਤਰ ਦਿੱਤਾ ਕਿ ਉਸ ਮਨੁੱਖ ਨੇ
ਜਿਹ ਦਾ ਨਾਮ ਯਿਸੂ ਹੈ ਮਿੱਟੀ ਗੋ ਕੇ ਮੇਰੀਆਂ ਅੱਖਾਂ ਉੱਤੇ ਮਲੀ ਅਰ ਮੈਨੂੰ ਆ-
ਖਿਆ, ਸਿਲੋਆਮ ਵਿੱਚ ਜਾ ਕੇ ਧੋ ਸੁੱਟ ਸੋ ਮੈਂ ਜਾ ਕੇ ਧੋ ਸੁੱਟੀਆਂ ਅਤੇ ਸੁਜਾਖਾ
ਹੋ ਗਿਆ! 12 ਤਾਂ ਉਨ੍ਹਾਂ ਉਹ ਨੂੰ ਆਖਿਆ ਕਿ ਉਹ ਕਿੱਥੇ ਹੈ? ਉਹ ਬੋਲਿਆ, ਮੈਂ
ਨਹੀਂ ਜਾਣਦਾ।

## ˆਰੀਸੀ ਅ ਨ੍ਹੇ ਦੇ ਚੰਗੇ ਹੋਣ ਦੀ ਜਾਂਚ ਕਰਦੇ ਹਨ

ਓਹ ਉਸ ਨੂੰ ਜਿਹੜਾ ਅੱਗੇ ਅ ਨ੍ਹਾ ਸੀ ਫਰੀਸੀਆਂ ਕੋਲ ਲਿਆਏ। 14
ਅਤੇ ਜਿਸ ਦਿਨ ਯਿਸੂ ਨੇ ਮਿੱਟੀ ਗੋ ਕੇ ਉਹ ਦੀਆਂ ਅੱਖੀਆਂ ਖੋਲ੍ਹ ਦਿੱਤੀਆਂ
ਉਹ ਦਿਨ ਸਬਤ ਦਾ ਸੀ। 15 ਤਾਂ ਫਰੀਸੀਆਂ ਨੇ ਫੇਰ ਉਸ ਤੋਂ ਪੁੱਛਿਆ, ਤੂੰ ਕਿਕੁਰ
ਸੁਜਾਖਾ ਹੋ ਗਿਆ? ਉਹ ਨੇ ਉਨ੍ਹਾਂ ਨੂੰ ਕਿਹਾ ਕਿ ਉਨ ਮੇਰੀਆਂ ਅੱਖਾਂ ਤੇ ਗਿੱਲੀ
ਮਿੱਟੀ ਲਾਈ ਅਤੇ ਮੈਂ ਧੋਤੀਆਂ ਅਰ ਹੁਣ ਵੇਖਦਾ ਹਾਂ। 16 ਉਪਰੰਤ ਫਰੀਸੀਆਂ
ਵਿੱਚੋਂ ਕਿੰਨੀਆਂ ਨੇ ਕਿਹਾ, ਇਹ ਮਨੁੱਖ ਪਰਮੇ ਰ ਦੀ ਵੱਲੋਂ ਨਹੀਂ ਜੋ ਸਬਤ ਦੇ
ਦਿਨ ਨੂੰ ਨਹੀਂ ਮ ਨਦਾ। ਪਰ ਹੋਰਨਾ ਆਖਿਆਂ, ਪਾਪੀ ਮਨੁੱਖ ਏਹੋ ਜੇਹੇ ਨਿ ਾਨ
ਕਿਕੁੱਰ ਵਿਖਾਲ ਸਕਦਾ ਹੈ? ਸੋ ਉਨ੍ਹਾਂ ਵਿੱਚ ਫੁੱਟ ਪੈ ਗਈ। 17 ਉਨ੍ਹਾਂ ਉਸ ਅ ਨ੍ਹੇ
ਨੂੰ ਫੇਰ ਆਖਿਆ ਕਿ ਉਹ ਨੇ ਜੋ ਤੇਰੀਆਂ ਅੱਖਾਂ ਖੋਲ੍ਹੀਆਂ ਤੂੰ ਉਹ ਦੇ ਵਿਖੇ ਕੀ
ਕਹਿੰਦਾ ਹੈਂ? ਉਹ ਬੋਲਿਆ, ਉਹ ਨਬੀ ਹੈ। 18 ਪਰ ਯਹੂਦੀਆਂ ਨੇ ਇਹ ਗੱਲ ਸਤ
ਨਾ ਮ ਨੀ ਜੋ ਉਹ ਅ ਨ੍ਹਾ ਸੀ ਅਤੇ ਸੁਜਾਖਾ ਹੋ ਗਿਆ, ਜਿੰਨ੍ਹਾ ਚਿਰ ਉਸ ਸੁਜਾਖੇ
ਹੋਏ ਹੋਏ ਦੇ ਮਾਪਿਆਂ ਨੂੰ ਨਾ ਦੱਸਿਆ। 19 ਅਤੇ ਇਹ ਕਹਿ ਕੇ ਉਨ੍ਹਾਂ ਤੋਂ ਨਾ
ਪੁੱਛਿਆ, ਕੀ ਇਹ ਤੁਹਾਡਾ ਪੁੱਤ੍ਰ ਹੈ ਜਿਹ ਨੂੰ ਤੁਸੀਂ ਆਖਦੇ ਹੋ ਭਈ ਉਹ ਅ ਨ੍ਹਾ
ਜੰਮਿਆ ਸੀ? ਫਿਰ ਹੁਣ ਉਹ ਕਿਕੁਰ ਵੇਖਦਾ ਹੈ? ਉਹ ਦੇ ਮਾਪਿਆਂ ਨੇ ਉੱਤਰ

ਦਿੱਤਾ, ਅਸੀਂ ਜਾਣਦੇ ਹਾਂ ਜੋ ਇਹ ਸਾਡਾ ਪੁੱਤ੍ਰ ਹੈ ਅਤੇ ਇਹ ਭੀ ਕਿ ਉਹ ਅ ਨ੍ਹਾ
ਜੰਮਿਆ ਸੀ। 21 ਪਰ ਸਾਨੂੰ ਪਤਾ ਨਹੀਂ ਜੋ ਉਹ ਹੁਣ ਕਿਕੁੱਰ ਵੇਖਦਾ ਹੈ ਅਤੇ ਇਹ
ਭੀ ਨਹੀਂ ਸਾਨੂੰ ਪਤਾ ਹੈ ਭਈ ਕਿਹ ਨੇ ਉਹ ਦੀਆਂ ਅੱਖਾਂ ਖੋਲ੍ਹੀਆਂ। ਉਸੇ ਕੋਲੋਂ
ਪੁੱਛ ਲਓ, ਉਹ ਸਿਆਣਾ ਹੈ, ਉਹ ਆਪਣੀ ਗੱਲ ਆਪ ਦੱਸੂ। 22 ਉਹ ਦੇ ਮਾ-
ਪਿਆਂ ਨੇ ਯਹੂਦੀਆਂ ਤੋਂ ਡਰ ਦੇ ਮਾਰੇ ਇਹ ਗੱਲਾਂ ਕਹੀਆਂ ਕਿਉਂ ਜੋ ਯਹੂਦੀਆਂ
ਨੇ ਏਕਾ ਕਰ ਲਿਆ ਸੀ ਭਈ ਜੇ ਕੋਈ ਉਹ ਨੂੰ ਮਸੀਹ ਕਰਕੇ ਮੰਨ ਲਵੇ ਤਾਂ ਉਹ
ਸਮਾਜ ਵਿੱਚੋਂ ਛੇਕਿਆ ਜਾਵੇ। 23 ਇਸ ਕਾਰਨ ਉਹ ਦੇ ਮਾਪਿਆਂ ਨੇ ਕਿਹਾ ਕਿ
ਉਹ ਸਿਆਣਾ ਹੈ, ਉਸੇ ਨੂੰ ਪੁੱਛ ਲਓ। 24 ਉਪਰੰਤ ਉਨ੍ਹਾਂ ਨੇ ਉਸ ਮਨੁੱਖ ਨੂੰ
ਜਿਹੜਾ ਅੰਨ੍ਹਾਂ ਸੀ ਦੂਈ ਵਾਰ ਸੱਦਿਆ ਅਤੇ ਉਹ ਨੂੰ ਆਖਿਆ ਕਿ ਪਰਮੇ ਰ ਦੀ
ਵਡਿਆਈ ਕਰ। ਅਸੀਂ ਜਾਣਦੇ ਹਾਂ ਜੋ ਇਹ ਮਨੁੱਖ ਪਾਪੀ ਹੈ। 25 ਤਾਂ ਉਸ ਉੱਤਰ
ਦਿੱਤਾ ਭਈ ਉਹ ਪਾਪੀ ਹੈ ਕਿ ਨਹੀਂ ਸੋ ਮੈਂ ਨਹੀਂ ਜਾਣਦਾ। ਇੱਕ ਗੱਲ ਮੈਂ
ਜਾਣਦਾ ਹਾਂ ਕਿ ਮੈਂ ਅੰਨ੍ਹਾ ਸੀ ਹੁਣ ਵੇਖਦਾ ਹਾਂ। 26 ਇਸ ਲਈ ਉਨ੍ਹਾਂ ਉਸ ਨੂੰ
ਕਿਹਾ ਜੋ ਉਹ ਤੇਰੇ ਨਾਲ ਕੀ ਕੀਤਾ? ਕਿਸ ਤਰ੍ਹਾਂ ਤੇਰੀਆਂ ਅੱਖਾਂ ਖੋਲ੍ਹੀਆਂ? 27
ਉਹ ਨੇ ਉਨ੍ਹਾਂ ਨੂੰ ਉੱਤਰ ਦਿੱਤਾ, ਮੈਂ ਤਾਂ ਹੁਣੇ ਤੁਹਾਨੂੰ ਦੱਸਿਆ ਸੀ ਅਤੇ ਤੁਸਾਂ
ਸੁਣਿਆ ਹੀ ਨਾ। ਕਿਉਂ ਫਿਰ ਸੁਣਨਾ ਚਾਹੁੰਦੋ ਹੋ? ਭਲਾ, ਤੁਸੀਂ ਵੀ ਉਹ ਦੇ ਚੇਲੇ
ਹੋਣਾ ਚਾਹੁੰਦੇ ਹੋ? 28 ਤਾਂ ਉਨ੍ਹਾਂ ਉਸ ਨੂੰ ਗਾਲਾਂ ਕੱਢ ਕੇ ਆਖਿਆ, ਉਹ ਦਾ
ਚੇਲਾ ਤੂੰਏਂ ਹੈ ਪਰ ਅਸੀਂ ਮੂਸਾ ਦੇ ਚੇਲੇ ਹਾਂ। 29 ਅਸੀਂ ਜਾਣਦੇ ਹਾਂ ਜੋ ਪਰਮੇ ਰ ਨੇ
ਮੂਸਾ ਦੇ ਨਾਲ ਗੱਲਾਂ ਕੀਤੀਆਂ ਹਨ ਪਰ ਇਹ ਨੂੰ ਨਹੀਂ ਜਾਣਦੇ ਭਈ ਕਿੱਥੋਂ ਹੈ।
30 ਉਸ ਮਨੁੱਖ ਨੇ ਉਨ੍ਹਾਂ ਨੂੰ ਉੱਤਰ ਦਿੱਤਾ, ਇਹੋ ਤਾਂ ਅਚਰਜ ਦੀ ਗੱਲ ਹੈ ਜੋ
ਤੁਸੀਂ ਨਹੀਂ ਜਾਣਦੇ ਭਈ ਉਹ ਕਿੱਥੋਂ ਹੈ ਅਤੇ ਉਸ ਨੇ ਮੇਰੀਆਂ ਅੱਖੀਆਂ ਖੋਲ੍ਹ
ਦਿੱਤੀਆਂ! 31 ਅਸੀਂ ਤਾਂ ਜਾਣਦੇ ਹਾਂ ਜੋ ਪਰਮੇ ਰ ਪਾਪੀਆਂ ਦੀ ਨਹੀਂ ਸੁਣਦਾ ਪਰ
ਜੇ ਕੋਈ ਪਰਮੇ ਰ ਦਾ ਭਗਤ ਹੋਵੇ ਅਤੇ ਉਹ ਦੀ ਮਰਜੀ ਉੱਤੇ ਚੱਲੇ ਤਾਂ ਉਹ ਦੀ
ਸੁਣਦਾ ਹੈ। 32 ਜਗਤ ਦੇ ਮੁੱਢੋਂ ਇਹ ਕਦੇ ਨਹੀਂ ਸੁਣਾਇਆ ਗਿਆ ਜੋ ਕਿਨ੍ਹੇ
ਜਮਾਂਦਰੂ ਅੰਨੇ ਦੀਆਂ ਅੱਖਾਂ ਖੋਲ੍ਹੀਆਂ ਹੋਣ! 33 ਜੇ ਇਹ ਪਰਮੇ ਰ ਦੀ ਵੱਲੋਂ ਨਾ
ਹੁੰਦਾ ਤਾਂ ਕੁਝ ਨਾ ਕਰ ਸਕਦਾ। 34 ਉਨ੍ਹਾਂ ਨੇ ਉਸ ਨੂੰ ਉੱਤਰ ਦਿੱਤਾ, ਤੂੰ ਤਾਂ ਨਿਰਾ
ਪਾਪਾਂ ਵਿੱਚ ਜੰਮਿਆ ਹੈ, ਫੇਰ ਸਾਨੂੰ ਸਿਖਲਾਉਂਦਾ ਹੈਂ? ਅਤੇ ਉਨ੍ਹਾਂ ਉਸ ਨੂੰ ਛੇਕ
ਦਿੱਤਾ।

## ਆਤਮਕ ਤ'ਰ ਤੇ ਅੰਨ੍ਹਾਪਨ

35 ਯਿਸੂ ਨੇ ਸੁਣਿਆ ਜੋ ਉਨ੍ਹਾਂ ਨੂੰ ਛੇਕ ਦਿੱਤਾ ਅਤੇ ਉਹ ਨੂੰ ਲੱਭ ਕੇ
ਆਖਿਆ, ਕੀ ਤੂੰ ਪਰਮੇ ਰ ਦੇ ਪੁੱਤ੍ਰ ਉੱਤੇ ਨਿਹਚਾ ਕਰਦਾ ਹੈ? 36 ਉਹ ਨੇ ਉੱਤਰ
ਦਿੱਤਾ, ਪ੍ਰਭੂ ਜੀ, ਉਹ ਕ'ਣ ਹੈ ਜੋ ਮੈਂ ਉਸ ਉੱਤੇ ਨਿਹਚਾ ਕਰਾਂ? 37 ਯਿਸੂ ਨੇ ਉਹ

ਨੂੰ ਆਖਿਆ, ਤੈਂ ਉਸ ਨੂੰ ਵੇਖਿਆ ਭੀ ਹੈ ਅਤੇ ਨਾਲੇ ਉਹ ਜੋ ਤੇਰੇ ਸੰਗ ਗੱਲਾਂ
ਕਰਦਾ ਹੈ ਸੋਈ ਹੈ। 38 ਤਾਂ ਉਹ ਬੋਲਿਆ, ਪ੍ਰਭੂ ਜੀ ਮੈਂ ਨਿਹਚਾ ਕਰਦਾ ਹਾਂ! ਅਤੇ
ਉਸ ਨੂੰ ਮੱਥਾ ਟੇਕਿਆ। 39 ਯਿਸੂ ਨੇ ਆਖਿਆ, ਮੈਂ ਨਿਆਉਂ ਲਈ ਇਸ ਜਗਤ
ਵਿੱਚ ਆਇਆ ਭਈ ਜਿਹੜੇ ਨਹੀਂ ਵੇਖਦੇ ਹਨ ਓਹ ਵੇਖਣ ਅਤੇ ਜਿਹੜੇ ਵੇਖਦੇ
ਹਨ ਓਹ ਅ ਨ੍ਹੇ ਹੋ ਜਾਣ। 40 ਫਰੀਸੀਆਂ ਵਿੱਚੋਂ ਉਨ੍ਹਾਂ ਨੇ ਜੋ ਉਸ ਦੇ ਨਾਲ ਸਨ
ਇਹ ਗੱਲਾਂ ਸੁਣੀਆਂ ਅਤੇ ਉਸ ਨੂੰ ਆਖਿਆ, ਭਲਾ, ਅਸੀਂ ਵੀ ਅ ਨ੍ਹੇ ਹਾਂ? 41
ਯਿਸੂ ਨੇ ਉਨ੍ਹਾਂ ਨੂੰ ਆਖਿਆ, ਜੇ ਤੁਸੀਂ ਅੰਨ੍ਹੇ ਹੁੰਦੇ ਤਾਂ ਤੁਹਾਡਾ ਪਾਪ ਨਾ ਹੁੰਦਾ ਪਰ
ਹੁਣ ਜੋ ਤੁਸੀਂ ਆਖਦੇ ਹੋ ਭਈ ਅਸੀਂ ਵੇਖਦੇ ਹਾਂ ਇਸ ਲਈ ਤੁਹਾਡਾ ਪਾਪ
ਬਣਿਆ ਰਹਿੰਦਾਾ ਹੈ।

### ਅਯਾਲੀ ਅਤੇ ਉਸ ਦੀਆਂ ਭੇਡਾਂ



## 10

ਮੈਂ ਤੁਹਾਨੂੰ ਸੱਚ
ਆਖਦਾ ਹਾਂ ਕਿ
ਜਿਹੜਾ ਭੇਡਾਂ ਦੇ ਬਾੜੇ
ਵਿੱਚ ਬੂਹੇ ਥਾਣੀਂ ਨਹੀਂ
ਵੜਦਾ ਪਰ ਹੋਰ
ਪਾਸਿਓਂ ਚੜ੍ਹਦਾ ਹੈ ਉਹ
ਚੋਰ ਅਤੇ ਡਾਕੂ ਹੈ। 2
ਪਰ ਜਿਹੜਾ ਬੂਹੇ ਥਾਣੀਂ
ਵੜਦਾ ਹੈ ਉਹ ਭੇਡਾਂ
ਦਾ ਅਯਾਲੀ ਹੈ। 3 ਉਹ
ਦੇ ਲਈ ਦਰਬਾਨ ਖੋਲ੍ਹ
ਦਿੰਦਾ ਹੈ ਅਤੇ ਭੇਡਾਂ
ਉਹ ਦਾ ਬੋਲ
ਸੁਣਦੀਆਂ ਹਨ ਅਤੇ
ਉਹ ਆਪਣੀਆਂ ਭੇਡਾਂ
ਨੂੰ ਨਾਉਂ ਲੈ ਲੈ ਕੇ
ਬੁਲਾਉਂਦਾ ਹੈ ਅਰ
ਉਨ੍ਹਾਂ ਨੂੰ ਬਾਹਰ ਲੈ
ਜਾਂਦਾ ਹੈ। 4 ਜਦ ਉਹ

ਆਪਣੀ ਸਾਰੀਆਂ ਭੇਡਾਂ ਨੂੰ ਕੱਢ ਚੁੱਕਦਾ ਹੈ ਤਾਂ ਉਨ੍ਹਾਂ ਦੇ ਅੱਗੇ ਅੱਗੇ ਤੁਰ ਪੈਂਦਾ
ਹੈ ਅਤੇ ਭੇਡਾਂ ਉਹ ਦੇ ਮਗਰ ਮਗਰ ਲੱਗੀਆਂ ਜਾਂਦੀਆਂ ਹਨ ਕਿਉਂ ਜੋ ਓਹ ਉਸ
ਦੀ ਅਵਾ ਪਛਾਣਦੀਆਂ ਹਨ। 5 ਓਹ ਪਰਾਏ ਦੇ ਮਗਰ ਕਦੇ ਨਾ ਜਾਣਗੀਆਂ
ਸਗੋਂ ਉਸ ਤੋਂ ਨੱਸ ਜਾਣਗੀਆਂ ਕਿਉਂ ਜੋ ਉਸ ਦੀ ਅਵਾ ਨਹੀਂ ਪਛਾਣਦੀਆਂ। 6
ਯਿਸੂ ਨੇ ਇਹ ਦ੍ਰਿਟਾਂਤ ਉਨ੍ਹਾਂ ਨੂੰ ਆਖਿਆ ਪਰ ਓਹ ਨਾ ਸਮਝੇ ਭਈ ਇਹ ਕੀ
ਗੱਲਾਂ ਹਨ ਜਿਹੜੀਆਂ ਉਹ ਸਾਨੂੰ ਆਖਦਾ ਹੈ। 7 ਇਸ ਲਈ ਯਿਸੂ ਨੇ ਫਿਰ ਉਨ੍ਹਾਂ
ਨੂੰ ਆਖਿਆ ਮੈਂ ਤੁਹਾਨੂੰ ਸੱਚ ਸੱਚ ਆਖਦਾ ਹਾਂ ਜੋ ਭੇਡਾਂ ਦਾ ਬੂਹਾਂ ਮੈ ਹਾਂ। 8 ਸਭ
ਜਿੰਨੇ ਮੈਥੋਂ ਅੱਗੇ ਆਏ ਸੋ ਚੋਰ ਅਤੇ ਡਾਕੂ ਹਨ ਪਰ ਭੇਡਾਂ ਨੇ ਉਨ੍ਹਾਂ ਦੀ ਨਾ ਸੁਣੀ।
9 ਉਹ ਬੂਹਾ ਮੈਂ ਹਾਂ। ਮੇਰੇ ਥਾਣੀਂ ਜੇ ਕੋਈ ਵੜੇ ਤਾਂ ਉਹ ਬਚਾਇਆ ਜਾਵੇਗਾ ਅਤੇ
ਅੰਦਰ ਬਾਹਰ ਆਇਆ ਜਾਇਆ ਕਰੇਗਾ ਅਤੇ ਚਾਰਾ ਪਾਵੇਗਾ। 10 ਚੋਰ ਨਹੀਂ
ਆਉਂਦਾ ਪਰ ਇਸ ਲਈ ਜੋ ਚੁਰਾਵੇ ਅਰ ਵੱਢੇ ਅਤੇ ਨਾਸ ਕਰੇ। ਮੈਂ ਇਸ ਲਈ
ਆਇਆ ਭਈ ਉਨ੍ਹਾਂ ਨੂੰ ਜੀਉਣ ਮਿਲ ਸਗੋਂ ਚੋਖਾ ਮਿਲੇ। 11 ਅੱਛਾ ਅਯਾਲੀ ਮੈਂ
ਹਾਂ। ਅੱਛਾ ਅਯਾਲੀ ਭੇਡਾਂ ਲਈ ਆਪਣੀ ਜਾਨ ਦਿੰਦਾ ਹੈ। 12 ਜੋ ਕਾਮਾ ਹੈ ਅਤੇ
ਅਯਾਲੀ ਨਹੀਂ ਜਿਹ ਦੀਆਂ ਭੇਡਾਂ ਆਪਣੀਆਂ ਨਹੀਂ ਹਨ ਸੋ ਬਘਿਆੜ ਨੂੰ
ਆਉਂਦਾ ਵੇਖ ਕੇ ਭੇਡਾਂ ਨੂੰ ਛੱਡਦਾ ਅਤੇ ਭੱਜ ਜਾਂਦਾ ਹੈ ਅਰ ਬਘਿਆੜ ਉਨ੍ਹਾਂ ਨੂੰ
ਫੜ ਲੈਂਦਾ ਅਤੇ ਖਿ ਡਾ ਦਿੰਦਾ ਹੈ। 13 ਉਹ ਇਸ ਲਈ ਭੱਜਦਾ ਹੈ ਜੋ ਉਹ ਕਾਮਾ
ਹੈ ਅਤੇ ਭੇਡਾਂ ਦੀ ਚਿੰਤਾ ਨਹੀਂ ਕਰਦਾ । ਅੱਛਾ ਅਯਾਲੀ ਮੈਂ ਹਾਂ ਅਤੇ ਮੈਂ
ਆਪਣੀਆਂ ਭੇਡਾਂ ਨੂੰ ਸਿਆਣਦਾ ਹਾਂ ਅਤੇ ਮੇਰੀਆਂ ਆਪਣੀਆਂ ਭੇਡਾਂ ਮੈਨੂੰ
ਪਛਾਣਦੀਆਂ ਹਨ ਅਰ ਮੈਂ ਪਿਤਾ ਨੂੰ ਸਿਆਣਦਾ ਹਾਂ। ਮੈਂ ਭੇਡਾਂ ਦੇ ਬਦਲੇ
ਆਪਣੀ ਜਾਨ ਦਿੰਦਾ ਹਾਂ। 16 ਅਤੇ ਮੇਰੀਆ ਹੋਰ ਵੀ ਭੇਡਾਂ ਹਨ ਜਿਹੜੀਆਂ ਇਸ
ਬਾੜੇ ਦੀਆਂ ਨਹੀਂ। ਮੈਨੂੰ ਚਾਹੀਦਾ ਹੈ ਜੋ ਉਨ੍ਹਾਂ ਨੂੰ ਵੀ ਲਿਆਵਾਂ ਅਰ ਓਹ ਮੇਰੀ
ਅਵਾ ਸੁਣਨਗੀਆਂ ਅਤੇ ਇੱਕੋ ਇੱਜੜ ਅਤੇ ਇੱਕੋ ਅਯਾਲੀ ਹਵੇਗਾ। 17 ਪਿਤਾ
ਮੈਨੂੰ ਇਸ ਲਈ ਪਿਆਰ ਕਰਦਾ ਹੈ ਕਿ ਮੈਂ ਆਪਣੀ ਜਾਨ ਦਿੰਦਾ ਹਾਂ ਤਾਂ ਜੋ ਉਹ
ਨੂੰ ਫੇਰ ਲਵਾਂ। 18 ਕੋਈ ਉਸ ਨੂੰ ਮੈਥੋਂ ਖੋਹਦਾ ਨਹੀਂ ਪਰ ਮੈਂ ਆਪੇ ਉਸ ਨੂੰ ਦਿੰਦਾ
ਹਾਂ। ਮੇਰਾ ਇਖਤਿਆਰ ਹੈ ਜੋ ਉਸ ਨੂੰ ਦੇਵਾਂ ਅਤੇ ਮੇਰਾ ਇਖਤਿਆਰ ਹੈ ਜੋ ਉਹ ਨੂੰ
ਫੇਰ ਲਵਾਂ। ਇਹ ਹੁਕਮ ਮੈਂ ਆਪਣੇ ਪਿਤਾ ਕੋਲੋਂ ਪਾਇਆ ਹੈ। 19 ਇਨ੍ਹਾਂ ਬਚਨਾਂ ਦੇ
ਕਾਰਨ ਯਹੂਦੀਆਂ ਵਿੱਚ ਫਿਰ ਫੁੱਟ ਪੈ ਗਈ। 20 ਅਤੇ ਬਹੁਤੇ ਉਨ੍ਹਾਂ ਵਿੱਚੋਂ ਬੋਲੇ
ਭਈ ਉਹ ਨੂੰ ਭੂਤ ਚਿੰਬੜਿਆ ਹੋਇਆ ਹੈ ਅਤੇ ਉਹ ਕਮਲਾ ਹੈ! ਕਾਹਨੂੰ ਤੁਸੀਂ
ਉਹ ਦੀ ਸੁਣਦੇ ਹੋ? 21 ਹੋਰਨਾ ਆਖਿਆ, ਇਹ ਗੱਲਾਂ ਭੂਤ ਦੇ ਗ੍ਰਿਸੇ ਹੋਏ ਦੀਆਂ
ਨਹੀਂ ਹਨ। ਭੂਤ ਭਲਾ ਅ ਨੇ ਦੀਆਂ ਅੱਖਾਂ ਖੋਲ੍ਹ ਸਕਦਾ ਹੈ?

## ਯਹੂਦੀਆਂ ਦਾ ਅਵਿ ਵਾਸ

22 ਯਰੂ ਲਮ ਵਿੱਚ ਪਰਤਿਸਠਾ ਦਾ ਤਿਉਹਾਰ ਆਇਆ। ਉਹ ਸਿਆਲ
ਦੀ ਰੁੱਤ ਸੀ। 23 ਅਤੇ ਯਿਸੂ ਹੈਕਲ ਦੇ ਸੁਲੇਮਾਨ ਦੇ ਦਲਾਨ ਵਿੱਚ ਫਿਰਦਾ ਸੀ। 24
ਇਸ ਲਈ ਯਹੂਦੀਆਂ ਨੇ ਉਸ ਦੇ ਦੁਆਲੇ ਇਕੱਠੇ ਹੋ ਕੇ ਉਸ ਨੂੰ ਆਖਿਆ, ਤੂੰ
ਕਦ ਕੁ ਤਾਈਂ ਸਾਨੂੰ ਦੁਬਧਾ ਵਿੱਚ ਰੱਖੇਂਗਾ? ਜੇ ਤੂੰ ਮਸੀਹ ਹੈਂ ਤਾਂ ਖੋਲ੍ਹ ਕੇ ਸਾਨੂੰ
ਦੱਸ ਦਿਹ। 25 ਯਿਸੂ ਨੇ ਉਨ੍ਹਾਂ ਨੂੰ ਉੱਤਰ ਦਿੱਤਾ, ਮੈਂ ਤਾਂ ਤੁਹਾਨੂੰ ਦੱਸਿਆ ਪਰ
ਤੁਸੀਂ ਪਰਤੀਤ ਨਹੀਂ ਕਰਦੇ। ਜਿਹੜੇ ਕੰਮ ਮੈਂ ਆਪਣੇ ਪਿਤਾ ਦੇ ਨਾਮ ਤੇ ਕਰਦਾ
ਹਾਂ ਓਹ ਮੇਰੇ ਉੱਤੇ ਸਾਖੀ ਦਿੰਦੇ ਹਨ। 26 ਪਰ ਤੁਸੀਂ ਪਰਤੀਤ ਨਹੀਂ ਕਰਦੇ ਕਿਉਂ
ਜੋ ਮੇਰੀਆਂ ਭੇਡਾਂ ਵਿੱਚੋਂ ਨਹੀਂ ਹੈ। 27 ਮੇਰੀਆਂ ਭੇਡਾਂ ਮੇਰੀ ਅਵਾ ਸੁਣਦੀਆਂ ਹਨ
ਅਰ ਮੈਂ ਉਨ੍ਹਾਂ ਨੂੰ ਸਿਆਣਦਾ ਹਾਂ ਅਤੇ ਓਹ ਮੇਰੇ ਮਗਰ ਲੱਗੀਆਂ ਆਉਂਦੀਆਂ
ਹਨ। 28 ਮੈਂ ਉਨ੍ਹਾਂ ਨੂੰ ਸਦੀਪਕ ਜੀਉਣ ਦਿੰਦਾ ਹਾਂ ਅਰ ਉਨ੍ਹਾਂ ਦਾ ਸਦੀਪਕਾਲ
ਤੀਕੁਰ ਕਦੇ ਨਾਸ ਨਾ ਹੋਵੇਗਾ, ਨਾ ਕੋਈ ਉਨ੍ਹਾਂ ਨੂੰ ਮੇਰੇ ਹੱਥੋਂ ਖੋਹ ਲਵੇਗਾ। 29
ਮੇਰਾ ਪਿਤਾ ਜਿਹ ਨੇ ਮੈਨੂੰ ਓਹ ਦਿੱਤੀਆਂ ਹਨ ਸਭਨਾਂ ਤੋਂ ਵੱਡਾ ਹੈ ਅਤੇ ਕੋਈ
ਪਿਤਾ ਦੇ ਹੱਥੋਂ ਉਨ੍ਹਾਂ ਨੂੰ ਖੋਹ ਨਹੀਂ ਸਕਦਾ। 30 ਮੈਂ ਅਰ ਪਿਤਾ ਇੱਕੋ ਹਾਂ। 31
ਯਹੂਦੀਆਂ ਨੇ ਫਿਰ ਪੱਥਰ ਚੁੱਕੇ ਜੋ ਉਹ ਨੂੰ ਪਥਰਾਹ ਕਰਨ। 32 ਯਿਸੂ ਨੇ ਅੱਗੋਂ
ਉਨ੍ਹਾਂ ਨੂੰ ਆਖਿਆ, ਮੈਂ ਤੁਹਾਨੂੰ ਪਿਤਾ ਦੀ ਵੱਲੋਂ ਅਨੇਕ ਚੰਗੇ ਕੰਮ ਵਿਖਾਏ। ਉਨ੍ਹਾਂ
ਵਿੱਚੋਂ ਕਿਹੜੇ ਕੰਮ ਦੇ ਬਦਲੇ ਤੁਸੀਂ ਮੈਨੂੰ ਪਥਰਾਹ ਕਰਦੇ ਹੋ? 33 ਯਹੂਦੀਆਂ ਨੇ
ਉਹ ਨੂੰ ਉੱਤਰ ਦਿੱਤਾ ਕਿ ਅਸੀਂ ਤੈਨੂੰ ਚੰਗੇ ਕੰਮ ਪਿੱਛੇ ਪਥਰਾਹ ਨਹੀਂ ਕਰਦੇ ਪਰ
ਕੁੰਰ ਪਿੱਛੇ ਅਤੇ ਇਸ ਲਈ ਜੋ
ਤੂੰ ਮਨੁੱਖ ਹੋ ਕੇ ਆਪਣੇ ਆਪ
ਨੂੰ ਪਰਮੇ ਰ ਬਣਾਉਂਦਾ ਹੈਂ। 34
ਯਿਸੂ ਨੇ ਉਨ੍ਹਾਂ ਨੂੰ ਉੱਤਰ
ਦਿੱਤਾ, ਕੀ ਤੁਹਾਡੀ ਰਾ
ਵਿੱਚ ਇਹ ਨਹੀਂ ਲਿਖਿਆ
ਹੋਇਆ ਹੈ ਕਿ ਮੈਂ ਆਖਿਆ,
ਤੁਸੀਂ ਦਿਓਤੇ ਹੋ? 35 ਜੇਕਰ
ਉਸ ਨੇ ਉਨ੍ਹਾਂ ਨੂੰ ਦਿਓਤੇ
ਆਖਿਆ ਜਿਨ੍ਹਾਂ ਦੇ ਕੋਲ
ਪਰਮੇ ਰ ਦੀ ਬਾਣੀ ਆਈ,
ਅਤੇ ਲਿਖਤ ਖ ਡਣ ਨਹੀਂ ਹੋ
ਸਕਦੀ, 36ਤਾਂ ਜਿਹ ਨੂੰ ਪਿਤਾ
ਨੇ ਪਵਿੱਤਰ ਕਰ ਕੇ ਜਗਤ



ਵਿੱਚ ਘੱਲਿਆ, ਕੀ ਤੁਸੀਂ ਉਹ ਨੂੰ ਇਹ ਆਖਦੇ ਹੋ ਭਈ ਤੂੰ ਕੁਫਰ ਬਕਦਾ ਹੈਂ
ਇਸ ਲਈ ਜੋ ਮੈਂ ਕਿਹਾ ਸੀ ਕਿ ਮੈਂ ਪਰਮੇ ਰ ਦਾ ਪੁੱਤ੍ਰ ਹਾਂ? 37 ਜੇ ਮੈਂ ਅਪਾਣੇ ਪਿਤਾ
ਜੇਹੇ ਕੰਮ ਨਹੀਂ ਕਰਦਾ ਤਾਂ ਮੇਰੀ ਪਰਤੀਤ ਨਾ ਕਰੋ। 38 ਪਰ ਜੇ ਮੈਂ ਕਰਦਾ ਹਾਂ ਤਾ
ਭਾਵੇਂ ਮੇਰੀ ਪਰਤੀਤ ਨਾ ਕਰੋ ਤਦ ਵੀ ਉਨ੍ਹਾਂ ਕੰਮਾਂ ਦੀ ਪਰਤੀਤ ਕਰੋ ਤਾਂ ਤੁਸੀਂ
ਜਾਣੋ ਅਤੇ ਸਮਝੋ ਜੋ ਪਿਤਾ ਮੇਰੇ ਵਿੱਚ ਅਤੇ ਮੈਂ ਪਿਤਾ ਦੇ ਵਿੱਚ ਹਾਂ। 39 ਓਹ ਫੇਰ
ਉਸ ਦੇ ਫੜਨ ਦੇ ਮਗਰ ਲੱਗੇ ਪਰ ਉਹ ਉਨ੍ਹਾਂ ਦੇ ਹੱਥੋਂ ਨਿਕਲ ਗਿਆ।
40 ਉਹ ਫੇਰ ਯਰਦਨ ਦੇ ਪਾਰ ਉਸ ਥਾਂ ਨੂੰ ਚੱਲਿਆ ਗਿਆ ਜਿੱਥੇ
ਪਹਿਲਾਂ ਯੂਹੰਨਾ ਬਪਤਿਸਮਾ ਦਿੰਦਾ ਸੀ ਅਰ ਉੱਥੇ ਟਿਕਿਆ। 41 ਬਥੇਰੇ ਉਸ ਕੋਲ
ਆਏ ਅਤੇ ਬੋਲੇ ਕਿ ਯੂਹੰਨਾ ਨੇ ਤਾਂ ਕੋਈ ਨਿ ਾਨ ਨਹੀਂ ਵਿਖਾਇਆ ਪਰ ਜੋ ਕੁੱਝ
ਯੂਹੰਨਾ ਨੇ ਇਹ ਦੇ ਹੱਕ ਵਿੱਚ ਆਖਿਆ ਸੋ ਸਤ ਸੀ। 42 ਅਤੇ ਉੱਥੇ ਬਹੁਤਿਆਂ ਨੇ
ਉਸ ਉੱਤੇ ਨਿਹਚਾ ਕੀਤੀ।

# 11

## ਲਾ ਰ ਦੀ ਮ’ਤ

ਮਰਿਯਮ ਅਰ ਉਹ ਦੀ ਭੈਣ ਮਾਰਥਾ ਦੀ ਨਗਰੀ ਬੈਤਅਨਿਯਾ ਦਾ ਲਾ ਰ
ਨਾਮੇ ਇੱਕ ਮਨੁੱਖ ਬਿਮਾਰ ਸੀ। 2 ਇਹ ਉਹੋ ਮਰਿਯਮ ਸੀ ਜਿਨ ਪ੍ਰਭੂ ਨੂੰ ਅਤਰ
ਮਲਿਆ ਅਰ ਆਪਣਿਆਂ ਵਾਲਾ ਨਾਲ ਉਹ ਦੇ ਚਰਨ ਪੂ ਝੇ ਸਨ। ਉਸੇ ਦਾ ਭਰਾ
ਲਾ ਰ ਬਿਮਾਰ ਸੀ। 3 ਇਸ ਲਈ ਦੋਹਾਂ ਭੈਣਾਂ ਨੇ ਉਹ ਨੂੰ ਸੁਨੇਹਾ ਭੇਜਿਆ ਕਿ ਪ੍ਰਭੂ
ਜੀ ਵੇਖ ਜਿਸ ਨਾਲ ਤੂੰ ਹਿਤ ਕਰਦਾ ਹੈਂ ਸੋ ਬਿਮਾਰ ਹੈ। 4 ਯਿਸੂ ਨੇ ਸੁਣ ਕੇ ਕਿਹਾ,
ਇਹ ਬਿਮਾਰੀ ਮ’ਤ ਦੀ ਨਹੀਂ ਸਗੋਂ ਪਰਮੇ ਰ ਦੀ ਵਡਿਆਈ ਦੇ ਨਮਿੱਤ ਹੈ ਜੋ
ਇਸ ਤੋਂ ਪਰਮੇ ਰ ਦੇ ਪੁੱਤ੍ਰ ਦੀ ਵਡਿਆਈ ਹੋਵੇ। 5 ਯਿਸੂ ਮਾਰਥਾ ਨੂੰ ਅਤੇ ਉਹ ਦੀ
ਭੈਣ ਅਰ ਲਾ ਰ ਨੂੰ ਪਿਆਰ ਕਰਦਾ ਸੀ। 6 ਸੋ ਜਾ ਉਸ ਨੇ ਸੁਣਿਆ ਭਈ ਉਹ
ਬਿਮਾਰ ਹੈ ਤਾਂ ਉਹ ਜਿੱਥੇ ਸੀ ਉਸ ਵੇਲੇ ਦੋ ਦਿਨ ਉੱਥੇ ਹੀ ਰਿਹਾ। 7 ਤਦ ਇਹ ਦੇ
ਪਿੱਛੇ ਉਸ ਨੇ ਉਸ ਨੂੰ ਆਖਿਆ ਆਉ ਅਸੀ ਯਕੂਦੀਯਾ ਨੂੰ ਚਲੀਲੇ। ਚੇਲਿਆ ਨੇ
ਉਸ ਨੂੰ ਆਖਿਆ,  ਸੁਆਮੀ ਜੀ ਯਹੂਦੀ ਤੈਨੂੰ ਹੁਣੇ ਪਥਰਾਹ ਕਰਨਾ ਚਾਹੁੰਦੇ ਸਨ
ਅਤੇ ਤੂੰ ਫੇਰ ਉੱਥੇ ਜਾਂਦਾ ਹੈ? 9 ਯਿਸੂ ਨੇ ਉੱਤਰ ਦਿੱਤਾ, ਕੀ ਦਿਨ ਭਰ ਦੇ ਬਾਰਾਂ
ਘ ਟੇ ਨਹੀਂ ਹਨ? ਜੇ ਕੋਈ ਦਿਨ ਨੂੰ ਤੁਰੇ ਤਾਂ ਉਹ ਠੋਕਰ ਨਹੀਂ ਖਾਂਦਾ ਕਿਉਂ ਜੋ
ਉਹ ਇਸ ਜਗਤ ਦਾ ਚਾਨਣ ਵੇਖਦਾ ਹੈ। 10 ਪਰ ਜੇ ਕੋਈ ਰਾਤ ਨੂੰ ਤੁਰੇ ਤਾਂ ਠੋਕਰ
ਖਾਂਦਾ ਹੈ ਕਿਉਂ ਜੋ ਉਹ ਦੇ ਵਿੱਚ ਚਾਨਣ ਨਹੀਂ ਹੈ। 11 ਉਸ ਨੇ ਇਹ ਗੱਲਾਂ
ਆਖੀਆਂ ਅਤੇ ਇਹ ਦੇ ਮਗਰੋਂ ਉਨ੍ਹਾਂ ਨੂੰ ਕਿਹਾ ਕਿ ਸਾਡਾ ਮਿੱਤ੍ਰ ਲਾ ਰ ਸੌਂ ਗਿਆ
ਹੈ ਪਰ ਮੈਂ ਜਾਂਦਾ ਹਾਂ ਭਈ ਉਹ ਨੂੰ ਜਗਾਵਾਂ। 12 ਉਪਰੰਤ ਚੇਲਿਆਂ ਨੇ ਉਸ ਨੂੰ

ਆਖਿਆ, ਪ੍ਰਭੂ ਜੀ ਜੇ ਉਹ ਸੌਂ ਗਿਆ ਹੈ ਤਾਂ ਬਚ ਜਾਊ। 13 ਯਿਸੂ ਨੇ ਉਹ ਦੀ
ਮੌਤ ਦੀ ਗੱਲ ਕੀਤੀ ਸੀ ਪਰ ਓਹ ਸਮਝੇ ਜੋ ਉਸ ਨੇ ਨੀਂਦ ਦੇ ਆਰਾਮ ਦੀ ਗੱਲ
ਆਖੀ ਹੈ। 14 ਉਪਰੰਤ ਯਿਸੂ ਨੇ ਉਨ੍ਹਾਂ ਨੂੰ ਸਾਂ ਸਾਂ ਆਖ ਦਿੱਤਾ ਜੋ ਲਾ ਰ ਮਰ
ਗਿਆ ਹੈ। 15 ਅਤੇ ਮੈਂ ਤੁਹਡੀ ਖਾਤਰ ਪਰਸਿੰਨ ਹਾਂ ਜੋ ਉੱਥੇ ਨਾ ਸਾਂ ਤਾਂ ਜੋ ਤੁਸੀਂ
ਨਿਹਚਾ ਕਰੋ। ਪਰ ਆਓ, ਉਸ ਕੋਲ ਚੱਲੀਏ। 16 ਤਾਂ ਥੋਮਾ ਨੇ ਜਿਹੜਾ ਦੀਦੁਮੁਸ
ਕਰਕੇ ਸੱਦੀਦਾ ਹੈ ਆਪਣੇ ਗੁਰਭਾਈਆਂ ਨੂੰ ਕਿਹਾ, ਆਓ ਅਸੀਂ ਭੀ ਚੱਲੀਏ ਭਈ
ਉਹ ਦੇ ਨਾਲ ਮਰੀਏ।

## ਪ੍ਰਭੂ ਯਿਸੂ ਭੈਣਾਂ ਨੂੰ ਤਸੱਲੀ ਦਿੰਦੇ ਹਨ

17 ਫੇਰ ਯਿਸੂ ਨੇ ਆਣ ਕੇ ਮਲੂਮ ਕੀਤਾ ਜੋ ਉਹ ਨੂੰ ਕਬਰ ਵਿੱਚ ਪਏ
ਚਾਰ ਦਿਨ ਹੋ ਚੁੱਕੇ ਹਨ। 18 ਬੈਤਅਨਿਯਾ ਯਰੂ ਲਮ ਦੇ ਨੇੜੇ ਕੋਹਕੁ ਵਾਟ ਸੀ। 19
ਅਤੇ ਬਹੁਤ ਸਾਰੇ ਯਹੂਦੀ ਮਾਰਥਾ ਅਤੇ ਮਰਿਯਮ ਦੇ ਕੋਲ ਆਏ ਹੋਏ ਸਨ ਜੋ ਉਨ੍ਹਾਂ
ਦੇ ਭਰਾ ਦੇ ਵਿਖੇ ਉਨ੍ਹਾਂ ਦਾ ਮਨ ਧਰਾਵਾ ਕਰਨ। 20 ਉਪਰੰਤ ਮਾਰਥਾ ਨੇ ਜਾ
ਸੁਣਿਆ ਕਿ ਯਿਸੂ ਆਉਂਦਾ ਹੈ ਤਾਂ ਉਸ ਨੂੰ ਮਿਲਣ ਗਈ ਪਰ ਮਰਿਯਮ ਘਰ
ਵਿੱਚ ਬੈਠੀ ਰਹੀ। 21 ਤਦ ਮਾਰਥਾ ਨੇ ਯਿਸੂ ਨੂੰ ਆਖਿਆ, ਪ੍ਰਭੂ ਜੀ ਜੇ ਤੂੰ ਐਥੇ
ਹੁੰਦਾ ਤਾਂ ਮੇਰਾ ਭਰਾ ਨਾ ਮਰਦਾ। 22 ਅਤੇ ਮੈਂ ਹੁਣ ਭੀ ਜਾਣਦੀ ਹਾਂ ਭਈ ਜੋ ਕੁੱਝ
ਤੂੰ ਪਰਮੇ ਰ ਤੋਂ ਮ ਗੇਂ ਸੋ ਪਰਮੇ ਰ ਤੈਨੂੰ ਦੇਉ। 23 ਯਿਸੂ ਨੇ ਉਹ ਨੂੰ ਆਖਿਆ, ਤੇਰਾ
ਭਰਾ ਜੀ ਉਠੇਗਾ। 24 ਮਾਰਥਾ ਨੇ ਉਸ ਨੂੰ ਆਖਿਆ, ਮੈਂ ਜਾਣਦੀ ਹਾਂ ਜੋ
ਕਿਆਮਤ ਨੂੰ ਅ ਤ ਦੇ ਦਿਨ ਉਹ ਜੀ ਉੱਠੂ। 25 ਯਿਸੂ ਨੇ ਉਹ ਨੂੰ ਕਿਹਾ,
ਕਿਆਮਤ ਅਤੇ ਜੀਉਣ ਮੈਂ ਹਾਂ। ਜੋ ਮੇਰੇ ਉੱਤੇ ਨਿਹਚਾ ਕਰਦਾ ਹੈ ਭਾਵੇਂ ਉਹ ਮਰ
ਜਾਏ ਤਾਂ ਵੀ ਜੀਵੇਗਾ। 26 ਅਤੇ ਹਰ ਕੋਈ ਜਿਹੜਾ ਜੀਉਂਦਾ ਹੈ ਅਰ ਮੇਰੇ ਉੱਤੇ
ਨਿਹਚਾ ਕਰਦਾ ਹੈ ਸੋ ਸਦੀਪਕਾਲ ਤੀਕੁਰ ਕਦੇ ਨਾ ਮਰੇਗਾ। ਕੀ ਤੂੰ ਇਸ ਗੱਲ
ਦੀ ਪਰਤੀਤ ਕਰਦੀ ਹੈਂ? 27 ਉਨ ਉਸ ਨੂੰ ਆਖਿਆ, ਹਾਂ ਪ੍ਰਭੂ ਮੈਂ ਪਰਤੀਤ ਕੀਤੀ
ਹੈ ਜੋ ਤੂੰ ਹੀ ਮਸੀਹ ਹੈ ਪਰਮੇ ਰ ਦਾ ਪੁੱਤ੍ਰ ਜਿਹੜਾ ਜਗਤ ਵਿੱਚ ਆਉਣ ਵਾਲਾ
ਸੀ। 28 ਇਹ ਕਹਿ ਕੇ ਉਹ ਚਲੀ ਗਈ ਅਤੇ ਆਪਣੀ ਭੈਣ ਮਰਿਯਮ ਨੂੰ ਚੁੱਪ
ਕੀਤੀ ਸੱਦ ਕੇ ਬੋਲੀ, ਗੁਰੂ ਆਇਆ ਹੋਇਆ ਹੈ ਅਤੇ ਤੈਨੂੰ ਸੱਦਦਾ ਹੈ। 29 ਜਾਂ
ਉਹ ਨੇ ਇਹ ਗੱਲ ਸੁਣੀ ਤਾਂ ਝੱਟ ਉੱਠ ਕੇ ਉਸਦੇ ਕੋਲ ਗਈ। ਯਿਸੂ ਅਜੇ ਪਿੰਡ
ਵਿਚ ਨਹੀਂ ਸੀ ਆਇਆ ਪਰ ਉਸੇ ਥਾਂ ਸੀ ਜਿੱਥੇ ਮਾਰਥਾ ਉਸ ਨੂੰ ਮਿਲੀ ਸੀ।
31 ਫੇਰ ਓਹ ਯਹੂਦੀ ਜਿਹੜੇ ਉਹ ਦੇ ਨਾਲ ਘਰ ਵਿੱਚ ਸਨ ਅਤੇ ਉਹ ਦਾ ਮਨ
ਧਰਾਉਂਦੇ ਸਨ ਜਾਂ ਮਰਿਯਮ ਨੂੰ ਵੇਖਿਆ ਜੋ ਉਹ ਛੇਤੀ ਨਾਲ ਉੱਠ ਕੇ ਬਾਹਰ ਨੂੰ
ਚਲੀ ਗਈ ਹੈ ਤਾਂ ਇਹ ਸਮਝ ਕੇ ਭਈ ਉਹ ਕਬਰ ਉੱਤੇ ਰੋਣ ਜਾਂਦੀ ਹੈ ਉਹ ਦੇ
ਮਗਰੋ ਹੋ ਤੁਰੇ। 32 ਸੋ ਜਾਂ ਮਰਿਯਮ ਉਸ ਥਾਂ ਆਈ ਜਿੱਥੇ ਯਿਸੂ ਸੀ ਤਾਂ ਉਸ ਨੂੰ

ਵੇਖ ਕੇ ਉਸ ਦੇ ਪੈਰੀਂ ਪਈ ਅਤੇ ਉਸ ਨੂੰ ਆਖਿਆ, ਪ੍ਰਭੂ ਜੀ ਜੇ ਤੂੰ ਐਥੇ ਹੁੰਦਾ ਤਾਂ
ਮੇਰਾ ਭਰਾ ਨਾ ਮਰਦਾ।

## ਪ੍ਰਭੂ ਯਿਸੂ ਲਾ ਰ ਨੂੰ ਜਿੰਦਾ ਕਰਦੇ ਹਨ

33 ਉਪਰੰਤ ਜਾਂ ਯਿਸੂ ਨੇ ਉਹ ਨੂੰ ਰੋਂਦਿਆਂ ਅਤੇ ਉਨ੍ਹਾਂ ਯਹੂਦੀਆਂ ਨੂੰ
ਵੀ ਜੋ ਉਹ ਦੇ ਨਾਲ ਆਏ ਸਨ ਰੋਂਦੇ ਵੇਖਿਆ ਤਾਂ ਆਤਮਾ ਵਿੱਚ ਕਲਪਿਆ
ਅਤੇ ਘਬਰਾਇਆ। 34 ਅਤੇ ਆਖਿਆ, ਤੁਸਾਂ ਉਹ ਨੂੰ ਕਿੱਥੇ ਰੱਖਿਆ ਹੈ? ਉਨ੍ਹਾਂ
ਉਸ ਨੂੰ ਆਖਿਆ, ਪ੍ਰਭੂ ਜੀ ਆ ਵੇਖ। 35 ਯਿਸੂ ਰੋਇਆ। 36 ਇਸ ਤੇ ਯਹੂਦੀ
ਬੋਲੇ, ਵੇਖੋ ਇਹ ਉਸ ਨਾਲ ਕੇਡਾ ਹਿੱਤ ਕਰਦਾ ਸੀ! 37 ਪਰ ਕਈ ਉਨ੍ਹਾਂ ਵਿੱਚੋਂ
ਬੋਲੇ, ਕੀ ਇਹ ਜਿਹ ਨੇ ਅ ਨ੍ਹੇ ਦੀਆਂ ਅੱਖਾਂ ਖੋਲੀਆਂ ਐਂਨਾ ਭੀ ਨਾ ਕਰ ਸਕਿਆ
ਜੋ ਇਹ ਮਨੁੱਖ ਨਾ ਮਰਦਾ? 38 ਤਾਂ ਯਿਸੂ ਆਪਣੇ ਜੀ ਵਿੱਚ ਫੇਰ ਕਲਪਦਾ
ਹੋਇਆ ਕਬਰ ਉੱਤੇ ਆਇਆ। ਉਹ ਇੱਕ ਗੁਫਾ ਸੀ ਅਤੇ ਉਸ ਉੱਤੇ ਇੱਕ
ਪੱਥਰ ਧਰਿਆ ਹੋਇਆ ਸੀ। 39 ਯਿਸੂ ਨੇ ਆਖਿਆ, ਇਸ ਪੱਥਰ ਨੂੰ ਹਟਾ ਦਿਓ।
ਉਸ ਮੁਰਦੇ ਦੀ ਭੈਣ ਮਾਰਥਾ ਨੇ ਉਸ ਨੂੰ ਆਖਿਆ, ਪ੍ਰਭੂ ਜੀ ਉਸ ਕੋਲੋਂ ਤਾਂ ਹੁਣ
ਸੜਿਹਾਨ ਆਉਂਦੀ ਹੈ ਕਿਉਂ ਜੋ ਉਹ ਨੂੰ ਚਾਰ ਦਿਨ ਹੋਏ ਹਨ। 4• ਯਿਸੂ ਨੇ ਉਹ
ਨੂੰ ਕਿਹਾ, ਕੀ ਮੈਂ ਤੈਨੂੰ ਨਹੀਂ ਆਖਿਆ ਭਈ ਜੇ ਤੂੰ ਪਰਤੀਤ ਕਰੇਂ ਤਾਂ ਪਰਮੇ ਰ ਦੀ
ਵਡਿਆਈ ਵੇਖੇਂਗੀ? 41 ਸੋ ਉਨ੍ਹਾਂ ਉਸ ਪੱਥਰ ਨੂੰ ਹਟਾ ਦਿੱਤਾ ਅਤੇ ਯਿਸੂ ਨੇ
ਅੱਖਾਂ ਉਤਾਹਾਂ ਕਰ ਕੇ ਆਖਿਆ, ਹੇ ਪਿਤਾ ਮੈਂ ਤੇਰਾ_ ਕਰ ਕਰਦਾ ਹਾਂ ਜੋ ਤੈਂ ਮੇਰੀ
ਸੁਣੀ 42 ਅਤੇ ਮੈਂ ਜਾਣਿਆ ਜੋ ਤੂੰ ਮੇਰੀ ਸਦਾ ਸੁਣਦਾ ਹੈ ਪਰ ਇਨ੍ਹਾਂ ਲੋਕਾਂ ਦੇ
ਕਾਰਨ ਜਿਹੜੇ ਆਲੇ ਦੁਆਲੇ ਖੜ੍ਹੇ ਹਨ ਮੈਂ ਇਹ ਆਖਿਆ ਤਾਂਕਿ ਉਹ ਪਰਤੀਤ
ਜੋ ਤੈਂ ਮੈਨੂੰ ਘੱਲਿਆ। 43 ਇਹ ਕਹਿ ਕੇ ਉੱਚੀ ਅਵਾ ਮਾਰੀ ਕਿ ਲਾ ਰ, ਬਾਹਰ
ਆ! 44 ਉਹ ਜਿਹੜਾ ਮੋਇਆ ਹੋਇਆ ਸੀ ਕੰਨ ਨਾਲ ਹੱਥ ਪੈਰ ਬੱਧੇ ਹੋਏ ਬਾਹਰ
ਨਿੱਕਲ ਆਇਆ ਅਰ ਉਹ ਦੇ ਮੂ ਹ ਉੱਤੇ ਰੁਮਾਲ ਵਲ੍ਹੇਟਿਆ ਹੋਇਆ ਸੀ! ਯਿਸੂ
ਨੇ ਉਨ੍ਹਾਂ ਨੂੰ ਆਖਿਆ, ਉਹ ਨੂੰ ਖੋਲ੍ਹੋ ਅਤੇ ਜਾਣ ਦਿਓ।

## ਪ੍ਰਭੂ ਯਿਸੂ ਨੂੰ ਮਾਰਨ ਦੀ ਵਿਉਂਤ

45 ਤਦੋਂ ਬਥੇਰਿਆਂ ਨੇ ਉਨ੍ਹਾਂ ਯਹੂਦੀਆਂ ਵਿੱਚੋਂ ਜਿਹੜੇ ਮਰਿਯਮ ਕੋਲ
ਆਏ ਸਨ ਇਹ ਜੋ ਕੁੱਝ ਯਿਸੂ ਨੇ ਕੀਤਾ ਵੇਖ ਕੇ ਉਸ ਉੱਤੇ ਨਿਹਚਾ ਕੀਤੀ। 46
ਪਰ ਉਨ੍ਹਾਂ ਵਿੱਚੋਂ ਕਈਆਂ ਨੇ ਫਰੀਸੀਆਂ ਦੇ ਕੋਲ ਜਾ ਕੇ ਓਹ ਕੰਮ ਜਿਹੜੇ ਯਿਸੂ
ਨੇ ਕੀਤੇ ਸਨ ਦੱਸ ਦਿੱਤੇ।

47 ਇਸ ਲਈ ਪਰਧਾਨ ਜਾਜਕਾਂ ਅਤੇ ਫਰੀਸੀਆਂ ਨੇ ਮਹਾ ਸਭਾ
ਇੱਕਠੀ ਕਰ ਕੇ ਕਿਹਾ, ਅਸੀਂ ਕੀ ਕਰਦੇ ਹਾਂ, ਕਿਉਂ ਜੋ ਇਹ ਮਨੁੱਖ ਬਹੁਤ



ਨਿ ਾਨ ਵਿਖਾਉਂਦਾ ਹੈ? 48 ਜੇ ਅਸੀਂ ਉਸ ਨੂੰ ਐਵੇਂ ਛੱਡ ਦੇਈਏ ਤਾਂ ਸਭ ਉਸ
ਉੱਤੇ ਨਿਹਚਾ ਕਰਨਗੇ ਅਤੇ ਰੋਮੀ ਆ ਜਾਣਗੇ ਅਤੇ ਨਾਲੇ ਸਾਡੀ ਜਗ੍ਹਾ ਅਰ
ਨਾਲੇ ਸਾਡੀ ਕ'ਮ ਭੀ ਲੈ ਲੈਣਗੇ। 49 ਅਤੇ ਉਨ੍ਹਾਂ ਵਿੱਚੋਂ ਕਯਾਫਾ ਨਾਮੇ ਇੱਕ ਨੇ
ਜਿਹੜਾ ਉਸ ਸਾਲ ਸਰਦਾਰ ਜਾਜਕ ਸੀ ਉਨ੍ਹਾਂ ਨੂੰ ਆਖਿਆ, ਤੁਸੀਂ ਕੁਝ ਨਹੀਂ
ਜਾਣਦੇ 50 ਅਤੇ ਨਹੀਂ ਸੋਚਦੇ ਹੋ ਭਈ ਤੁਹਾਡੇ ਲਈ ਇਹੋ ਚੰਗਾ ਹੈ ਜੋ ਇੱਕ
ਮਨੁੱਖ ਲੋਕਾਂ ਦੇ ਬਦਲੇ ਮਰੇ, ਨਾ ਕਿ ਸਾਰੀ ਕ'ਮ ਦਾ ਨਾਸ ਹੋਵੇ। 51 ਪਰ ਇਹ ਉਸ
ਨੇ ਆਪਣੀ ਵੱਲੋਂ ਨਹੀਂ ਕਿਹਾ ਪਰ ਇਸ ਕਾਰਨ ਜੋ ਉਹ ਉਸ ਸਾਲ ਸਰਦਾਰ
ਜਾਜਕ ਸੀ ਅਗੰਮ ਗਿਆਨ ਨਾਲ ਖਬਰ ਦਿੱਤੀ ਜੋ ਯਿਸੂ ਉਸ ਕ'ਮ ਦੇ ਬਦਲੇ
ਮਰਨ ਨੂੰ ਸੀ 52 ਅਤੇ ਨਿਰਾ ਉਸੇ ਕ'ਮ ਦੇ ਬਦਲੇ ਨਹੀਂ ਸਗੋਂ ਇਸ ਲਈ ਵੀ ਜੋ
ਉਹ ਪਰਮੇ ਰ ਦਿਆਂ ਬਾਲਕਾਂ ਨੂੰ ਜੋ ਖਿ ਡੇ ਹੋਏ ਹਨ ਇੱਕਠਿਆਂ ਕਰ ਕੇ ਇੱਕ
ਬਣਾਵੇ। 53 ਸੋ ਉਨ੍ਹਾਂ ਨੇ ਉਸੇ ਦਿਨ ਤੋਂ ਮਤਾ ਪਕਾਇਆ ਭਈ ਉਸ ਨੂੰ ਜਾਨੋਂ
ਮਾਰਨ।

54 ਇਸ ਕਾਰਨ ਯਿਸੂ ਫਿਰ ਯਹੂਦੀਆ ਵਿੱਚ ਖੁਲ੍ਹਮਖੁੱਲਾ ਨਾ ਫਿਰਿਆ
ਪਰ ਉਥੋਂ ਉਜਾੜ ਦੇ ਲਾਗੇ ਦੇ ਦੇ ਵਿੱਚ ਇਫਰਾਈਮ ਕਰਕੇ ਇੱਕ ਨਗਰ ਨੂੰ
ਗਿਆ ਅਤੇ ਚੇਲਿਆਂ ਸਣੇ ਉਥੇ ਰਿਹਾ। 55 ਪਰ ਯਹੂਦੀਆਂ ਦਾ ਪਸਾਹ ਨਾਮੇ
ਤਿਉਹਾਰ ਨੇੜੇ ਸੀ ਅਤੇ ਅਨੇਕ ਲੋਕ ਆਪ ਨੂੰ _ੱਧ ਕਰਨ ਲਈ ਤਿਉਹਾਰ ਤੋਂ
ਪਹਿਲਾਂ ਪਿ ਡ ਪਿ ਡ ਤੋਂ ਯਰੂ ਲਮ ਨੂੰ ਗਏ। 56 ਸੋ ਉਨ੍ਹਾਂ ਨੇ ਯਿਸੂ ਦੀ ਭਾਲ ਕੀਤੀ
ਅਤੇ ਹੈਕਲ ਵਿੱਚ ਖੜੇ ਹੋ ਕੇ ਆਪੋ ਵਿੱਚੀ ਕਹਿਣ ਲੱਗੇ, ਤੁਸੀਂ ਕੀ ਸਮਝਦੇ ਹੋ
ਕਿ ਉਹ ਇਸ ਤਿਉਹਾਰ ਉੱਤੇ ਨਹੀਂ ਆਊਗਾ? 57 ਅਤੇ ਪਰਧਾਨ ਜਾਜਕਾਂ ਅਰ
ਫਰੀਸੀਆਂ ਨੇ ਹੁਕਮ ਕੀਤਾ ਸੀ ਕਿ ਜੋ ਕੋਈ ਜਾਣਦਾ ਹੋਵੇ ਜੋ ਉਹ ਕਿੱਥੇ ਹੈ ਤਾਂ
ਦੱਸ ਦੇਵੇ ਭਈ ਉਹ ਉਸ ਨੂੰ ਫੜ ਲੈਣ।

ਬੈਤਅਨਿਯਾ ਵਿੱਚ ਪ੍ਰਭੂ ਯਿਸੂ ਦਾ ਅਭਿ ਕ

# 12

ਫੇਰ ਪਸਾਹ ਤੋਂ ਛੇਹ ਦਿਨ ਪਹਿਲਾਂ ਯਿਸੂ ਬੈਤਅਨਿਯਾ ਵਿੱਚ ਆਇਆ
ਜਿੱਥੇ ਲਾ ਰ ਸੀ ਜਿਹ ਨੂੰ ਯਿਸੂ ਨੇ ਮੁਰਦਿਆਂ ਵਿੱਚੋਂ ਜਿਵਾਲਿਆ ਸੀ। 2 ਸੋ ਉੱਥੇ
ਉਨ੍ਹਾਂ ਉਸ ਦੇ ਲਈ ਭੋਜਨ ਤਿਆਰ ਕੀਤਾ ਅਤੇ ਮਾਰਥਾ ਟਹਿਲ ਕਰਦੀ ਸੀ ਪਰ
ਲਾਜਰ ਉਨ੍ਹਾਂ ਵਿੱਚੋਂ ਇੱਕ ਸੀ ਜਿਹੜੇ ਉਸ ਦੇ ਨਾਲ ਖਾਣ ਬੈਠੇ ਸਨ। 3 ਤਦ
ਮਰਿਯਮ ਨੇ ਅੱਧ ਸੇਰ ਮਹਿੰਗ ਮੁੱਲਾ ਜਟਾ ਮਾਸੀ ਦਾ ਖਰਾ ਅਤਰ ਲੈ ਕੇ ਯਿਸੂ ਦੇ
ਚਰਨਾਂ ਨੂੰ ਮਲਿਆ ਅਤੇ ਆਪਣੇ ਵਾਲਾਂ ਨਾਲ ਉਹ ਦੇ ਚਰਨ ਪੂ ਝੇ ਅਤੇ ਘਰ
ਅਤਰ ਦੀ ਬਾਸਨਾ ਨਾਲ ਭਰ ਗਿਆ। 4 ਪਰ ਉਹ ਦੇ ਚੇਲਿਆਂ ਵਿੱਚੋਂ ਯਹੂਦਾ

ਇਸਕਰਿਯੋਤੀ ਨੇ ਜਿਨ ਉਸ ਨੂੰ ਫੜਵਾਉਣਾ ਸੀ ਆਖਿਆ 5 ਇਹ ਅਤਰ ਡੂਢ
ਸ' ਰੁਪਏ ਨੂੰ ਵੇਚ ਕੇ ਕੰਗਾਲਾਂ ਨੂੰ ਕਿਉਂ ਨਾ ਦਿੱਤਾ ਗਿਆ? 6 ਪਰ ਉਹ ਨੇ ਇਹ
ਗੱਲ ਇਸ ਕਾਰਨ ਨਹੀਂ ਆਖੀ ਜੋ ਕੰਗਾਲਾਂ ਦੀ ਚਿੰਤਾ ਕਰਦਾ ਸੀ ਪਰ ਇਸ
ਕਾਰਨ ਜੋ ਉਹ ਚੋਰ ਸੀ ਅਤੇ ਗੁਥਲੀ ਉਹ ਦੇ ਕੋਲ ਰਹਿੰਦੀ ਸੀ ਅਰ ਜੋ ਕੁੱਝ ਉਸ
ਵਿੱਚ ਪਾਇਆ ਜਾਂਦਾ ਉਹ ਨੂੰ ਲੈ ਜਾਂਦਾ ਸੀ। 7 ਤਾਂ ਯਿਸੂ ਨੇ ਆਖਿਆ, ਉਹ ਨੂੰ
ਇਹ ਮੇਰੇ ਦਫਨਾਉਣ ਦੇ ਦਿਨ ਲਈ ਰੱਖਣ ਦੇਣ। 8 ਕੰਗਾਲ ਤਾਂ ਸਦਾ ਤੁਹਾਡੇ
ਨਾਲ ਹਨ ਪਰ ਮੈਂ ਸਦਾ ਤੁਹਾਡੇ ਨਾਲ ਨਹੀਂ ਹਾਂ। 9 ਤਦ ਯਹੂਦੀਆਂ ਦੇ ਬਹੁਤ
ਸਾਰੇ ਲੋਕ ਜਾਣ ਗਏ ਭਈ ਉਹ ਉੱਥੇ ਹੈ ਅਤੇ ਉਹ ਆਏ ਨਿਰਾ ਯਿਸੂ ਪਿੱਛੇ ਨਹੀਂ
ਸਗੋਂ ਇਸ ਲਈ ਵੀ ਜੋ ਲਾ ਰ ਨੂੰ ਵੇਖਣ ਜਿਹ ਨੂੰ ਉਸ ਨੇ ਮੁਰਦਿਆਂ ਵਿੱਚੋਂ
ਜਿਵਾਲਿਆ ਸੀ। 10 ਪਰ ਪਰਧਾਨ ਜਾਜਕਾਂ ਨੇ ਮਤਾ ਪਕਾਇਆ ਜੋ ਲਾਜਰ ਨੂੰ
ਵੀ ਜਾਨੋਂ ਮਾਰ ਦੇਈਏ। 11 ਕਿਉਂਕਿ ਉਹ ਦੇ ਕਾਰਨ ਯਹੂਦੀਆਂ ਵਿੱਚੋਂ ਬਾਹਲੇ
ਲੋਕ ਚਲੇ ਗਏ ਅਤੇ ਯਿਸੂ ਉੱਤੇ ਨਿਹਚਾ ਕਰਦੇ ਸਨ।

ਾਹੀ ਦਾਖਲਾ

12 ਦੂਜੇ ਦਿਨ ਬਹੁਤ ਸਾਰੇ ਲੋਕ ਜੋ ਤਿਉਹਾਰ ਤੇ ਆਏ ਹੋਏ ਸਨ ਜਦ
ਉਨ੍ਹਾਂ ਸੁਣਿਆ ਜੋ ਯਿਸੂ ਯਰੂ ਲਮ ਨੂੰ ਆਉਂਦਾ ਹੈ। 13 ਖਜੂਰਾਂ ਦੀਆਂ ਟਹਿਣੀਆਂ
ਲੈ ਕੇ ਉਹ ਦੇ ਮਿਲਣ ਨੂੰ ਨਿਕਲੇ ਅਤੇ ਉੱਚੀ ਦਿੱਤੀ ਬੋਲਣ ਲੱਗੇ, ਹੋਸੰਨ੍ਹ! ਧੰਨ
ਉਹ ਜਿਹੜਾ ਪ੍ਰਭੂ ਦੇ ਨਾਮ ਉੱਤੇ ਆਉਂਦਾ ਹੈ ਅਤੇ ਇਸਰਾਏਲ ਦਾ ਪਾਤ ਾਹ ਹੈ!
14 ਅਤੇ ਯਿਸੂ ਨੇ ਇੱਕ ਗਧੀ ਦਾ ਬੱਚਾ ਪਾਇਆ ਅਤੇ ਉਸ ਉੱਤੇ ਸਵਾਰ ਹੋਇਆ
ਜਿਵੇਂ ਲਿਖਿਆ ਹੋਇਆ ਹੈ।

15 ਸੀਯੋਨ ਦੀ ਬੇਟੀ, ਨਾ ਡਰ, ਵੇਖ ਤੇਰਾ ਪਾਤ ਾਹ ਗਧੀ ਦੇ ਬੱਚੇ ਤੇ
ਸਵਾਰ ਹੋ ਕੇ ਆਉਂਦਾ ਹੈ।

16 ਉਹ ਦੇ ਚੇਲਿਆਂ ਨੇ ਪਹਿਲਾਂ ਇਹ ਗੱਲਾਂ ਨਾ ਸਮਝੀਆਂ ਪਰ ਜਾਂ
ਯਿਸੂ ਆਪਣੇ ਤੇਜ ਨੂੰ ਪਹੁੰਚਿਆ ਤਾਂ ਉਨ੍ਹਾਂ ਨੂੰ ਚੇਤੇ ਆਇਆ ਜੋ ਇਹ ਗੱਲਾਂ
ਉਸੇ ਵਿਖੇ ਲਿਖੀਆਂ ਹੋਈਆਂ ਸਨ ਅਤੇ ਉਨ੍ਹਾਂ ਉਸ ਦੇ ਨਾਲ ਇਹ ਕੰਮ ਕੀਤੇ
ਸਨ। 17 ਤਦ ਉਨ੍ਹਾਂ ਲੋਕਾਂ ਨੇ ਜਿਹੜੇ ਉਸ ਵੇਲੇ ਉਹ ਦੇ ਨਾਲ ਸਨ ਜਦ ਉਹ ਨੇ
ਲਾ ਰ ਨੂੰ ਕਬਰੋਂ ਬਾਹਰ ਸੱਦਿਆ ਅਤੇ ਮੁਰਦਿਆਂ ਵਿੱਚੋਂ ਜਿਵਾਲਿਆ ਸੀ ਸਾਖੀ
ਦਿੱਤੀ। 18 ਇਸ ਕਰਕੇ ਵੀ ਲੋਕ ਉਹ ਨੂੰ ਜਾ ਮਿਲੇ ਕਿਉਂ ਜੋ ਉਨ੍ਹਾਂ ਸੁਣਿਆ ਸੀ
ਭਈ ਉਸ ਨੇ ਇਹ ਨਿ ਾਨ ਵਿਖਾਇਆ। 19 ਤਾਂ ਫਰੀਸੀ ਆਪਸ ਵਿੱਚ ਕਹਿਣ
ਲੱਗੇ, ਤੁਸੀਂ ਵੇਖਦੇ ਹੋ ਜੋ ਤੁਹਾਥੋਂ ਕੁੱਝ ਨਹੀਂ ਬਣਿ ਆਉਂਦਾ। ਵੇਖੋ ਜਗਤ ਉਹ
ਦੇ ਪਿੱਛੇ ਲੱਗ ਤੁਰਿਆ।

ਪ੍ਰਭੂ ਯਿਸੂ ਆਪਣੀ ਮ'ਤ ਬਾਰੇ ਦੱਸਦੇ ਹਨ



[20] ਜਿਹੜੇ ਲੋਕ ਤਿਉਹਾਰ ਉੱਤੇ ਬੰਦਗੀ ਕਰਨ ਆਏ ਉਨ੍ਹਾਂ ਵਿੱਚ ਕਈ
ਯੂਨਾਨੀ ਸਨ। [21] ਸੋ ਉਹ ਫਿਲਿੱਪੁਸ ਦੇ ਕੋਲ ਗਲੀਲ ਦੇ ਬੈਤਸੈਦੇ ਦਾ ਸੀ ਆਏ
ਅਤੇ ਉਹ ਦੇ ਅੱਗੇ ਅਰਜ ਕਰ ਕੇ ਆਖਿਆ, ਜੀ ਅਸਾਂ ਯਿਸੂ ਦਾ ਦਰ ਨ ਕਰਨਾ
ਹੈ। [22] ਫਿਲਿੱਪੁਸ ਨੇ ਆਣ ਕੇ ਅ ਦ੍ਰਿਯਾਸ ਨੂੰ ਕਹਿ ਦਿੱਤਾ ਅਤੇ ਅ ਦ੍ਰਿਯਾਸ ਅਰ
ਫਿਲਿੱਪੁਸ ਨੇ ਆਣ ਕੇ ਯਿਸੂ ਨੂੰ ਆਖਿਆ [23] ਯਿਸੂ ਨੇ ਉਨ੍ਹਾਂ ਨੂੰ ਉੱਤਰ ਦਿੱਤਾ,
ਵੇਲਾ ਆ ਪੁੱਜਿਆ ਹੈ ਜੋ ਮਨੁੱਖ ਦੇ ਪੁੱਤ੍ਰ ਦੀ ਵਡਿਆਈ ਕੀਤੀ ਜਾਏ। [24] ਮੈਂ
ਤੁਹਾਨੂੰ ਸੱਚ-ਸੱਚ ਆਖਦਾ ਹਾਂ ਜੋ ਕਣਕ ਦਾ ਦਾਣਾ ਜੇ ਜਮੀਨ ਵਿੱਚ ਪੈ ਕੇ ਨਾ
ਮਰੇ ਤਾਂ ਉਹ ਇਕੱਲਾ ਹੀ ਰਹਿੰਦਾ ਹੈ ਪਰ ਜੇ ਮਰੇ ਤਾਂ ਬਹੁਤ ਸਾਰਾ ਫਲ ਦਿੰਦਾ। [25]
ਜਿਹੜਾ ਆਪਣੀ ਜਾਨ ਨਾਲ ਹਿੱਤ ਕਰਦਾ ਹੈ ਉਹ ਉਸ ਨੂੰ ਗੁਆਉਂਦਾ ਅਤੇ
ਜਿਹੜਾ ਇਸ ਜਗਤ ਵਿੱਚ ਆਪਣੀ ਜਾਨ ਨਾਲ ਵੈਰ ਰੱਖਦਾ ਹੈ ਉਹ ਸਦੀਪਕ
ਜੀਉਣ ਤਾਈਂ ਉਹ ਦੀ ਰੱਛਿਆ ਕਰੇਗਾ। [26] ਜੇ ਕੋਈ ਮੇਰੀ ਸੇਵਾ ਕਰੇ ਤਾਂ ਮੇਰੇ
ਪਿੱਛੇ ਹੋ ਤੁਰੇ ਅਰ ਜਿੱਥੇ ਮੈਂ ਹਾਂ ਮੇਰਾ ਸੇਵਕ ਭੀ ਉੱਥੇ ਹੋਵੇਗਾ ਜੇ ਕੋਈ ਮੇਰੀ
ਸੇਵਾ ਕਰੇ ਤਾਂ ਪਿਤਾ ਉਹ ਦਾ ਆਦਰ ਕਰੇਗਾ।



ਯਹੂਦੀ ਆਪਣੀ ਨਿਹਚਾਹੀਨਤਾ ਤੇ
ਕਾਇਮ ਰਹਿੰਦੇ ਹਨ।
27 ਹੁਣ ਮੇਰਾ ਜੀ ਘਬਰਾਉਂਦਾ
ਹੈ ਅਤੇ ਮੈਂ ਕੀ ਆਖਾਂ? ਹੇ ਪਿਤਾ ਮੈਨੂੰ
ਇਸ ਘੜੀ ਤੋਂ ਬਚਾ? ਪਰ ਇਸੇ ਲਈ
ਮੈਂ ਇਸ ਘੜੀ ਤੀਕੁਰ ਆਇਆ ਹਾਂ। 28
ਹੇ ਪਿਤਾ ਆਪਣੇ ਨਾਮ ਨੂੰ ਵਡਿਆਈ
ਦੇਹ। ਤਦੋਂ ਇਹ ਸੁਰਗੀ ਬਾਣੀ ਆਈ
ਜੋ ਮੈਂ ਉਹ ਨੂੰ ਵਡਿਆਈ ਦਿੱਤੀ ਹੈ
ਅਰ ਫਿਰ ਵੀ ਦਿਆਂਗਾ। 29 ਤਦ ਲੋਕਾਂ
ਨੇ ਜਿਹੜੇ ਕੋਲ ਖੜੋਤੇ ਸਨ ਜਾਂ ਇਹ
ਸੁਣਿਆ ਤਾਂ ਕਹਿਣ ਲੱਗੇ ਜੋ ਬੱਦਲ
ਗਰਜਿਆ ਹੈ। ਹੋਰਨਾ ਆਖਿਆ, ਦੂਤ
ਨੇ ਇਹ ਦੇ ਨਾਲ ਗੱਲ ਕੀਤੀ ਹੈ। 30
ਯਿਸੂ ਨੇ ਉੱਤਰ ਦਿੱਤਾ ਕਿ ਇਹ ਬਦ
ਮੇਰੇ ਲਈ ਨਹੀਂ ਪਰ ਤੁਹਾਡੇ ਲਈ ਆ-
ਇਆ ਹੈ। 31 ਹੁਣ ਇਸ ਜਗਤ ਦਾ ਨਿਆਉਂ ਹੁੰਦਾ ਹੈ। ਹੁਣ ਇਸ ਜਗਤ ਦਾ
ਸਰਦਾਰ ਬਾਹਰ ਕੱਢਿਆ ਜਾਵੇਗਾ। 32 ਅਤੇ ਮੈਂ ਜੇ ਧਰਤੀ ਉੱਤੇ ਉੱਚਾ ਕੀਤਾ
ਜਾਵਾਂ ਤਾਂ ਸਾਰਿਆਂ ਨੂੰ ਆਪਣੀ ਵੱਲ ਖਿਚਾਂਗਾ। 33 ਉਸ ਨੇ ਇਹ ਆਖਿਆ ਭਈ
ਪਤਾ ਦੇਵੇ ਜੋ ਉਹ ਨੇ ਆਪੇ ਕਿਹੜੀ ਮ'ਤ ਮਰਨਾ ਸੀ। 34 ਇਸ ਕਾਰਨ ਲੋਕਾਂ ਨੇ
ਉਹ ਨੂੰ ਉੱਤਰ ਦਿੱਤਾ, ਅਸਾਂ ਰਾ ਵਿੱਚੋਂ ਸੁਣਿਆ ਹੈ ਜੋ ਮਸੀਹ ਸਦਾ ਰਹੁ। ਫੇਰ
ਤੂੰ ਕਿਕੁੱਰ ਆਖਦਾ ਹੈ ਭਈ ਮਨੁੱਖ ਦੇ ਪੁੱਤ੍ਰ ਦਾ ਉੱਚਾ ਕੀਤਾ ਜਾਣਾ ਜਰੂਰੀ ਹੈ।
ਇਹ ਮਨੁੱਖ ਦਾ ਪੁੱਤ੍ਰ ਕ'ਣ ਹੈ? 35 ਸੋ ਯਿਸੂ ਨੇ ਉਨ੍ਹਾਂ ਨੂੰ ਕਿਹਾ ਕਿ ਚਾਨਣ ਅਜੇ
ਥੋੜਾ ਚਿਰ ਹੋਰ ਤੁਹਾਡੇ ਵਿੱਚ ਹੈ ਜਿਨ੍ਹਾਂ ਚਿਰ ਚਾਨਣ ਤੁਹਾਡੇ ਨਾਲ ਹੈ ਚੱਲੇ ਚੱਲੋ
ਭਈ ਕਿਤੇ ਐਉਂ ਨਾ ਹੋਵੇ ਜੋ ਅਨ੍ਹੇਰਾ ਤੁਹਾਨੂੰ ਆ ਘੇਰੇ ਅਤੇ ਜੋ ਅਨ੍ਹੇਰੇ ਵਿੱਚ
ਚਲਦਾ ਹੈ ਸੋ ਨਹੀਂ ਜਾਣਦਾ ਜੋ ਉਹ ਕਿੱਥੇ ਤੁਰਦਾ ਹੈ। 36 ਜਿਨ੍ਹਾ ਚਿਰ ਚਾਨਣ
ਤੁਹਾਡੇ ਨਾਲ ਹੈ ਚਾਨਣ ਉੱਤੇ ਨਿਹਚਾ ਕਰੋ ਤਾਂ ਜੋ ਤੁਸੀਂ ਚਾਨਣ ਦੇ ਪੁੱਤ੍ਰ ਹੋਵੋ।
ਯਿਸੂ ਨੇ ਇਹ ਗੱਲਾਂ ਆਖੀਆਂ ਅਤੇ ਜਾ ਕੇ ਉਨ੍ਹਾਂ ਤੋਂ ਲੁਕ ਗਿਆ। 37
ਭਾਵੇਂ ਉਸ ਨੇ ਉਨ੍ਹਾਂ ਦੇ ਸਾਹਮਣੇ ਐੱਨੇ ਨਿ ਾਨ ਵਿਖਾਏ ਸਨ ਤਾਂ ਵੀ ਉਨ੍ਹਾਂ ਉਸ
ਉੱਤੇ ਨਿਹਚਾ ਨਹੀਂ ਕੀਤੀ। 38 ਤਾਂ ਜੋ ਯਸਾਯਾਹ ਨਬੀ ਦਾ ਬਚਨ ਪੂਰਾ ਹੋਵੇ
ਜਿਹੜਾ ਉਹ ਨੇ ਕਿਹਾ ਸੀ ਕਿ ਹੇ ਪ੍ਰਭੂ ਸਾਡੇ ਸਨੇਹੇ ਦੀ ਕਿਨ ਪਰਤੀਤ ਕੀਤੀ
ਅਤੇ ਪ੍ਰਭੂ ਦੀ ਬਾਂਹ ਕਿਸ ਉੱਤੇ ਪ੍ਰਗਟ ਹੋਈ ਹੈ? 39 ਇਸ ਕਾਰਨ ਉਹ ਨਿਹਚਾ ਨਾ

ਕਰ ਸਕੇ ਕਿਉਂ ਜੋ ਯਸਾਯਾਹ ਨੇ ਫੇਰ ਆਖਿਆ, 40 ਉਸ ਨੇ ਉਹਨਾਂ ਦੀਆਂ ਅੱਖਾਂ
ਅੱਨੀਆਂ ਕਰ ਦਿੱਤੀਆਂ, ਅਤੇ ਉਨ੍ਹਾਂ ਦਾ ਦਿਲ ਕਠੋਰ ਕੀਤਾ ਮਤੇ ਉਹ ਅੱਖਾਂ
ਨਾਲ ਵੇਖਣ, ਅਤੇ ਮਨ ਨਾਲ ਸਮਝਣ ਅਰ ਮੁੜ ਆਉਣ, ਅਤੇ ਮੈਂ ਉਹਨਾਂ ਨੂੰ
ਚੰਗਾ ਕਰਾਂ।

41 ਯਸਾਯਾਹ ਨੇ ਇਹ ਬਚਨ ਕੀਤੇ ਸਨ ਇਸ ਲਈ ਜੋ ਉਨ ਉਸ ਦਾ
ਤੇਜ ਵੇਖਿਆ ਅਰ ਉਸੇ ਦੇ ਵਿਖੇ ਬੋਲਿਆ। 42 ਤਾਂ ਵੀ ਸਰਦਾਰਾਂ ਵਿੱਚੋਂ ਭੀ
ਬਹੁਤਿਆਂ ਨੇ ਉਸ ਉੱਤੇ ਨਿਹਚਾ ਕੀਤੀ ਪਰ ਫਰੀਸੀਆਂ ਦੇ ਕਾਰਨ ਉਨ੍ਹਾਂ ਨੇ
ਜਬਾਨੀ ਨਾ ਮ ਨਿਆ ਭਈ ਐਉਂ ਨਾ ਹੋਵੇ ਜੋ ਅਸੀਂ ਸਮਾਜ ਵਿੱਚੋਂ ਛੇਕੇ ਜਾਈਏ।
43 ਕਿਉਂਕਿ ਉਹ ਪਰਮੇ ਰ ਦੀ ਵਡਿਆਈ ਨਾਲੋਂ ਮਨੁੱਖਾਂ ਦੀ ਵਡਿਆਈ ਦੇ
ਬਹੁਤੇ ਭੁੱਖੇ ਸਨ।

44 ਯਿਸੂ ਨੇ ਉੱਚੀ ਅਵਾਜ ਨਾਲ ਆਖਿਆ, ਜਿਹੜਾ ਮੇਰੇ ਉੱਤੇ
ਨਿਹਚਾ ਕਰਦਾ ਹੈ ਉਹ ਮੇਰੇ ਉਤੇ ਨਹੀਂ ਸਗੋਂ ਉਸ ਉੱਤੇ ਨਿਹਚਾ ਕਰਦਾ ਹੈ ਜਿਨ
ਮੈਨੂੰ ਘੱਲਿਆ। 45 ਅਤੇ ਜੋ ਮੈਨੂੰ ਵੇਖਦਾ ਹੈ ਸੋ ਉਹ ਨੂੰ ਵੇਖਦਾ ਹੈ ਜਿਨ ਮੈਨੂੰ
ਘੱਲਿਆ। 46 ਮੈਂ ਜਗਤ ਵਿੱਚ
ਚਾਨਣ ਹੋ ਕੇ ਆਇਆ ਹਾਂ ਤਾਂ
ਜੋ ਹਰ ਕੋਈ ਜੋ ਮੇਰੇ ਉੱਤੇ
ਨਿਹਚਾ ਕਰਦਾ ਹੈ ਸੋ ਅਨ੍ਹੇਰੇ
ਵਿੱਚ ਨਾ ਰਹੇ। 47 ਅਤੇ ਜੋ ਕੋਈ
ਮੇਰੀਆਂ ਗੱਲਾਂ ਸੁਣੇ ਅਤੇ ਨਾ
ਮ ਨੇ ਤਾਂ ਮੈਂ ਉਹ ਨੂੰ ਦੋ ੀ ਨਹੀਂ
ਠਹਿਰਾਉਂਦਾ ਕਿਉਂ ਜੋ ਮੈਂ
ਜਗਤ ਨੂੰ ਦੋ ੀ ਠਹਿਰਾਉਣ
ਨਹੀਂ ਸਗੋਂ ਜਗਤ ਨੂੰ ਬਚਾਉਣ
ਆਇਆ ਹਾਂ। 48 ਜਿਹੜਾ ਮੈਨੂੰ
ਰੱਦ ਕਰਦਾ ਹੈ ਅਤੇ ਮੇਰੀਆਂ
ਗੱਲਾਂ ਨਹੀਂ ਕਬੂਲਦਾ, ਉਹ ਨੂੰ
ਇੱਕ ਦੋ ੀ ਠਹਿਰਾਉਂਦਾ ਹੈ।
ਜਿਹੜਾ ਬਚਨ ਮੈਂ ਕਿਹਾ ਓਹੀਓ
ਅ ਤ ਦੇ ਦਿਨ ਉਸ ਨੂੰ ਦੋ ੀ
ਠਹਿਰਾਵੇਗਾ। 49 ਕਿਉਂ ਜੋ ਮੈਂ
ਆਪ ਤੋਂ ਨਹੀਂ ਬੋਲਿਆ ਪਰ
ਪਿਤਾ ਜਿਨ ਮੈਨੂੰ ਘੱਲਿਆ ਉਸੇ



ਨੇ ਮੈਨੂੰ ਹੁਕਮ ਦਿੱਤਾ ਭਈ ਮੈਂ ਕੀ ਬਚਨ ਕਰਾਂ ਅਤੇ ਕੀ ਬੋਲਾਂ। 5• ਅਤੇ ਮੈਂ
ਜਾਣਦਾ ਹਾਂ ਕਿ ਉਹ ਦਾ ਬਚਨ ਸਦੀਪਕ ਜੀਉਣ ਹੈ। ਇਸ ਕਾਰਨ ਮੈਂ ਜੋ ਕੁੱਝ
ਬੋਲਦਾ ਹਾਂ ਸੋ ਜਿਵੇਂ ਪਿਤਾ ਨੇ ਮੈਨੂੰ ਆਖਿਆ ਹੈ ਤਿਵੇਂ ਬੋਲਦਾ ਹਾਂ।

# 13

ਪ੍ਰਭੂ ਯਿਸੂ ਆਪਣੇ ਚੇਲਿਆਂ ਦੇ ਪੈਰ ਧੋਂਦੇ ਹਨ।

ਪਸਾਹ ਦੇ ਤਿਉਹਾਰ ਤੋਂ ਪਹਿਲਾਂ ਯਿਸੂ ਨੇ ਇਹ ਜਾਣਕੇ ਭਈ ਮੇਰੀ
ਘੜੀ ਆ ਪਹੁੰਚੀ ਹੈ ਜਾਂ ਮੈਂ ਇਸ ਜਗਤ ਨੂੰ ਛੱਡ ਕੇ ਪਿਤਾ ਦੇ ਕੋਲ ਜਾਵਾਂ
ਆਪਣੇ ਨਿੱਜ ਲੋਕਾਂ ਨਾਲ ਜਿਹੜੇ ਜਗਤ ਵਿੱਚ ਸਨ ਪਿਆਰ ਕਰ ਕੇ ਉਨ੍ਹਾਂ ਨੂੰ
ਅ ਤ ਤੋੜੀ ਪਿਆਰ ਕਰਦਾ ਰਿਹਾ। 2 ਅਤੇ ਖਾਣ ਦੇ ਵੇਲੇ ਜਦ ੈਤਾਨ
ਸਮਾਊਨ ਦੇ ਪੁੱਤ੍ਰ ਯਹੂਦਾ ਇਸਕਰਯੋਤੀ ਦੇ ਦਿਲ ਵਿੱਚ ਇਹ ਪਾ ਚੁੱਕਿਆ ਸੀ ਜੋ
ਉਹ ਉਸ ਨੂੰ ਫੜਵਾ ਦੇਵੇ। 3 ਤਦ ਯਿਸੂ ਇਹ ਜਾਣ ਕੇ ਭਈ ਪਿਤਾ ਨੇ ਸੱਭੇ ਕੁਝ
ਮੇਰੇ ਹੱਥ ਵਿੱਚ ਸ ੌਂਪਿਆ ਹੈ ਅਤੇ ਮੈਂ ਪਰਮੇ ਰ ਦੇ ਕੋਲੋਂ ਆਇਆ ਹਾਂ ਅਤੇ
ਪਰਮੇ ਰ ਦੇ ਕੋਲ ਜਾਂਦਾ ਹਾਂ। 4 ਖਾਣੇ ਤੋਂ ਉੱਠਿਆ ਅਰ ਆਪਣੇ ਬਸਤ੍ਰ ਲਾਹ ਛੱਡੇ
ਅਤੇ ਪਰਨਾ ਲੈ ਕੇ ਆਪਣਾ ਲੱਕ ਬੰਨ੍ਹਿਆ। 5 ਫੇਰ ਬਾਟੀ ਵਿੱਚ ਜਲ ਪਾ ਕੇ ਉਹ
ਚੇਲਿਆਂ ਦੇ ਪੈਰ ਧੋਣ ਅਤੇ ਉਸ ਪਰਨੇ ਨਾਲ ਜਿਹੜਾ ਬੱਧਾ ਹੋਇਆ ਸੀ ਪੂ ਝਣ
ਲੱਗਾ। 6 ਸੋ ਉਹ ਸਮਊਨ ਪਤਰਸ ਕੋਲ ਆਇਆ। ਓਨ ਉਸ ਨੂੰ ਆਖਿਆ ਪ੍ਰਭੂ
ਜੀ ਤੂੰ ਮੇਰੇ ਪੈਰ ਧੋਂਦਾ ਹੈਂ? 7 ਯਿਸੂ ਨੇ ਉਹ ਨੂੰ ਉੱਤਰ ਦਿੱਤਾ, ਜੋ ਮੈ ਕਰਦਾ ਹਾਂ ਸੋ
ਤੂੰ ਹੁਣ ਨਹੀਂ ਜਾਣਦਾ ਪਰ ਇਹ ਦੇ ਪਿੱਛੋਂ ਸਮਝੇਂਗਾ। 8 ਪਤਰਸ ਨੇ ਉਸ ਨੂੰ
ਕਿਹਾ, ਤੈ ਮੇਰੇ ਪੈਰ ਕਦੇ ਨਾ ਧੋਣੇ! ਯਿਸੂ ਨੇ ਉਹ ਨੂੰ ਉੱਤਰ ਦਿੱਤਾ, ਜੇ ਮੈਂ ਤੈਨੂੰ
ਨਾ ਧੋਵਾਂ ਤਾਂ ਮੇਰੇ ਨਾਲ ਤੇਰੇ ਕੋਈ ਹਿੱਸਾ ਨਾ ਹੋਵੇਗਾ। 9 ਸਮਊਨ ਪਤਰਸ ਨੇ ਉਸ
ਨੂੰ ਆਖਿਆ, ਪ੍ਰਭੂ ਜੀ ਨਿਰੇ ਮੇਰੇ ਪੈਰ ਹੀ ਨਹੀਂ ਸਗੋਂ ਹੱਥ ਅਰ ਸਿਰ ਭੀ ਧੋ! 1•
ਯਿਸੂ ਨੇ ਉਹ ਨੂੰ ਆਖਿਆ, ਜਿਹੜਾ ਨਲ੍ਹਾਇਆ ਗਿਆ ਹੈ ਉਹ ਨੂੰ ਬਿਨਾ ਪੈਰ
ਧੋਣ ਦੇ ਹੋਰ ਕੁੱਝ ਲੋੜ ਨਹੀਂ ਸਗੋਂ ਸਾਰਾ_ ੱਧ ਹੈ ਅਰ ਤੁਸੀਂ_ ੱਧ ਹੋ ਪਰ ਸਭ ਨਹੀਂ।
11 ਉਹ ਤਾਂ ਆਪਣੇ ਫੜਵਾਉਣ ਵਾਲੇ ਨੂੰ ਜਾਣਦਾ ਸੀ ਇਸੇ ਕਰ ਕੇ ਉਸ ਨੇ
ਆਖਿਆ ਭਈ ਤੁਸੀਂ ਸਭੇ_ ੱਧ ਨਹੀਂ ਹੋ।

12 ਉਪਰੰਤ ਜਾਂ ਉਹ ਉਨ੍ਹਾਂ ਦੇ ਪੈਰ ਧੋ ਹਟਿਆ ਤੇ ਆਪਣੇ ਬਸਤ੍ਰ ਲੈ
ਲਏ ਤਾਂ ਫੇਰ ਬੈਠ ਕੇ ਉਨ੍ਹਾਂ ਨੂੰ ਆਖਿਆ, ਕੀ ਤੁਸੀਂ ਸਮਝਦੇ ਹੋ ਕਿ ਮੈਂ ਤੁਹਾਡੇ
ਨਾਲ ਕੀ ਕੀਤਾ? 13 ਤੁਸੀਂ ਮੈਨੂੰ ਗੁਰੂ ਅਤੇ ਪ੍ਰਭੂ ਕਰਕੇ ਬੁਲਾਉਂਦੇ ਹੋ ਅਰ ਠੀਕ
ਆਖਦੇ ਹੋ ਕਿਉਂ ਜੋ ਮੈਂ ਹਾਂ। 14 ਸੋ ਜੇ ਮੈਂ ਗੁਰੂ ਅਤੇ ਪ੍ਰਭੂ ਹੋ ਕੇ ਤੁਹਾਡੇ ਪੈਰ ਧੋਤੇ
ਤਾਂ ਚਾਹੀਦਾ ਹੈ ਜੋ ਤੁਸੀਂ ਭੀ ਇੱਕ ਦੂਏ ਦੇ ਪੈਰ ਧੋਵੋ। 15 ਇਸ ਲਈ ਜੋ ਮੈਂ



ਤੁਹਾਨੂੰ ਇੱਕ ਨਮੂਨਾ ਦੇ ਛੱਡਿਆ ਹੈ ਤਾਂ ਜੋ ਜਿਵੇਂ ਮੈਂ ਤੁਹਾਡੇ ਨਾਲ ਕੀਤਾ
ਤੁਸੀਂ ਵੀ ਤਿਵੇਂ ਹੀ ਕਰੋ। 16 ਮੈਂ ਤੁਹਾਨੂੰ ਸੱਚ ਸੱਚ ਆਖਦਾ ਹਾਂ ਭਈ ਨ'ਕਰ
ਆਪਣੇ ਮਾਲਕ ਤੋਂ ਵੱਡਾ ਨਹੀਂ, ਨਾ ਭੇਜਿਆ ਹੋਇਆ ਆਪਣੇ ਭੇਜਨ ਵਾਲੇ ਤੋਂ।
17 ਜੇ ਤੁਸੀਂ ਇਹ ਗੱਲਾਂ ਜਾਣਦੇ ਹੋ ਤਾਂ ਧੰਨ ਹੋ ਜੇ ਇਨ੍ਹਾਂ ਨੂੰ ਕਰੋ ਵੀ।

### ਪ੍ਰਭੂ ਯਿਸੂ ਆਪਣੇ ਵਿ ਵਾਸਘਾਤ ਕਰਨ ਵਾਲੇ ਬਾਰੇ ਦੱਸਦੇ ਹਨ

18 ਮੈਂ ਤੁਸਾਂ ਸਭਨਾਂ ਦੇ ਵਿਖੇ ਨਹੀਂ ਆਖਦਾ ਹਾਂ। ਮੈਂ ਉਨ੍ਹਾਂ ਨੂੰ ਜਾਣਦਾ
ਹਾਂ ਜਿਨ੍ਹਾਂ ਨੂੰ ਮੈਂ ਚੁਣ ਲਿਆ ਹੈ, ਪਰ ਇਹ ਇਸ ਲਈ ਹੈ ਜੋ ਲਿਖਤ ਪੂਰੀ ਹੋਵੇ
ਭਈ ਉਸ ਨੇ ਜਿਹੜਾ ਮੇਰੀ ਰੋਟੀ ਖਾਂਦਾ ਹੈ ਮੇਰੇ ਉੱਤੇ ਆਪਣੀ ਲੱਤ ਚੁੱਕੀ। 19
ਏਦੋਂ ਅੱਗੇ ਇਸ ਗੱਲ ਦੇ ਹੋਣ ਤੋਂ ਪਹਿਲਾਂ ਮੈਂ ਤੁਹਾਨੂੰ ਦੱਸਦਾ ਹਾਂ ਤਾਂ ਜਿਸ ਵੇਲੇ
ਇਹ ਪੂਰੀ ਹੋ ਲਵੇ ਤਾਂ ਤੁਸੀਂ ਪਰਤੀਤ ਕਰੋ ਜੋ ਮੈਂ ਉਹੋ ਹਾਂ। 2• ਮੈਂ ਤੁਹਾਨੂੰ ਸੱਚ
ਸੱਚ ਆਖਦਾ ਹਾਂ ਕਿ ਜੋ ਮੇਰੇ ਘੱਲੇ ਹੋਏ ਨੂੰ ਕਬੂਲਦਾ ਹੈ ਸੋ ਮੈਨੂੰ ਕਬੂਲਦਾ ਹੈ ਅਤੇ
ਜੋ ਮੈਨੂੰ ਕਬੂਲਦਾ ਹੈ ਸੋ ਮੇਰੇ ਘੱਲਣ ਵਾਲੇ ਨੂੰ ਕਬੂਲਦਾ ਹੈ।

21 ਇਹ ਗੱਲਾਂ ਕਹਿ ਕੇ ਯਿਸੂ ਆਤਮਾ ਵਿੱਚ ਘਬਰਾਉਣ ਲੱਗਾ ਅਤੇ
ਸਾਖੀ ਦੇ ਕੇ ਬੋਲਿਆ, ਮੈਂ ਤੁਹਾਨੂੰ ਸੱਚ ਸੱਚ ਆਖਦਾ ਹਾਂ ਜੋ ਤੁਹਾਡੇ ਵਿੱਚੋਂ ਇੱਕ
ਮੈਨੂੰ ਫੜਵਾਏਗਾ। 22 ਚੇਲੇ ਇਸ ਭਰਮ ਵਿੱਚ ਪੈ ਕੇ ਜੋ ਉਸ ਨੇ ਇਹ ਗੱਲ ਕਿਸ
ਦੇ ਵਿਖੇ ਆਖੀ ਇੱਕ ਦੂਏ ਦੀ ਵੱਲ ਵੇਖਣ ਲੱਗੇ। 23 ਉਸ ਦੇ ਚੇਲਿਆਂ ਵਿੱਚੋਂ
ਇੱਕ ਜਿਹ ਨੂੰ ਯਿਸੂ ਪਿਆਰ ਕਰਦਾ ਸੀ ਯਿਸੂ ਦੀ ਛਾਤੀ ਤੇ ਢਾਸਣਾ ਲਾਏ ਹੋਏ
ਸੀ। 24 ਇਸ ਲਈ ਮਊਨ ਪਤਰਸ ਨੇ ਉਹ ਨੂੰ ਸੈਨਤ ਕੀਤੀ ਅਤੇ ਉਹ ਨੂੰ ਆ-
ਖਿਆ, ਦੱਸ ਤਾਂ ਇਹ ਕਿਸ ਦੀ ਗੱਲ ਕਰਦਾ ਹੈ? 25 ਉਪਰੰਤ ਉਹ ਨੇ ਯਿਸੂ ਦੀ
ਛਾਤੀ ਤੇ ਉਸੇ ਤਰ੍ਹਾਂ ਢਾਸਣਾ ਲਾਇਆ ਹੋਇਆ ਉਸ ਤੋਂ ਪੁੱਛਿਆ ਪ੍ਰਭੂ ਜੀ ਉਹ
ਕਿਹੜਾ ਹੈ? 26 ਤਾਂ ਯਿਸੂ ਨੇ ਉੱਤਰ ਦਿੱਤਾ, ਜਿਹ ਦੇ ਲਈ ਮੈਂ ਬੁਰਕੀ ਤਰ ਕਰਾਂ
ਅਤੇ ਉਹ ਨੂੰ ਦਿਆਂ ਉਹ ਉਹੋ ਹੈ। ਫੇਰ ਜਾਂ ਉਸ ਨੇ ਬੁਰਕੀ ਤਰ ਕਰ ਲਈ ਤਾਂ ਲੈ
ਕੇ ਮਊਨ ਇਸਕਰਿਯੋਤੀ ਦੇ ਪੁੱਤ੍ਰ ਯਹੂਦਾ ਨੂੰ ਦੇ ਦਿੱਤੀ। 27 ਅਤੇ ਬੁਰਕੀ ਦੇ
ਪਿੱਛੋਂ ਉਸੇ ਵੇਲੇ ਤਾਨ ਉਹ ਦੇ ਵਿੱਚ ਸਮਾਇਆ। ਤਾਂ ਯਿਸੂ ਨੇ ਉਹ ਨੂੰ ਕਿਹਾ,
ਜੋ ਤੂੰ ਕਰਨਾ ਹੈ ਸੋ ਛੇਤੀ ਕਰ! 28 ਪਰ ਜਿਹੜੇ ਖਾਣ ਬੈਠੇ ਸਨ ਉਨ੍ਹਾਂ ਵਿੱਚੋਂ ਕਿਸੇ
ਨੇ ਨਾ ਜਾਤਾ ਭਈ ਉਨ ਉਹ ਨੂੰ ਇਹ ਕਾਹ ਦੇ ਲਈ ਆਖਿਆ। 29 ਯਹੂਦਾ ਦੇ
ਕੋਲ ਗੁਥਲੀ ਰਹਿੰਦੀ ਸੀ ਸੋ ਕਈਆਂ ਨੇ ਸਮਝਿਆ ਕਿ ਯਿਸੂ ਨੇ ਉਹ ਨੂੰ ਆਖਿਆ
ਹੈ ਭਈ ਤਿਉਹਾਰ ਦੇ ਲਈ ਜੋ ਕੁੱਝ ਸਾਨੂੰ ਲੋੜੀਂਦਾ ਹੈ ਸੋ ਮੁੱਲ ਲਿਆ ਅਥਵਾ
ਇਹ ਕਿ ਕੰਗਾਲਾਂ ਨੂੰ ਕੁੱਝ ਦੇਹ। 3• ਤਾਂ ਉਹ ਬੁਰਕੀ ਲੈ ਕੇ ਝੱਟ ਬਾਹਰ ਨਿੱਕਲ
ਗਿਆ ਅਤੇ ਉਹ ਰਾਤ ਦਾ ਵੇਲਾ ਸੀ।

### ਪ੍ਰਭੂ ਯਿਸੂ ਪਤਰਸ ਦੇ ਇੰਨਕਾਰ ਬਾਰੇ ਦੱਸਦੇ ਹਨ

31 ਫੇਰ ਜਾਂ ਉਹ ਬਾਹਰ ਨਿਕਲ ਗਿਆਂ ਤਾਂ ਯਿਸੂ ਨੇ ਆਖਿਆ ਕਿ ਹੁਣ



ਮਨੁੱਖ ਦੇ ਪੁੱਤ੍ਰ ਦੀ ਵਡਿਆਈ ਅਰ ਉਹ ਦੇ ਵਿੱਚ ਪਰਮੇ ਰ ਦੀ ਵਡਿਆਈ
ਕੀਤੀ ਜਾਂਦੀ। 32 ਜੇ ਪਰਮੇ ਰ ਦੀ ਵਡਿਆਈ ਉਹ ਦੇ ਵਿੱਚ ਕੀਤੀ ਗਈ ਤਾਂ
ਪਰਮੇ ਰ ਆਪਣੇ ਵਿੱਚ ਉਹ ਦੀ ਵਡਿਆਈ ਕਰੇਗਾ ਸਗੋਂ ਹੁਣੇ ਉਹ ਦੀ
ਵਡਿਆਈ ਕਰੇਗਾ। 33 ਹੇ ਬਾਲਕੋ, ਹੁਣ ਥੋੜਾ ਚਿਰ ਮੈਂ ਤੁਹਾਡੇ ਨਾਲ ਹਾਂ। ਤੁਸੀਂ
ਮੈਨੂੰ ਭਾਲੋਗੇ ਅਤੇ ਜਿਸ ਤਰ੍ਹਾਂ ਮੈਂ ਯਹੂਦੀਆਂ ਨੂੰ ਕਿਹਾ ਸੀ ਕਿ ਜਿੱਥੇ ਮੈਂ ਜਾਂਦਾ ਹਾਂ
ਤੁਸੀਂ ਨਹੀਂ ਆ ਸਕਦੇ ਓਸੇ ਤਰ੍ਹਾਂ ਹੁਣ ਮੈਂ ਤੁਹਾਨੂੰ ਵੀ ਆਖਦਾ ਹਾਂ। 34 ਮੈਂ ਤੁਹਾਨੂੰ
ਨਵਾਂ ਹੁਕਮ ਦਿੰਦਾ ਹਾਂ ਕਿ ਇੱਕ ਦੂਏ ਨੂੰ ਪਿਆਰ ਕਰੋ ਅਰਥਾਤ ਜਿਵੇਂ ਮੈਂ ਤੁਹਾਨੂੰ
ਪਿਆਰ ਕੀਤਾ ਤਿਵੇਂ ਤੁਸੀਂ ਇੱਕ ਦੂਏ ਨੂੰ ਪਿਆਰ ਕਰੋ। 35 ਜੇ ਤੁਸੀਂ ਆਪੋ ਵਿੱਚ
ਪ੍ਰੇਮ ਰੱਖੋ ਤਾਂ ਇਸੇ ਤੋਂ ਸਭ ਜਾਣਨਗੇ ਭਈ ਤੁਸੀਂ ਮੇਰੇ ਚੇਲੇ ਹੋ। 36 ਸ਼ਮਊਨ ਪਤਰਸ
ਨੇ ਉਹ ਨੂੰ ਆਖਿਆ, ਪ੍ਰਭੂ ਜੀ ਕਿੱਥੇ ਜਾਂਦਾ ਹੈ? ਯਿਸੂ ਨੇ ਉੱਤਰ ਦਿੱਤਾ, ਜਿੱਥੇ
ਮੈਂ ਜਾਂਦਾ ਹਾਂ ਹੁਣ ਮੇਰੇ ਮਗਰ ਚੱਲ ਨਹੀਂ ਸਕਦਾ ਪਰ ਇਹ ਦੇ ਪਿੱਛੋਂ ਤੂੰ ਮੇਰੇ
ਮਗਰ ਚੱਲੇਂਗਾ। 37 ਪਤਰਸ ਨੇ ਉਹ ਨੂੰ ਕਿਹਾ, ਪ੍ਰਭੂ ਜੀ ਮੈਂ ਹੁਣ ਤੇਰੇ ਮਗਰ ਕਿਉਂ
ਨਹੀਂ ਚੱਲ ਸਕਦਾ? ਮੈਂ ਤੇਰੇ ਬਦਲੇ ਆਪਣੀ ਜਾਨ ਦੇ ਦਿਆਂਗਾ। 38 ਯਿਸੂ ਨੇ
ਉੱਤਰ ਦਿੱਤਾ, ਕੀ ਤੂੰ ਮੇਰੇ ਬਦਲੇ ਆਪਣੀ ਜਾਨ ਦੇ ਦੇਵੇਂਗਾ? ਮੈਂ ਤੈਨੂੰ ਸੱਚ
ਆਖਦਾ ਹਾਂ, ਜਿਨ੍ਹਾਂ ਚਿਰ ਤੂੰ ਮੇਰਾ ਤਿੰਨ ਵਾਰੀ ਇਨਕਾਰ ਨਾ ਕਰੇਂ ਕੁੱਕੜ ਬਾਂਗ
ਨਾ ਦੇਵੇਗਾ।

# 14

## ਪ੍ਰਭੂ ਯਿਸੂ ਆਪਣੇ ਚੇਲਿਆਂ ਨੂੰ ਤਸੱਲੀ ਦਿੰਦੇ ਹਨ

ਤੁਹਾਡਾ ਦਿਲ ਨਾ ਘਬਰਾਏ। ਪਰਮੇ ਰ ਉੱਤੇ ਨਿਹਚਾ ਕਰੋ ਅਰ ਮੇਰੇ
ਉੱਤੇ ਵੀ ਨਿਹਚਾ ਕਰੋ। 2 ਮੇਰੇ ਪਿਤਾ ਦੇ ਘਰ ਵਿੱਚ ਬਹੁਤ ਸਾਰੇ ਨਿਵਾਸ ਹਨ
ਨਹੀਂ ਤਾਂ ਮੈਂ ਤੁਹਾਨੂੰ ਕਹਿੰਦਾ ਕਿਉਂ ਜੋ ਮੈਂ ਤੁਹਾਡੇ ਲਈ ਜਗ੍ਹਾ ਤਿਆਰ ਕਰਨ
ਜਾਂਦਾ ਹਾਂ। 3 ਅਤੇ ਜੇ ਮੈਂ ਜਾ ਕੇ ਤੁਹਾਡੇ ਲਈ ਜਗ੍ਹਾ ਤਿਆਰ ਕਰਾਂ ਤਾਂ ਫੇਰ ਆਣ
ਕੇ ਤੁਹਾਨੂੰ ਆਪਣੇ ਕੋਲ ਲੈ ਜਾਵਾਂਗਾ ਕਿ ਜਿੱਥੇ ਮੈਂ ਹਾਂ ਤੁਸੀਂ ਭੀ ਹੋਵੋ। 4 ਅਤੇ
ਜਿੱਥੇ ਮੈਂ ਜਾਂਦਾ ਹਾਂ ਤੁਸੀਂ ਉਹ ਰਾਹ ਜਾਣਦੇ ਹੋ।

## ਪ੍ਰਭੂ ਯਿਸੂ ਪਿਤਾ ਕੋਲ ਜਾਣ ਦਾ ਰਾਹ ਹੈ

5 ਥੋਮਾ ਨੇ ਉਹ ਨੂੰ ਆਖਿਆ, ਪ੍ਰਭੂ ਜੀ ਸਾਨੂੰ ਇਹੋ ਪਤਾ ਨਹੀਂ ਤੂੰ ਕਿੱਥੇ
ਜਾਂਦਾ ਹੈ, ਫੇਰ ਰਾਹ ਕਿੱਕੁਰ ਜਾਣੀਏ? 6 ਯਿਸੂ ਨੇ ਆਖਿਆ, ਰਾਹ ਅਤੇ
ਸਚਿਆਈ ਅਤੇ ਜੀਉਣ ਮੈਂ ਹਾਂ। ਕੋਈ ਮੇਰੇ ਵਸੀਲੇ ਬਿਨ੍ਹਾ ਪਿਤਾ ਦੇ ਕੋਲ ਨਹੀਂ
ਆਉਂਦਾ। 7 ਜੇ ਤੁਸੀਂ ਮੈਨੂੰ ਜਾਣਦੇ ਤਾਂ ਮੇਰੇ ਪਿਤਾ ਨੂੰ ਭੀ ਜਾਣਦੇ। ਏਦੋਂ ਅੱਗੇ

ਤੁਸੀਂ ਉਹ ਨੂੰ ਜਾਣਦੇ ਅਤੇ ਉਹ ਨੂੰ ਵੇਖ ਲਿਆ ਹੈ। 8 ਫਿਲਿਪੁੱਸ ਨੇ ਉਹ ਨੂੰ
ਆਖਿਆ, ਪ੍ਰਭੂ ਜੀ ਪਿਤਾ ਦਾ ਸਾਨੂੰ ਦਰ ਣ ਕਰਾਂ ਤਾਂ ਸਾਨੂੰ ਤ੍ਰਿਪਤ ਆਉ। 9
ਯਿਸੂ ਨੇ ਉਹ ਨੂੰ ਆਖਿਆ, ਫਿਲਿਪੁੱਸ ਐੱਨੇ ਚਿਰ ਤੋਂ ਮੈਂ ਤੁਹਾਡੇ ਨਾਲ ਹਾਂ ਅਰ
ਕੀ ਤੈ ਮੈਨੂੰ ਨਹੀਂ ਜਾਣਿਆ? ਜਿਨ ਮੈਨੂੰ ਵੇਖਿਆ ਓਹ ਪਿਤਾ ਨੂੰ ਵੇਖਿਆ ਹੈ। ਤੂੰ
ਕਿੱਕੂੰ ਆਖਦਾ ਹੈ ਭਈ ਸਾਨੂੰ ਪਿਤਾ ਦਾ ਦਰ ਣ ਕਰਾ? 10 ਕੀ ਤੂੰ ਸਤ ਨਹੀਂ
ਮ ਨਦਾ ਜੋ ਮੈਂ ਪਿਤਾ ਵਿੱਚ ਅਰ ਪਿਤਾ ਮੇਰੇ ਵਿੱਚ ਹੈ? ਇਹ ਗੱਲਾਂ ਜਿਹੜੀਆਂ ਮੈਂ
ਤੁਹਾਨੂੰ ਆਖਦਾ ਹਾਂ ਆਪ ਤੋਂ ਨਹੀਂ ਆਖਦਾ ਪਰ ਪਿਤਾ ਮੇਰੇ ਵਿੱਚ ਰਹਿੰਦਿਆਂ
ਆਪਣੇ ਕੰਮ ਕਰਦਾ ਹੈ। 11 ਮੇਰੀ ਪਰਤੀਤ ਕਰੋ ਕਿ ਮੈਂ ਪਿਤਾ ਵਿੱਚ ਅਰ ਪਿਤਾ
ਮੇਰੇ ਵਿੱਚ ਹੈ, ਨਹੀਂ ਤਾਂ ਕੰਮ ਹੀ ਦੇ ਕਾਰਨ ਮੇਰੀ ਪਰਤੀਤ ਕਰੋ। 12 ਮੈਂ ਤੁਹਾਨੂੰ
ਸੱਚ ਸੱਚ ਆਖਦਾ ਹਾਂ ਕਿ ਜੋ ਮੇਰੇ ਉੱਤੇ ਨਿਹਚਾ ਕਰਦਾ ਹੈ ਸੋ ਇਹ ਕੰਮ ਜਿਹੜੇ
ਮੈਂ ਕਰਦਾ ਹਾਂ ਉਹ ਵੀ ਕਰੇਗਾ ਸਗੋਂ ਇਨ੍ਹਾਂ ਨਾਲੋਂ ਵੱਡੇ ਕੰਮ ਕਰੇਗਾ ਕਿਉਂ ਜੋ ਮੈਂ
ਪਿਤਾ ਕੋਲ ਜਾਂਦਾ ਹਾਂ । 13 ਅਰ ਤੁਸੀਂ ਮੇਰਾ ਨਾਮ ਲੈ ਕੇ ਮੈਥੋਂ ਕੁੱਝ ਮ ਗੋਗੇ ਤਾਂ
ਮੈਂ ਸੋਈ ਕਰਾਂਗਾ ਤਾਂ ਜੋ ਪਿਤਾ ਦੀ ਵਡਿਆਈ ਹੋਵੇ। 14 ਜੇ ਤੁਸੀਂ ਮੇਰਾ ਨਾਮ ਲੈ
ਕੇ ਮੈਥੋਂ ਕੁੱਝ ਮ ਗੋਗੇ ਤਾਂ ਮੈਂ ਉਹੋ ਕਰਾਂਗਾ।

ਪ੍ਰਭੂ ਯਿਸੂ ਪਵਿੱਤਰ ਆਤਮਾ ਸੰਬੰਧੀ ਪ੍ਰਤਿਗਿਆ ਕਰਦੇ ਹਨ।

15 ਜੇ ਤੁਸੀਂ ਮੈਨੂੰ ਪਿਆਰ ਕਰਦੇ ਹੋ ਤਾਂ ਮੇਰੇ ਹੁਕਮਾਂ ਦੀ ਪਾਲਨਾ
ਕਰੋਗੇ। 16 ਅਤੇ ਮੈਂ ਆਪਣੇ ਪਿਤਾ ਤੋਂ ਮ ਗਾਂਗਾ ਅਰ ਉਹ ਤੁਹਾਨੂੰ ਦੂਜਾ
ਸਹਾਇਕ ਬਖ ਗਾ ਭਈ ਉਹ ਸਦਾ ਤੁਹਾਡੇ ਸੰਗ ਰਹੇ। 17 ਅਰਥਾਤ ਸਚਿਆਈ ਦਾ
ਆਤਮਾ ਜਿਹ ਨੂੰ ਜਗਤ ਨਹੀਂ ਪਾ ਸਕਦਾ ਕਿਉਂ ਜੋ ਉਹ ਉਸ ਨੂੰ ਵੇਖਦਾ ਨਹੀਂ,
ਨਾ ਉਸ ਨੂੰ ਜਾਣਦਾ ਹੈ। ਤੁਸੀਂ ਉਸ ਨੂੰ ਜਾਣਦੇ ਹੋ ਕਿਉਂਕਿ ਉਹ ਤੁਹਾਡੇ ਸੰਗ
ਰਹਿੰਦਾ ਹੈ ਅਤੇ ਤੁਹਾਡੇ ਵਿੱਚ ਹੋਵੇਗਾ। 18 ਮੈਂ ਤੁਹਾਨੂੰ ਅਨਾਥ ਨਾ ਛੱਡਾਂਗਾ। ਮੈਂ
ਤੁਹਾਡੇ ਕੋਲ ਆਵਾਂਗਾ। 19 ਹੁਣ ਥੋੜੇ ਚਿਰ ਪਿੱਛੋਂ ਜਗਤ ਮੈਨੂੰ ਫੇਰ ਨਾ ਵੇਖੇਗਾ
ਪਰ ਤੁਸੀਂ ਮੈਨੂੰ ਵੇਖੋਗੇ। ਇਸ ਕਰਕੇ ਜੋ ਮੈਂ ਜੀਉਂਦਾ ਹਾਂ ਤਸੀਂ ਵੀ ਜੀਓਗੇ। 20
ਉਸ ਦਿਨ ਤੁਸੀਂ ਜਾਣੋਗੇ ਭਈ ਮੈਂ ਆਪਣੇ ਪਿਤਾ ਵਿੱਚ ਅਰ ਤੁਸੀਂ ਮੇਰੇ ਵਿੱਚ
ਅਤੇ ਮੈਂ ਤੁਹਾਡੇ ਵਿੱਚ ਹਾਂ। 21 ਜਿਹ ਦੇ ਕੋਲ ਮੇਰੇ ਹੁਕਮ ਹਨ ਅਤੇ ਉਹ ਉਨ੍ਹਾਂ ਦੀ
ਪਾਲਨਾ ਕਰਦਾ ਹੈ ਸੋਈ ਹੈ ਜੋ ਮੈਨੂੰ ਪਿਆਰ ਕਰਦਾ ਹੈ, ਅਤੇ ਜਿਹੜਾ ਮੈਨੂੰ
ਪਿਆਰ ਕਰਦਾ ਹੈ ਉਹ ਮੇਰੇ ਪਿਤਾ ਦਾ ਪਿਆਰਾ ਹੋਵੇਗਾ ਅਰ ਮੈਂ ਉਹ ਦੇ ਨਾਲ
ਪਿਆਰ ਕਰਾਂਗਾ ਅਤੇ ਆਪਣੇ ਤਾਈਂ ਉਸ ਉੱਤੇ ਪਰਗਟ ਕਰਾਂਗਾ। 22 ਯਹੂਦਾ,
ਨਾ ਇਸਕਰਿਯੋਤੀ, ਨੇ ਉਹ ਨੂੰ ਆਖਿਆ, ਪ੍ਰਭੂ ਜੀ ਕੀ ਹੋਇਆ ਹੈ ਜੋ ਤੁਸੀਂ
ਆਪਣਾ ਆਪ ਸਾਡੇ ਉੱਤੇ ਪਰਗਟ ਕਰੇਂਗਾ ਅਰ ਜਗਤ ਉੱਤੇ ਨਹੀਂ? 23 ਯਿਸੂ ਨੇ
ਉਹ ਨੂੰ ਉੱਤਰ ਦਿੱਤਾ, ਜੇ ਕੋਈ ਮੈਨੂੰ ਪਿਆਰ ਕਰੇਗਾ ਅਤੇ ਅਸੀਂ ਉਹ ਦੇ ਕੋਲ

ਆਵਾਂਗੇ ਅਰ ਉਹ ਦੇ ਨਾਲ ਵਾਸ ਕਰਾਂਗੇ। 24 ਜਿਹੜਾ ਮੈਨੂੰ ਪਿਆਰ ਨਹੀਂ
ਕਰਦਾ ਉਹ ਮੇਰੇ ਬਚਨਾਂ ਦੀ ਪਾਲਨਾ ਨਹੀਂ ਕਰਦਾ ਅਤੇ ਇਹ ਬਚਨ ਜੋ ਤੁਸੀਂ
ਸੁਣਦੇ ਹੋ ਮੇਰਾ ਨਹੀਂ ਸਗੋਂ ਪਿਤਾ ਦਾ ਹੈ ਜਿਨ ਮੈਨੂੰ ਘੱਲਿਆ।

25 ਮੈਂ ਇਹ ਗੱਲਾਂ ਤੁਹਾਡੇ ਨਾਲ ਰਹਿੰਦਿਆਂ ਤੁਹਾਨੂੰ ਆਖੀਆਂ ਹਨ। 26
ਪਰ ਉਹ ਸਹਾਇਕ ਅਰਥਾਤ ਪਵਿੱਤ੍ਰ ਆਤਮਾ ਜਿਹ ਨੂੰ ਪਿਤਾ ਮੇਰੇ ਨਾਮ ਉੱਤੇ
ਘੱਲੇਗਾ ਸੋ ਤੁਹਾਨੂੰ ਸੱਭੋ ਕੁੱਝ ਸਿਖਾਲੇਗਾ ਅਤੇ ਸਭੋ ਕੁੱਝ ਜੋ ਮੈਂ ਤੁਹਾਨੂੰ ਆ-
ਖਿਆ ਹੈ ਤੁਹਾਨੂੰ ਚੇਤੇ ਕਰਾਵੇਗਾ। 27 ਮੈਂ ਤੁਹਾਨੂੰ ਾਂਤੀ ਦੇ ਜਾਂਦਾ ਹਾਂ। ਆਪਣੀ
ਾਂਤੀ ਮੈਂ ਤੁਹਾਨੂੰ ਦਿੰਦਾ ਹਾਂ। ਜਿਸ ਤਰ੍ਹਾਂ ਸੰਸਾਰ ਦਿੰਦਾ ਹੈ ਮੈਂ ਉਸ ਤਰ੍ਹਾਂ ਤੁਹਾਨੂੰ
ਨਹੀਂ ਦਿੰਦਾ ਹਾਂ। ਤੁਹਾਡਾ ਦਿਲ ਨਾ ਘਬਰਾਏ ਅਤੇ ਨਾ ਡਰੇ। 28 ਤੁਸਾਂ ਸੁਣਿਆ
ਜੋ ਮੈਂ ਤੁਹਾਨੂੰ ਆਖਿਆ ਸੀ ਭਈ ਮੈਂ ਚੱਲਿਆ ਜਾਂਦਾ ਹਾਂ, ਫੇਰ ਤੁਹਾਡੇ ਕੋਲ
ਆਉਂਦਾ ਹਾਂ। ਜੇ ਤੁਸੀਂ ਮੇਰੇ ਨਾਲ ਪਿਆਰ ਕਰਦੇ ਤਾਂ ਇਸ ਤੋਂ ਅਨੰਦ ਹੁੰਦੇ ਜੋ ਮੈ
ਪਿਤਾ ਕੋਲ ਜਾਂਦਾ ਹਾਂ ਕਿਉਂ ਜੋ ਪਿਤਾ ਮੈਥੋਂ ਵੱਡਾ ਹੈ। 29 ਅਤੇ ਹੁਣ ਉਸ ਗੱਲ ਦੇ
ਹੋਣ ਤੋਂ ਅੱਗੇ ਮੈਂ ਤੁਹਾਨੂੰ ਦੱਸਿਆ ਹੈ ਤਾਂ ਜਦ ਉਹ ਹੋ ਲਵੇ ਤਦ ਤੁਸੀਂ ਪਰਤੀਤ
ਕਰੋ। 30 ਮੈਂ ਫਿਰ ਤੁਹਾਡੇ ਨਾਲ ਬਹੁਤੀਆਂ ਗੱਲਾਂ ਨਾ ਕਰਾਂਗਾ ਇਸ ਲਈ ਜੋ
ਜਗਤ ਦਾ ਸਰਦਾਰ ਆਉਂਦਾ ਹੈ ਅਤੇ ਮੇਰੇ ਵਿੱਚ ਉਹ ਦਾ ਕੁੱਝ ਨਹੀਂ ਹੈ। 31 ਪਰ
ਇਸ ਲਈ ਜੋ ਜਗਤ ਨੂੰ ਮਾਲੂਮ ਹੋਵੇ ਭਈ ਮੈਂ ਪਿਤਾ ਨਾਲ ਪਿਆਰ ਕਰਦਾ ਹਾਂ
ਅਰ ਜਿਵੇਂ ਪਿਤਾ ਨੇ ਮੈਨੂੰ ਆਗਿਆ ਦਿੱਤੀ ਹੈ ਮੈਂ ਤਿਵੇਂ ਕਰਦਾ ਹਾਂ। ਉੱਠੋ, ਐਥੋਂ
ਚੱਲੀਏ।

# 15

## ਅ ਗੂਰ ਦੀ ਵੇਲ ਅਤੇ ਟਹਿਣੀਆਂ

ਮੈਂ ਸੱਚੀ ਅ ਗੂਰ ਦੀ ਬੇਲ ਹਾਂ ਅਤੇ ਮੇਰਾ ਪਿਤਾ ਬਾਗਵਾਨ ਹੈ। 2
ਹਰੇਕ ਟਹਿਣੀ ਜਿਹੜੀ ਮੇਰੇ ਵਿੱਚ ਹੈ ਅਰ ਫਲ ਨਹੀਂ ਦਿੰਦੀ ਉਹ ਉਸ ਨੂੰ ਲਾਹ
ਸੁੱਟਦਾ ਹੈ ਅਤੇ ਹਰੇਕ ਜੋ ਫਲ ਦਿੰਦੀ ਹੈ ਉਹ ਉਸ ਨੂੰ ਛਾਂਗਦਾ ਹੈ ਤਾਂ ਜੋ ਹੋਰ ਵੀ
ਫਲ ਦੇਵੇ। 3 ਤੁਸੀਂ ਤਾਂ ਉਸ ਬਚਨ ਕਰਕੇ ਜੋ ਮੈਂ ਤੁਹਾਨੂੰ ਕਿਹਾ ਹੈ ਸਾਂ ਹੋ ਚੁੱਕੇ। 4
ਤੁਸੀਂ ਮੇਰੇ ਵਿੱਚ ਰਹੋ ਅਤੇ ਮੈਂ ਤੁਹਾਡੇ ਵਿੱਚ। ਜਿਸ ਪ੍ਰਕਾਰ ਟਹਿਣੀ ਜੇ ਉਹ
ਅ ਗੂਰ ਦੀ ਬੇਲ ਵਿੱਚ ਨਾ ਰਹੇ ਆਪਣੇ ਆਪ ਫਲ ਨਹੀਂ ਦੇ ਸਕਦੀ ਇਸੇ ਪ੍ਰਕਾਰ
ਤੁਸੀਂ ਵੀ ਜੇ ਮੇਰੇ ਵਿੱਚ ਨਾ ਰਹੋ ਫਲ ਨਹੀਂ ਦੇ ਸਕਦੇ। 5 ਅ ਗੂਰ ਦੀ ਬੇਲ ਮੈਂ ਹਾਂ,
ਤੁਸੀਂ ਟਹਿਣੀਆਂ ਹੋ। ਜੋ ਮੇਰੇ ਵਿੱਚ ਰਹਿੰਦਾ ਹੈ ਅਤੇ ਮੈਂ ਉਸ ਵਿੱਚ ਸੋਈ ਬਹੁਤਾ
ਫਲ ਦਿੰਦਾ ਹਾਂ ਕਿਉਂ ਜੋ ਮੈਥੋਂ ਵੱਖਰੇ ਹੋ ਕੇ ਤੁਸੀਂ ਕੁੱਝ ਨਹੀਂ ਕਰ ਸਕਦੇ। 6 ਜੇ
ਕੋਈ ਮੇਰੇ ਵਿੱਚ ਨਾ ਰਹੇ ਤਾਂ ਉਹ ਟਹਿਣੀ ਦੀ ਨਿਆਈ ਬਾਹਰ ਸੁੱਟਿਆ ਜਾਂਦਾ

ਅਤੇ ਸੁੱਕ ਜਾਂਦਾ ਹੈ ਅਰ ਲੋਕ ਉਨ੍ਹਾਂ ਨੂੰ ਇਕੱਠਿਆਂ ਕਰ ਕੇ ਅੱਗ ਵਿੱਚ ਝੋਕਦੇ
ਹਨ ਅਤੇ ਓਹ ਸਾੜੀਆਂ ਜਾਂਦੀਆਂ ਹਨ। 7 ਜੇ ਤੁਸੀਂ ਮੇਰੇ ਵਿੱਚ ਰਹੋ ਅਤੇ ਮੇਰੀਆਂ
ਗੱਲਾਂ ਤੁਹਾਡੇ ਵਿੱਚ ਰਹਿਣ ਤਾਂ ਜੋ ਚਾਹੋ ਮ ਗੋ ਉਹ ਤੁਹਾਡੇ ਲਈ ਹੋ ਜਾਵੇਗਾ। 8
ਮੇਰੇ ਪਿਤਾ ਦੀ ਵਡਿਆਈ ਇਸੇ ਤੋਂ ਹੁੰਦੀ ਹੈ ਜੋ ਤੁਸੀਂ ਬਹੁਤਾ ਫਲ ਦਿਓ ਅਰ
ਇਉਂ ਤੁਸੀਂ ਮੇਰੇ ਚੇਲੇ ਹੋਵੋਗੇ। 9 ਜਿਵੇਂ ਪਿਤਾ ਨੇ ਮੇਰੇ ਨਾਲ ਪਿਆਰ ਕੀਤਾ ਤਿਵੇਂ
ਮੈਂ ਵੀ ਤੁਹਾਡੇ ਨਾਲ ਪਿਆਰ ਕੀਤਾ। ਤੁਸੀਂ ਮੇਰੇ ਪ੍ਰੇਮ ਵਿੱਚ ਰਹੋ। 10 ਜੇਕਰ ਤੁਸੀਂ
ਮੇਰੇ ਹੁਕਮਾਂ ਦੀ ਪਾਲਨਾ ਕਰੋਗੇ ਤਾਂ ਮੇਰੇ ਪ੍ਰੇਮ ਵਿੱਚ ਰਹੋਗੇ ਜਿਵੇਂ ਮੈਂ ਆਪਣੇ
ਪਿਤਾ ਦੇ ਹੁਕਮਾਂ ਦੀ ਪਾਲਣਾ ਕੀਤੀ ਹੈ ਅਤੇ ਉਹ ਦੇ ਪ੍ਰੇਮ ਵਿੱਚ ਰਹਿੰਦਾ ਹਾਂ। 11
ਇਹ ਗੱਲਾਂ ਮੈਂ ਤੁਹਾਨੂੰ ਇਸ ਲਈ ਆਖੀਆਂ ਜੋ ਮੇਰੀ ਖੁ ੀ ਤੁਹਾਡੇ ਵਿੱਚ ਹੋਵੇ
ਅਤੇ ਤੁਹਾਡੀ ਖੁ ੀ ਪੂਰੀ ਹੋ ਜਾਵੇ।

12 ਮੇਰਾ ਹੁਕਮ ਇਹ ਹੈ ਭਈ ਤੁਸੀਂ ਇੱਕ ਦੂਏ ਨਾਲ ਪਿਆਰ ਕਰੋ ਜਿਵੇਂ
ਮੈਂ ਤੁਹਾਡੇ ਨਾਲ ਪਿਆਰ ਕੀਤਾ। 13 ਏਦੋਂ ਵੱਧ ਪਿਆਰ ਕਿਸੇ ਦਾ ਨਹੀਂ ਹੁੰਦਾ ਜੋ
ਆਪਣੀ ਜਾਨ ਆਪਣੇ ਮਿੱਤ੍ਰਾਂ ਦੇ ਬਦਲੇ ਦੇ ਦੇਵੇ। 14 ਜੇ ਤੁਸੀਂ ਓਹ ਕੰਮ ਕਰੋ
ਜਿਨ੍ਹਾਂ ਦਾ ਮੈਂ ਤੁਹਾਨੂੰ ਹੁਕਮ ਦਿੰਦਾ ਹਾਂ ਤਾਂ ਤੁਸੀਂ ਮੇਰੇ ਮਿੱਤ੍ਰ ਹੋ। 15 ਹੁਣ ਤੋਂ
ਅੱਗੇ ਮੈਂ ਤੁਹਾਨੂੰ ਦਾਸ ਨਹੀਂ ਆਖਾਂਗਾ ਕਿਉਂ ਜੋ ਦਾਸ ਨਹੀਂ ਜਾਣਦਾ ਭਈ ਉਹ
ਦਾ ਮਾਲਕ ਕੀ ਕਰਦਾ ਹੈ, ਪਰ ਮੈਂ ਤੁਹਾਨੂੰ ਮਿੱਤ੍ਰ ਕਰਕੇ ਆਖਿਆ ਹੈ ਕਿਉਂਕਿ ਮੈਂ
ਜੋ ਕੁੱਝ ਆਪਣੇ ਪਿਤਾ ਕੋਲੋਂ ਸੁਣਿਆ ਸੋ ਸਭ ਤੁਹਾਨੂੰ ਦਸ ਦਿੱਤਾ। 16 ਤੁਸਾਂ ਮੈਨੂੰ
ਨਹੀਂ ਚੁਣਿਆ ਪਰ ਮੈਂ ਤੁਹਾਨੂੰ ਚੁਣਿਆ ਅਤੇ ਤੁਹਾਨੂੰ ਠਹਿਰਾਇਆ ਸੀ ਜੋ ਤੁਸੀਂ
ਜਾ ਕੇ ਫਲਦਾਰ ਹੋਵੋ ਅਤੇ ਤੁਹਾਡਾ ਫਲ ਕਾਇਮ ਰਹੇ ਤਾਂ ਜੋ ਤੁਸੀਂ ਮੇਰਾ ਨਾਮ ਲੈ
ਕੇ ਜੋ ਕੁੱਝ ਪਿਤਾ ਤੋਂ ਮ ਗੋਂ ਸੋ ਉਹ ਤੁਹਾਨੂੰ ਦੇਵੇ। 17 ਮੈਂ ਤੁਹਾਨੂੰ ਇਨ੍ਹਾਂ ਗੱਲਾਂ ਦਾ
ਇਸ ਲਈ ਹੁਕਮ ਕਰਦਾ ਹਾਂ ਜੋ ਤੁਸੀਂ ਇੱਕ ਦੂਏ ਨਾਲ ਪਿਆਰ ਕਰੋ।

### ਸੰਸਾਰ ਚੇਲਿਆਂ ਨੂੰ ਨੰਰਤ ਕਰਦਾ ਹੈ

18 ਜੇ ਜਗਤ ਤੁਹਾਡੇ ਨਾਲ ਵੈਰ ਕਰਦਾ ਹੈ ਤੁਸੀਂ ਜਾਣਦੇ ਹੋ ਜੋ ਉਹ ਨੇ
ਤੁਹਾਥੋਂ ਅੱਗੇ ਮੇਰੇ ਨਾਲ ਵੈਰ ਕੀਤਾ ਹੈ। 19 ਜੇ ਤੁਸੀਂ ਜਗਤ ਦੇ ਹੁੰਦੇ ਤਾਂ ਜਗਤ
ਆਪਣਿਆਂ ਨਾਲ ਤੇਹ ਕਰਦਾ ਪਰ ਇਸ ਕਰਕੇ ਜੋ ਤੁਸੀਂ ਜਗਤ ਦੇ ਨਹੀਂ ਹੋ ਪਰ
ਮੈਂ ਤੁਹਾਨੂੰ ਜਗਤ ਵਿੱਚੋਂ ਚੁਣ ਲਿਆ ਇਸ ਕਰਕੇ ਜਗਤ ਤੁਹਾਡੇ ਨਾਲ ਵੈਰ
ਕਰਦਾ ਹੈ। 20 ਜਿਹੜੀ ਗੱਲ ਮੈਂ ਤੁਹਾਨੂੰ ਆਖੀ ਸੀ ਚੇਤੇ ਰੱਖੋ ਭਈ ਦਾਸ ਆਪਣੇ
ਮਾਲਕ ਨਾਲੋਂ ਵੱਡਾ ਨਹੀਂ। ਜੇ ਉਨ੍ਹਾਂ ਮੈਨੂੰ ਸਤਾਇਆ ਤਾਂ ਓਹ ਤੁਹਾਨੂੰ ਵੀ
ਸਤਾਉਣਗੇ। ਜੇ ਉਨ੍ਹਾਂ ਮੇਰੇ ਬਚਨ ਦੀ ਪਾਲਨਾ ਕੀਤੀ ਤਾਂ ਤੁਹਾਡੇ ਦੀ ਵੀ
ਪਾਲਨਾ ਕਰਨਗੇ। 21 ਪਰ ਇਹ ਸਭ ਕੁੱਝ ਮੇਰੇ ਨਾਮ ਦੇ ਕਾਰਨ ਓਹ ਤੁਹਾਡੇ ਨਾਲ
ਕਰਨਗੇ ਕਿਉਂ ਜੋ ਓਹ ਉਸ ਨੂੰ ਨਹੀਂ ਜਾਣਦੇ ਹਨ ਜਿਨ ਮੈਨੂੰ ਘੱਲਿਆ। 22 ਜੇ ਮੈਂ

ਨਾ ਆਉਂਦਾ ਅਤੇ ਉਨ੍ਹਾਂ ਨਾਲ ਗੱਲਾਂ ਨਾ ਕਰਦਾ ਤਾਂ ਉਨ੍ਹਾਂ ਦਾ ਪਾਪ ਨਾ ਹੁੰਦਾ,
ਪਰ ਹੁਣ ਉਨ੍ਹਾਂ ਕੋਲ ਉਨ੍ਹਾਂ ਦੇ ਪਾਪ ਦਾ ਕੋਈ ਪੱਜ ਨਹੀਂ। 23 ਜਿਹੜਾ ਮੇਰੇ ਨਾਲ
ਵੈਰ ਕਰਦਾ ਹੈ ਉਹ ਮੇਰੇ ਪਿਤਾ ਨਾਲ ਵੈਰ ਕਰਦਾ ਹੈ। 24 ਜੇ ਮੈਂ ਉਨ੍ਹਾਂ ਵਿੱਚ ਓਹ
ਕੰਮ ਨਾ ਕਰਦਾ ਜੋ ਹੋਰ ਕਿਨੇ ਨਹੀਂ ਕੀਤੇ ਤਾਂ ਉਨ੍ਹਾਂ ਦਾ ਪਾਪ ਨਾ ਹੁੰਦਾ ਪਰ ਹੁਣ
ਤਾਂ ਉਨ੍ਹਾਂ ਨੇ ਮੈਨੂੰ ਅਤੇ ਨਾਲੇ ਮੇਰੇ ਪਿਤਾ ਨੂੰ ਵੇਖਿਆ ਅਤੇ ਸਾਡੇ ਨਾਲ ਵੈਰ ਵੀ
ਕੀਤਾ ਹੈ। 25 ਪਰ ਇਹ ਇਸ ਹੋਇਆ ਕਿ ਉਹ ਬਚਨ ਪੂਰਾ ਹੋਵੇ ਜਿਹੜਾ ਉਨ੍ਹਾਂ
ਦੀ ਰਾ ਵਿੱਚ ਲਿਖਿਆ ਹੋਇਆ ਹੈ ਕਿ ਉਨ੍ਹਾਂ ਧਿਗਾਨੇ ਮੇਰੇ ਨਾਲ ਵੈਰ ਕੀਤਾ। 26
ਪਰ ਜਾ ਉਹ ਸਹਾਇਕ ਆਵੇ ਜਿਹ ਨੂੰ ਮੈਂ ਤੁਹਾਡੇ ਕੋਲ ਪਿਤਾ ਦੀ ਵੱਲੋਂ ਘੱਲਾਂਗਾ
ਅਰਥਾਤ ਸਚਿਆਈ ਦਾ ਆਤਮਾ ਜਿਹੜਾ ਪਿਤਾ ਵੱਲੋਂ ਨਿਕਲਦਾ ਹੈ ਤਾਂ ਉਹ
ਮੇਰੇ ਹੱਕ ਵਿੱਚ ਸਾਖੀ ਦੇਵੇਗਾ। 27 ਅਤੇ ਤੁਸੀਂ ਵੀ ਗਵਾਹ ਹੋ ਕਿਉਂਕਿ ਤੁਸੀਂ
ਮੁੱਢੋਂ ਮੇਰੇ ਨਾਲ ਰਹੇ ਹੋ।

ਪਵਿੱਤਰ ਆਤਮਾ ਦਾ ਕੰਮ

## 16

ਇਹ ਗੱਲਾਂ ਮੈਂ ਤੁਹਾਨੂੰ ਇਸ ਲਈ ਆਖੀਆਂ ਹਨ ਜੋ ਤੁਸੀਂ ਠੋਕਰ ਨਾ
ਖਾਓ। 2 ਉਹ ਤੁਹਾਨੂੰ ਸਮਾਜਾਂ ਵਿੱਚੋਂ ਛੇਕ ਦੇਣਗੇ ਸਗੋਂ ਉਹ ਸਮਾ ਆਉਂਦਾ ਹੈ
ਕਿ ਹਰੇਕ ਜੋ ਤੁਹਾਨੂੰ ਮਾਰ ਦੇਵੇ ਸੋ ਇਹ ਸਮਝੇਗਾ ਕਿ ਮੈਂ ਪਮਰੇ ਰ ਦੀ ਸੇਵਾ



ਕਰਦਾ ਹਾਂ। [3] ਅਤੇ ਓਹ ਇਸ ਲਈ ਇਹ ਕਰਨਗੇ ਜੋ ਉਨ੍ਹਾਂ ਨਾ ਪਿਤਾ ਨੂੰ ਅਤੇ
ਨਾ ਮੈਨੂੰ ਜਾਣਿਆ। [4] ਪਰ ਮੈਂ ਤੁਹਾਡੇ ਨਾਲ ਇਹ ਗੱਲਾਂ ਇਸ ਲਈ ਕੀਤੀਆਂ
ਹਨ ਕਿ ਜਦ ਉਨ੍ਹਾਂ ਸਮਾ ਆਵੇ ਤਦ ਤੁਸੀਂ ਉਨ੍ਹਾਂ ਨੂੰ ਚੇਤੇ ਕਰੋ ਕਿ ਮੈਂ ਤੁਹਾਨੂੰ
ਆਖੀਆਂ ਅਤੇ ਮੈਂ ਮੁੱਢੋਂ ਇਹ ਗੱਲਾਂ ਤੁਹਾਨੂੰ ਆਖੀਆਂ ਕਿਉਂ ਜੋ ਮੈਂ ਤੁਹਾਡੇ ਨਾਲ
ਸਾਂ।

[5] ਪਰ ਹੁਣ ਮੈਂ ਉਹ ਦੇ ਕੋਲ ਜਾਂਦਾ ਹਾਂ ਜਿਨ ਮੈਨੂੰ ਘੱਲਿਆ ਸੀ ਅਤੇ
ਤੁਹਾਡੇ ਵਿੱਚੋਂ ਕੋਈ ਮੈਥੋਂ ਨਹੀਂ ਪੁੱਛਦਾ ਭਈ ਤੂੰ ਕਿੱਥੇ ਜਾਂਦਾ ਹੈ? [6] ਪਰ ਇਸ
ਕਰਕੇ ਜੋ ਮੈਂ ਤੁਹਾਨੂੰ ਇਹ ਗੱਲਾਂ ਕਹੀਆਂ ਹਨ ਤੁਹਾਡਾ ਦਿਲ ਗਮ ਨਾਲ ਭਰ
ਗਿਆ ਹੈ। [7] ਪਰ ਮੈਂ ਤੁਹਾਨੂੰ ਸਤ ਆਖਦਾ ਹਾਂ ਭਈ ਮੇਰਾ ਜਾਣਾ ਹੀ ਤੁਹਾਡੇ ਲਈ
ਚੰਗਾ ਹੈ ਕਿਉਂਕਿ ਜੇ ਮੈਂ ਨਾ ਜਾਵਾਂ ਤਾਂ ਸਹਾਇਕ ਤੁਹਾਡੇ ਕੋਲ ਨਾ ਆਵੇਗਾ ਪਰ
ਜੇ ਮੈਂ ਜਾਵਾਂ ਤਾਂ ਉਹ ਨੂੰ ਤੁਹਾਡੇ ਕੋਲ ਘੱਲ ਦਿਆਂਗਾ। [8] ਅਤੇ ਉਹ ਆਣ ਕੇ
ਜਗਤ ਨੂੰ ਪਾਪ, ਧਰਮ ਅਰ ਨਿਆਉਂ ਦੇ ਵਿਖੇ ਕਾਇਲ ਕਰੇਗਾ। [9] ਪਾਪ ਦੇ ਵਿਖੇ
ਇਸ ਲਈ ਜੋ ਓਹ ਮੇਰੇ ਉੱਤੇ ਨਿਹਚਾ ਨਹੀਂ ਕਰਦੇ ਹਨ। [10] ਧਰਮ ਦੇ ਵਿਖੇ ਇਸ
ਲਈ ਜੋ ਮੈਂ ਪਿਤਾ ਕੋਲ ਜਾਂਦਾ ਹਾਂ ਅਤੇ ਤੁਸੀਂ ਮੈਨੂੰ ਫਿਰ ਨਹੀਂ ਵੇਖੋਗੇ। [11]
ਨਿਆਉਂ ਦੇ ਵਿਖੇ ਇਸ ਲਈ ਜੋ ਇਸ ਜਗਤ ਦੇ ਸਰਦਾਰ ਦਾ ਨਿਆਉਂ ਕੀਤਾ
ਗਿਆ ਹੈ। [12] ਅਜੇ ਮੈਂ ਤੁਹਾਡੇ ਨਾਲ ਬਹੁਤੀਆਂ ਗੱਲਾਂ ਕਰਨੀਆਂ ਹਨ ਪਰ ਹੁਣੇ
ਤੁਸੀਂ ਸਹਾਰ ਨਹੀਂ ਸਕਦੇ। [13] ਪਰ ਜਦ ਉਹ ਅਰਥਾਤ ਸਚਿਆਈ ਦਾ ਆਤਮਾ
ਆਵੇ ਤਦ ਉਹ ਸਾਰੀ ਸਚਿਆਈ ਵਿੱਚ ਤੁਹਾਡੀ ਅਗਵਾਈ ਕਰੇਗਾ ਕਿਉਂ ਜੋ
ਉਹ ਆਪਣੀ ਵੱਲੋਂ ਨਾ ਕਹੇਗਾ ਪਰ ਜੋ ਕੁੱਝ ਸੁਣੇਗਾ ਸੋਈ ਆਖੇਗਾ ਅਤੇ ਉਹ
ਹੋਣ ਵਾਲੀਆਂ ਗੱਲਾਂ ਤੁਹਾਨੂੰ ਦੱਸੇਗਾ। [14] ਉਹ ਮੇਰੀ ਵਡਿਆਈ ਕਰੇਗਾ ਕਿਉਂ
ਜੋ ਉਹ ਮੇਰੀਆਂ ਗੱਲਾਂ ਵਿੱਚੋਂ ਲਵੇਗਾ ਅਤੇ ਤੁਹਾਨੂੰ ਦੱਸੇਗਾ। [15] ਸੱਭੋ ਕੁੱਝ ਜੋ
ਪਿਤਾ ਦਾ ਹੈ ਸੋ ਮੇਰਾ ਹੈ। ਇਸੇ ਕਾਰਨ ਮੈਂ ਆਖਿਆ ਜੋ ਉਹ ਮੇਰੀਆਂ ਗੱਲਾਂ
ਵਿੱਚੋਂ ਲੈ ਕੇ ਤੁਹਾਨੂੰ ਦੱਸੇਗਾ। [16] ਥੋੜੇ ਚਿਰ ਪਿੱਛੋਂ ਤੁਸੀਂ ਮੈਨੂੰ ਫੇਰ ਨਾ ਵੇਖੋਗੇ
ਅਤੇ ਫੇਰ ਥੋੜੇ ਚਿਰ ਪਿੱਛੋਂ ਤੁਸੀਂ ਮੈਨੂੰ ਵੇਖੋਗੇ।

## ਚੇਲਿਆਂ ਦਾ ਸੋਗ ਅਨੰਦ ਵਿੱਚ ਬਦਲ ਜਾਵੇਗਾ

[17] ਉਪਰੰਤ ਉਹ ਦੇ ਕਈ ਚੇਲੇ ਆਪੋ ਵਿੱਚੀ ਕਹਿਣ ਲੱਗੇ, ਇਹ ਕੀ ਹੈ
ਜੋ ਉਹ ਸਾਨੂੰ ਆਖਦਾ ਹੈ ਭਈ ਥੋੜੇ ਚਿਰ ਪਿੱਛੋਂ ਤੁਸੀਂ ਮੈਨੂੰ ਨਾ ਵੇਖੋਗੇ ਅਤੇ ਫੇਰ
ਥੋੜੇ ਚਿਰ ਪਿੱਛੋਂ ਤੁਸੀਂ ਮੈਨੂੰ ਵੇਖੋਗੇ ਅਰ ਇਹ, ਜੋ ਮੈਂ ਪਿਤਾ ਕੋਲ ਜਾਂਦਾ ਹਾਂ? [18]
ਫੇਰ ਉਨ੍ਹਾਂ ਆਖਿਆ, ਇਹ ਥੋੜਾ ਚਿਰ ਜੋ ਉਹ ਕਹਿੰਦਾ ਹੈ ਕੀ ਹੈ? ਅਸੀਂ ਨਹੀਂ
ਜਾਣਦੇ ਕਿ ਉਹ ਕੀ ਆਖਦਾ ਹੈ। [19] ਯਿਸੂ ਨੇ ਇਹ ਮਲੂਮ ਕੀਤਾ ਜੋ ਓਹ ਮੈਥੋਂ
ਪੁੱਛਣਾ ਚਾਹੁੰਦੇ ਹਨ ਅਤੇ ਉਨ੍ਹਾਂ ਨੂੰ ਆਖਿਆ, ਕੀ ਤੁਸੀਂ ਆਪੋ ਵਿੱਚੀਂ ਉਹ ਦੀ

ਪੁੱਛ ਗਿੱਛ ਕਰਦੇ ਹੋ ਜੋ ਮੈਂ ਆਖਿਆ ਭਈ ਥੋੜੇ ਚਿਰ ਪਿੱਛੋਂ ਤੁਸੀਂ ਮੈਨੂੰ ਨਾ
ਵੇਖੋਗੇ ਅਤੇ ਫੇਰ ਥੋੜੇ ਚਿਰ ਪਿੱਛੋਂ ਤੁਸੀਂ ਮੈਨੂੰ ਵੇਖੋਗੇ? 20 ਮੈਂ ਤੁਹਾਨੂੰ ਸੱਚ ਸੱਚ
ਆਖਦਾ ਹਾਂ ਭਈ ਤੁਸੀਂ ਰੋਵੋਗੇ ਅਤੇ ਸੋਗ ਕਰੋਗੇ ਪਰ ਜਗਤ ਅਨੰਦ ਕਰੇਗਾ।
ਤੁਸੀਂ ਉਦਾਸ ਹੋਵੋਗੇ ਪਰ ਤੁਹਾਡੀ ਉਦਾਸੀ ਅਨੰਦ ਨਾਲ ਬਦਲ ਜਾਵੇਗੀ। 21
ਜਦ ਤੀਵੀਂ ਜਣਨ ਲੱਗਦੀ ਹੈ ਤਾਂ ਉਦਾਸ ਹੁੰਦੀ ਹੈ ਇਸ ਕਾਰਨ ਜੋ ਉਹ ਦੀ
ਘੜੀ ਆ ਪੁੱਜੀ ਹੈ ਪਰ ਜਾਂ ਬਾਲਕ ਜਣ ਚੁੱਕਦੀ ਹੈ ਤਾਂ ਇਸ ਖੁ ੀ ਦੀ ਮਾਰੀ ਜੋ
ਇੱਕ ਮਨੁੱਖ ਜਗਤ ਵਿੱਚ ਜੰਮਿਆ ਉਹ ਉਸ ਪੀੜ ਨੂੰ ਫੇਰ ਚੇਤੇ ਨਹੀਂ ਕਰਦੀ।
22 ਸੋ ਹੁਣ ਤੁਸੀਂ ਉਦਾਸ ਹੋ ਪਰ ਮੈਂ ਤੁਹਾਨੂੰ ਫੇਰ ਵੇਖਾਂਗਾ ਅਤੇ ਤੁਹਾਡਾ ਦਿਲ
ਅਨੰਦ ਹੋਵੇਗਾ ਅਰ ਤੁਹਾਡਾ ਅਨੰਦ ਤੁਹਾਥੋਂ ਕੋਈ ਨਹੀਂ ਖੋਹੇਗਾ। 23 ਅਤੇ ਉਸ
ਦਿਨ ਤੁਸੀਂ ਮੈਥੋਂ ਕੋਈ ਸਵਾਲ ਨਾ ਕਰੋਗੇ। ਮੈਂ ਤੁਹਾਨੂੰ ਸੱਚ ਸੱਚ ਆਖਦਾ ਹਾਂ, ਜੇ
ਤੁਸੀਂ ਪਿਤਾ ਕੋਲੋਂ ਕੁੱਝ ਮ ਗੋ ਤਾਂ ਉਹ ਮੇਰੇ ਨਾਮ ਕਰਕੇ ਤੁਹਾਨੂੰ ਦੇਵੇਗਾ। 24 ਅਤੇ
ਅਜੇ ਤੀਕੁਰ ਤੁਸਾਂ ਮੇਰਾ ਨਾਮ ਲੈ ਕੇ ਕੁੱਝ ਨਹੀਂ ਮ ਗਿਆ। ਮ ਗੋ ਤਾਂ ਤੁਸੀਂ
ਲਓਗੇ ਭਈ ਤੁਹਾਡਾ ਅਨੰਦ ਪੂਰਾ ਹੋਵੇ।

25 ਮੈਂ ਇਹ ਗੱਲਾਂ ਤੁਹਾਨੂੰ ਬੁਝਾਰਤਾਂ ਵਿੱਚ ਆਖੀਆਂ ਹਨ। ਉਹ ਸਮਾਂ
ਆਉਂਦਾ ਹੈ ਜਾਂ ਮੈਂ ਤੁਹਾਨੂੰ ਫਿਰ ਬੁਝਾਰਤਾਂ ਵਿੱਚ ਨਾ ਕਹਾਂਗਾ ਪਰ ਖੋਲ੍ਹ ਕੇ
ਤੁਹਾਨੂੰ ਪਿਤਾ ਦੀ ਖਬਰ ਦਿਆਂਗਾ। 26 ਉਸ ਦਿਨ ਤੁਸੀਂ ਮੇਰਾ ਨਾਮ ਲੈ ਕੇ ਮ ਗੋਗੇ
ਅਤੇ ਮੈਂ ਤੁਹਾਨੂੰ ਨਹੀਂ ਆਖਦਾ ਭਈ ਮੈਂ ਪਿਤਾ ਅੱਗੇ ਤੁਹਾਡੇ ਲਈ ਬੇਨਤੀ
ਕਰਾਂਗਾ। 27 ਕਿਉਂ ਜੋ ਪਿਤਾ ਆਪ ਹੀ ਤੁਹਾਡੇ ਨਾਲ ਹਿਤ ਕਰਦਾ ਹੈ ਇਸ ਲਈ



ਜੋ ਤੁਸਾਂ ਮੇਰੇ ਨਾਲ ਹਿਤ ਕੀਤਾ ਅਤੇ ਸਤ ਮ ਨਿਆ ਹੈ ਜੋ ਮੈਂ ਪਿਤਾ ਦੀ ਵੱਲੋਂ
ਆਇਆ। [28] ਮੈਂ ਪਿਤਾ ਵਿੱਚੋਂ ਨਿੱਕਲ ਕੇ ਜਗਤ ਵਿੱਚ ਆਇਆ ਹਾਂ। ਫਿਰ
ਜਗਤ ਨੂੰ ਛੱਡਦਾ ਅਤੇ ਪਿਤਾ ਦੇ ਕੋਲ ਜਾਂਦਾ ਹਾਂ। [29] ਉਹ ਦੇ ਚੇਲਿਆਂ ਨੇ
ਕਿਹਾ, ਵੇਖੋ ਹੁਣ ਤੂੰ ਖੋਲ੍ਹ ਕੇ ਆਖਦਾ ਹੈਂ ਅਤੇ ਕੋਈ ਬੁਝਾਰਤ ਨਹੀਂ ਕਹਿੰਦੀ। [30]
ਹੁਣ ਅਸੀਂ ਜਾਣ ਗਏ ਭਈ ਤੂੰ ਸੱਭੋ ਕੁਝ ਜਾਣਦਾ ਹੈ ਅਰ ਤੈਨੂੰ ਲੋੜ ਨਹੀਂ ਜੋ
ਤੈਥੋਂ ਕੋਈ ਪੁੱਛੇ। ਇਸ ਤੋਂ ਅਸੀਂ ਪਰਤੀਤ ਕਰਦੇ ਹਾਂ ਜੋ ਤੂੰ ਪਰਮੇ ਰ ਕੋਲੋਂ ਆ-
ਇਆ ਹੈਂ। [31] ਵੇਖੋ, ਸਮਾਂ ਆਉਂਦਾ ਹੈ ਸਗੋਂ ਆ ਪਹੁੰਚਿਆ ਹੈ ਜੋ ਤੁਸੀਂ ਸੱਭੇ ਆਪੋ
ਆਪਣੇ ਥਾਈ ਖਿ ਡ ਜਾਓਗੇ ਅਤੇ ਮੈਨੂੰ ਇਕੱਲਾ ਛੱਡ ਦਿਓਗੇ ਪਰ ਤਾਂ ਵੀ ਮੈਂ
ਇੱਕਲਾ ਨਹੀਂ ਕਿਉਂ ਜੋ ਪਿਤਾ ਮੇਰੇ ਨਾਲ ਹੈ। [33] ਮੈਂ ਇਹ ਗੱਲਾਂ ਤੁਹਾਨੂੰ ਇਸ
ਲਈ ਆਖੀਆਂ ਹਨ ਜੋ ਤੁਹਾਨੂੰ ਮੇਰੇ ਵਿੱਚ ਂਤੀ ਹੋਵੇ। ਜਗਤ ਵਿੱਚ ਤੁਹਾਨੂੰ
ਕ ਟ ਹੈ ਪਰ ਹੋ ਲਾ ਰੱਖੋ, ਮੈਂ ਜਗਤ ਨੂੰ ਜਿੱਤ ਲਿਆ ਹੈ।

# 17

## ਪ੍ਰਭੂ ਯਿਸੂ ਆਪਣੇ ਲਈ ਪ੍ਰਾਰਥਨਾ ਕਰਦੇ ਹਨ

ਯਿਸੂ ਨੇ ਇਹ ਗੱਨਾਂ ਆਖੀਆਂ ਅਤੇ ਆਪਣੀਆਂ ਅੱਖਾਂ ਅਕਾ ਵੱਲ
ਚੁੱਕ ਕੇ ਕਿਹਾ, ਹੇ ਪਿਤਾ ਘੜੀ ਆ ਪਹੁੰਚੀ ਹੈ। ਆਪਣੇ ਪੁੱਤ੍ਰ ਦੀ ਵਡਿਆਈ
ਕਰ ਤਾਂ ਜੋ ਪੁੱਤ੍ਰ ਤੇਰੀ ਵਡਿਆਈ ਕਰੇ। [2] ਜਿਵੇਂ ਤੈਂ ਉਹ ਨੂੰ ਸਾਰੇ ਸਰੀਰਾਂ ਉੱਤੇ
ਇਖਤਿਆਰ ਬਖ਼ ਆ ਭਈ ਉਹ ਉਨ੍ਹਾਂ ਸਭਨਾਂ ਨੂੰ ਜੋ ਤੈਂ ਉਹ ਨੂੰ ਦਿੱਤੇ ਹਨ
ਸਦੀਪਕ ਜੀਉਣ ਦੇਵੇ। [3] ਅਤੇ ਸਦੀਪਕ ਜੀਉਣ ਇਹ ਹੈ ਕਿ ਓਹ ਤੈਨੂੰ ਜੋ ਸੱਚਾ
ਵਾਹਿਦ ਪਰਮੇ ਰ ਹੈ ਅਤੇ ਯਿਸੂ ਮਸੀਹ ਨੂੰ ਜਿਹ ਨੂੰ ਤੈਂ ਘੱਲਿਆ ਜਾਣਨ। [4]
ਜਿਹੜਾ ਕੰਮ ਤੈਂ ਮੈਨੂੰ ਕਰਨ ਲਈ ਦਿੱਤਾ ਸੀ ਉਹ ਪੂਰਾ ਕਰ ਕੇ ਮੈਂ ਧਰਤੀ ਉੱਤੇ
ਤੇਰੀ ਵਡਿਆਈ ਕੀਤੀ।

## ਪ੍ਰਭੂ ਯਿਸੂ ਆਪਣੇ ਚੇਲਿਆਂ ਲਈ ਪ੍ਰਾਰਥਨਾਂ ਕਰਦੇ ਹਨ

[5] ਹੁਣ ਹੇ ਪਿਤਾ ਤੂੰ ਆਪਣੀ ਸੰਗਤ ਦੀ ਉਸ ਵਡਿਆਈ ਨਾਲ ਜੋ ਮੈਂ
ਜਗਤ ਦੇ ਹੋਣ ਤੋਂ ਅੱਗੇ ਹੀ ਤੇਰੇ ਨਾਲ ਰੱਖਦਾ ਸਾਂ ਮੇਰੀ ਵਡਿਆਈ ਪਰਗਟ
ਕਰ। [6] ਜਿਹੜੇ ਮਨੁੱਖ ਤੈਂ ਜਗਤ ਵਿੱਚੋਂ ਮੈਨੂੰ ਦਿੱਤੇ ਓਹਨਾਂ ਉੱਤੇ ਮੈਂ ਤੇਰਾ ਨਾਮ
ਪਰਗਟ ਕੀਤਾ। ਓਹ ਤੇਰੇ ਸਨ ਅਤੇ ਮੈਂ ਓਹ ਮੈਨੂੰ ਦਿੱਤੇ ਅਰ ਓਹਨਾਂ ਨੇ ਤੇਰੇ
ਬਚਨ ਦੀ ਪਾਲਨਾ ਕੀਤੀ ਹੈ। [7] ਹੁਣ ਉਹਨਾਂ ਨੇ ਜਾਣਿਆ ਭਈ ਜੋ ਕੁਝ ਤੈਂ ਮੈਨੂੰ
ਦਿੱਤਾ ਹੈ ਸੱਭੋ ਤੇਰੀ ਵੱਲੋਂ ਹੈ। [8] ਕਿਉਂਕਿ ਜਿਹੜੀਆਂ ਗੱਲਾਂ ਤੈਂ ਮੈਨੂੰ ਦਿੱਤੀਆਂ
ਓਹ ਮੈਂ ਓਹਨਾਂ ਨੂੰ ਦਿੱਤੀਆਂ ਹਨ ਅਤੇ ਓਹਨਾਂ ਨੇ ਮ ਨ ਲਈਆਂ ਅਤੇ ਸੱਚ



ਜਾਣਿਆ ਜੋ ਮੈਂ ਤੇਰੀ ਵੱਲੋਂ ਆਇਆਂ ਅਤੇ ਓਹਨਾਂ ਪਰਤੀਤ ਕੀਤੀ ਕਿਉਂ ਤੈਂ
ਮੈਨੂੰ ਘੱਲਿਆ। 9 ਮੈਂ ਜਗਤ ਦੇ ਲਈ ਨਹੀਂ ਪਰ ਓਹਨਾਂ ਲਈ ਬੇਨਤੀ ਕਰਦਾ ਹਾਂ
ਜੋ ਤੈਂ ਮੈਨੂੰ ਦਿੱਤੇ ਸਨ ਕਿਉਂ ਜੋ ਓਹ ਤੇਰੇ ਹਨ। 10 ਮੇਰੀਆਂ ਸਾਰੀਆਂ ਚੀ ਂ
ਤੇਰੀਆਂ ਹਨ ਅਤੇ ਤੇਰੀਆਂ ਮੇਰੀਆਂ ਹਨ ਅਰ ਉਨ੍ਹਾਂ ਵਿੱਚ ਮੇਰੀ ਵਡਿਆਈ ਹੋਈ
ਹੈ। 11 ਮੈਂ ਅੱਗੇ ਨੂੰ ਜਗਤ ਵਿੱਚ ਨਹੀਂ ਪਰ ਇਹ ਜਗਤ ਵਿੱਚ ਹਨ ਅਤੇ ਮੈਂ ਤੇਰੇ
ਕੋਲ ਆਉਂਦਾ ਹਾਂ। ਹੇ ਪਵਿੱਤ੍ਰ ਪਿਤਾ ਆਪਣੇ ਹੀ ਉਸ ਨਾਮ ਨਾਲ ਜਿਹੜਾ ਤੈਂ
ਮੈਨੂੰ ਦਿੱਤਾ ਓਹਨਾਂ ਦੀ ਰੱਛਿਆ ਕਰਨ ਇਸ ਲਈ ਜੋ ਓਹ ਸਾਡੇ ਵਾਂਗਰ ਇੱਕ
ਹੋਣ। 12 ਜਿਨ੍ਹਾਂ ਚਿਰ ਮੈਂ ਓਹਨਾਂ ਦੇ ਨਾਲ ਸਾਂ ਮੈਂ ਤੇਰੇ ਉਸ ਨਾਮ ਨਾਲ ਜਿਹੜਾ
ਤੈਂ ਮੈਨੂੰ ਦਿੱਤਾ ਓਹਨਾਂ ਦੀ ਰੱਛਿਆ ਕੀਤੀ ਅਤੇ ਮੈਂ ਓਹਨਾਂ ਦੀ ਰਾਖੀ ਕੀਤੀ
ਅਤੇ ਨਾਸ ਦੇ ਪੁੱਤ੍ਰ ਬਾਝੋਂ ਓਹਨਾਂ ਵਿੱਚੋਂ ਕਿਸੇ ਦਾ ਨਾਸ ਨਾ ਹੋਇਆ ਤਾਂ ਜੋ
ਲਿਖਤ ਪੂਰੀ ਹੋਵੇ। 13 ਪਰ ਹੁਣ ਮੈਂ ਤੇਰੇ ਕੋਲ ਆਉਂਦਾ ਹਾਂ ਅਤੇ ਮੈਂ ਜਗਤ ਵਿੱਚ
ਇਹ ਗੱਲਾਂ ਆਖਦਾ ਹਾਂ ਤਾਂ ਜੋ ਮੇਰੀ ਖੁ ੀ ਓਹਨਾਂ ਵਿੱਚ ਪੂਰੀ ਹੋਵੇ। 14 ਮੈਂ ਤੇਰਾ
ਬਚਨ ਓਹਨਾਂ ਨੂੰ ਦਿੱਤਾ ਹੈ ਅਰ ਜਗਤ ਨੇ ਓਹਨਾਂ ਨਾਲ ਵੈਰ ਕੀਤਾ ਕਿਉਂ ਜੋ
ਓਹ ਜਗਤ ਦੇ ਨਹੀਂ ਹਨ ਜਿਵੇਂ ਮੈਂ ਜਗਤ ਦਾ ਨਹੀਂ ਹਾਂ। 15 ਮੈਂ ਇਹ ਬੇਨਤੀ
ਨਹੀਂ ਕਰਦਾ ਜੋ ਤੂੰ ਉਹਨਾਂ ਨੂੰ ਜਗਤ ਵਿੱਚੋਂ ਚੁੱਕ ਲਵੇਂ ਪਰ ਇਹ ਜੋ ਤੂੰ ਦੂ ਟ ਤੋਂ

ਓਹਨਾਂ ਦੀ ਰੱਛਿਆ ਕਰੇ। [16] ਓਹ ਜਗਤ ਦੇ ਨਹੀਂ ਜਿਵੇਂ ਮੈਂ ਜਗਤ ਦਾ ਨਹੀਂ
ਹਾਂ। [17] ਓਹਨਾਂ ਨੂੰ ਸਚਿਆਈ ਨਾਲ ਪਵਿੱਤ੍ਰ ਕਰ। ਤੇਰਾ ਬਚਨ ਸਚਿਆਈ ਹੈ। [18]
ਜਿਸ ਤਰ੍ਹਾਂ ਤੈਂ ਮੈਨੂੰ ਜਗਤ ਵਿੱਚ ਘੱਲਿਆ ਮੈਂ ਵੀ ਓਹਨਾਂ ਨੂੰ ਜਗਤ ਵਿੱਚ
ਘੱਲਿਆ। [19] ਅਤੇ ਉਹਨਾਂ ਦੇ ਕਾਰਨ ਮੈਂ ਆਪ ਨੂੰ ਸੰਕਲਪ ਕਰਦਾ ਹਾਂ ਤਾਂ ਜੋ
ਓਹ ਵੀ ਸਚਿਆਈ ਵਿੱਚ ਸੰਕਲਪ ਹੋਣ।

ਪ੍ਭੂ ਯਿਸੂ ਸਭ ਵਿ ਵਾਸੀਆਂ ਲਈ ਪ੍ਾਰਥਨਾ ਕਰਦੇ ਹਨ

[20] ਮੈਂ ਨਿਰਾ ਇਹਨਾਂ ਹੀ ਲਈ ਬੇਨਤੀ ਨਹੀ ਕਰਦਾ ਪਰ ਓਹਨਾਂ ਲਈ
ਵੀ ਜਿਹੜੇ ਇਹਨਾਂ ਦੇ ਬਚਨ ਨਾਲ ਮੇਰੇ ਉੱਤੇ ਨਿਹਚਾ ਕਰਰਨਗੇ। [21] ਜੋ ਉਹ
ਸਭ ਇੱਕੋਂ ਹੋਣ ਜਿਸ ਤਰ੍ਹਾਂ, ਹੇ ਪਿਤਾ ਤੂੰ ਮੇਰੇ ਵਿੱਚ ਅਤੇ ਮੈਂ ਤੇਰੇ ਵਿੱਚ ਹਾਂ ਜੋ
ਓਹ ਵੀ ਸਾਡੇ ਵਿੱਚ ਹੋਣ ਤਾਂ ਜੋ ਜਗਤ ਸਤ ਮੰਨੇ ਭਈ ਤੈਂ ਮੈਨੂੰ ਘੱਲਿਆ। [22]
ਅਤੇ ਜਿਹੜੀ ਵਡਿਆਈ ਤੈਂ ਮੈਨੂੰ ਦਿੱਤੀ ਹੈ ਉਹ ਮੈਂ ਉਹਨਾਂ ਨੂੰ ਦਿੱਤੀ ਹੈ ਤਾਂ ਜੋ
ਓਹ ਇੱਕੋ ਹੋਣ ਜਿਸ ਤਰ੍ਹਾਂ ਅਸੀਂ ਇੱਕੋ ਹਾਂ। [23] ਮੈਂ ਉਹਨਾਂ ਵਿੱਚ ਅਤੇ ਤੂੰ ਮੇਰੇ
ਵਿੱਚ ਤਾਂ ਕਿ ਓਹ ਸਿੱਧ ਹੋ ਕੇ ਇੱਕ ਹੋ ਜਾਣ ਭਈ ਜਗਤ ਜਾਣ ਲਵੇ ਜੋ ਤੈਂ
ਮੈਨੂੰ ਘੱਲਿਆ ਅਤੇ ਉਹਨਾਂ ਨਾਲ ਪਿਆਰ ਕੀਤਾ ਜਿਵੇਂ ਤੈਂ ਮੇਰੇ ਨਾਲ ਪਿਆਰ
ਕੀਤਾ। [24] ਹੇ ਪਿਤਾ ਮੈਂ ਚਾਹੁੰਦਾ ਹਾਂ ਭਈ ਜਿਹੜੇ ਤੈਂ ਮੈਨੂੰ ਦਿੱਤੇ ਸੋ ਜਿੱਥੇ ਮੈਂ ਹਾਂ
ਓਹ ਵੀ ਮੇਰੇ ਨਾਲ ਹੋਣ ਤਾਂ ਜੋ ਓਹ ਮੇਰੀ ਵਡਿਆਈ ਜੋ ਤੈਂ ਮੈਨੂੰ ਦਿੱਤੀ ਹੈ
ਵੇਖਣ ਕਿਉਂਕਿ ਤੈਂ ਮੇਰੇ ਨਾਲ ਜਗਤ ਦੀ ਨੀਉਂ ਧਰਨ ਤੋਂ ਅੱਗੇ ਹੀ ਪਿਆਰ
ਕੀਤਾ। [25] ਹੇ ਧਰਮੀ ਪਿਤਾ, ਜਗਤ ਨੇ ਤੈਨੂੰ ਨਹੀਂ ਜਾਣਿਆ ਪਰ ਮੈਂ ਤੈਨੂੰ
ਜਾਣਿਆ ਅਤੇ ਇਹਨਾਂ ਨੇ ਜਾਣਿਆ ਭਈ ਤੈਂ ਮੈਨੂੰ ਘੱਲਿਆ। [26] ਅਤੇ ਮੈਂ ਤੇਰਾ
ਨਾਮ ਇਹਨਾਂ ਉੱਤੇ ਪਰਗਟ ਕੀਤਾ ਅਤੇ ਪਰਗਟ ਕਰਾਂਗਾ ਤਾਂ ਜਿਸ ਪ੍ਰੇਮ ਨਾਲ
ਤੈਂ ਮੈਨੂੰ ਪਿਆਰ ਕੀਤਾ ਸੋਈ ਓਹਨਾਂ ਵਿੱਚ ਹੋਵੇ ਅਤੇ ਮੈਂ ਓਹਨਾਂ ਵਿੱਚ ਹੋਵਾਂ।

ਪ੍ਭੂ ਯਿਸੂ ਦੀ ਗਿਰੰਤਾਰੀ

## 18

ਯਿਸੂ ਇਹ ਗੱਲਾਂ ਕਹਿ ਕੇ ਆਪਣੇ ਚੇਲਿਆਂ ਸਣੇ ਕਿਦਰੋਨ ਦੇ ਨਾਲੇ ਦੇ
ਪਾਰ ਚੱਲਿਆਂ ਗਿਆ। ਉੱਥੇ ਇੱਕ ਬਾਗ ਸੀ ਜਿਸ ਦੇ ਵਿੱਚ ਉਹ ਅਤੇ ਉਹ ਦੇ
ਚੇਲੇ ਜਾ ਵੜੇ। [2] ਅਤੇ ਯਹੂਦਾ ਭੀ ਜਿਹੜਾ ਉਹ ਦਾ ਫੜਵਾਉਣ ਵਾਲਾ ਹੈ ਸੀ
ਉਸ ਥਾਂ ਨੂੰ ਜਾਣਦਾ ਸੀ ਕਿਉਂ ਜੋ ਯਿਸੂ ਆਪਣਿਆਂ ਚੇਲਿਆਂ ਨਾਲ ਉੱਥੇ ਬਹੁਤ
ਵਾਰੀ ਜਾਂਦਾ ਹੁੰਦਾ ਸੀ। [3] ਉਪਰੰਤ ਯਹੂਦਾ ਸਿਪਾਹੀਆਂ ਦਾ ਇੱਕ ਜਥਾ ਅਤੇ
ਪਰਧਾਨ ਜਾਜਕਾਂ ਅਤੇ ਫਰੀਸੀਆਂ ਦੀ ਵੱਲੋਂ ਪਿਆਦੇ ਲੈ ਕੇ ਦੀਵਿਆਂ ਅਰ

ਮਸਾਲਾਂ ਅਰ ਸਤਰਾਂ ਨਾਲ ਉੱਥੇ ਆਇਆ। 4 ਤਾਂ ਯਿਸੂ ਸਭ ਕੁੱਝ ਜੋ ਉਹ ਦੇ
ਉੱਤੇ ਬੀਤਣਾ ਸੀ ਜਾਣ ਕੇ ਬਾਹਰ ਨਿੱਕਲਿਆ ਅਤੇ ਉਨ੍ਹਾਂ ਨੂੰ ਆਖਿਆ, ਤੁਸੀਂ
ਕਿਹ ਨੂੰ ਭਾਲਦੇ ਹੋ? 5 ਉਨ੍ਹਾਂ ਉਸ ਨੂੰ ਉੱਤਰ ਦਿੱਤਾ, ਯਿਸੂ ਨਾਸਰੀ ਨੂੰ। ਯਿਸੂ ਨੇ
ਉਨ੍ਹਾਂ ਨੂੰ ਆਖਿਆ, ਉਹ ਮੈਂ ਹੀ ਹਾਂ ਅਤੇ ਉਹ ਦਾ ਫੜਵਾਉਣ ਵਾਲਾ ਯਹੂਦਾ ਭੀ
ਉਨ੍ਹਾਂ ਦੇ ਨਾਲ ਖੜਾ ਸੀ। 6 ਸੋ ਜਾਂ ਉਸ ਨੇ ਉਨ੍ਹਾਂ ਨੂੰ ਆਖਿਆ, ਮੈਂ ਹੀ ਹਾਂ ਤਾਂ
ਓਹ ਪਿਛਾਹਾਂ ਨੂੰ ਹੱਟ ਗਏ ਅਤੇ ਭੁੰਞੇਂ ਡਿੱਗ ਪਏ। 7 ਇਸ ਲਈ ਉਸ ਨੇ ਉਨ੍ਹਾਂ ਨੂੰ
ਫੇਰ ਪੁੱਛਿਆ, ਤੁਸੀਂ ਕਿਹਨੂੰ ਭਾਲਦੇ ਹੋ? ਤਾਂ ਓਹ ਬੋਲੇ, ਯਿਸੂ ਨਾਸਰੀ ਨੂੰ। 8
ਯਿਸੂ ਨੇ ਅੱਗੋਂ ਆਖਿਆ, ਮੈਂ ਤਾਂ ਤੁਹਾਨੂੰ ਦੱਸ ਦਿੱਤਾ ਜੋ ਮੈਂ ਹੀ ਹਾਂ ਸੋ ਜੇ ਤੁਸੀਂ
ਮੈਨੂੰ ਭਾਲਦੇ ਹੋ ਤਾਂ ਇਹਨਾਂ ਨੂੰ ਜਾਣ ਦਿਓ। 9 ਇਹ ਇਸ ਕਰਕੇ ਹੋਇਆ ਕਿ ਉਹ




ਬਚਨ ਜੋ ਉਸ ਨੇ ਕਿਹਾ ਸੀ ਪੂਰਾ ਹੋਵੇ ਕਿ ਜਿਹੜੇ ਤੈਂ ਮੈਨੂੰ ਦਿੱਤੇ ਹਨ ਉਨ੍ਹਾਂ
ਵਿੱਚੋਂ ਮੈਂ ਇੱਕ ਵੀ ਨਹੀਂ ਗੁਆਇਆ। [10] ਤਾਂ ਸ਼ਮਊਨ ਪਤਰਸ ਨੇ ਤਲਵਾਰ ਜੋ
ਉਹ ਦੇ ਕੋਲ ਸੀ ਧੂਹੀ ਅਤੇ ਸਰਦਾਰ ਜਾਜਕ ਦੇ ਚਾਕਰ ਉੱਤੇ ਚਲਾਈ ਅਰ ਉਹ
ਦਾ ਸੱਜਾ ਕੰਨ ਉਡਾ ਦਿੱਤਾ। ਉਸ ਚਾਕਰ ਦਾ ਨਾਉਂ ਸੀ ਮਲਖੁਸ। [11] ਤਦ ਯਿਸੂ
ਨੇ ਪਤ੍ਰਸ ਨੂੰ ਆਖਿਆ, ਤਲਵਾਰ ਮਿਆਨ ਕਰ! ਜਿਹੜਾ ਪਿਆਲਾ ਪਿਤਾ ਨੇ
ਮੈਨੂੰ ਦਿੱਤਾ, ਕੀ ਮੈਂ ਉਹ ਨਾ ਪੀਆਂ?

## ਪ੍ਰਭੂ ਯਿਸੂ ਦੀ ਅ ਨਾਸ ਸਾਹਮਣੇ ਪੇ ੀ

[12] ਉਪਰੰਤ ਸਿਪਾਹੀਆਂ ਨੇ ਅਤੇ ਫ'ਜ ਦੇ ਸਰਦਾਰ ਅਤੇ ਯਹੂਦੀਆਂ ਦੇ
ਪਿਆਦਿਆਂ ਨੇ ਯਿਸੂ ਨੂੰ ਫੜ ਕੇ ਬੰਨ੍ਹ ਲਿਆ। [13] ਅਤੇ ਪਹਿਲਾਂ ਉਹ ਨੂੰ ਅ ਨਾਸ
ਕੋਲ ਲੈ ਗਏ ਕਿਉਂ ਜੋ ਉਹ ਕਯਾਫਾ ਦਾ ਸੋਹਰਾ ਸੀ ਜਿਹੜਾ ਉਸ ਸਾਲ ਸਰਦਾਰ
ਜਾਜਕ ਸੀ। [14] ਅਤੇ ਕਯਾਫਾ ਉਹੋ ਹੈ ਜਿਨ ਯਹੂਦੀਆਂ ਨੂੰ ਸਲਾਹ ਦਿੱਤੀ ਸੀ
ਭਈ ਲੋਕਾਂ ਦੇ ਬਦਲੇ ਇੱਕ ਮਨੁੱਖ ਦਾ ਮਰਨਾ ਚੰਗਾ ਹੈ।

## ਪਤਰਸ ਦਾ ਇੰਨਕਾਰ

[15] ਸ਼ਮਊਨ ਪਤਰਸ ਯਿਸੂ ਦੇ ਮਗਰ ਹੋ ਤੁਰਿਆ, ਨਾਲੇ ਇੱਕ ਹੋਰ ਚੇਲਾ
ਵੀ। ਉਹ ਚੇਲਾ ਸਰਦਾਰ ਜਾਜਕ ਦਾ ਪਛਾਣ ਸੀ ਅਤੇ ਯਿਸੂ ਦੇ ਨਾਲ ਸਰਦਾਰ
ਜਾਜਕ ਦੇ ਵੇਹੜੇ ਵਿੱਚ ਗਿਆ। [16] ਪਰ ਪਤਰਸ ਬਾਹਰ ਬੂਹੇ ਕੋਲ ਖੜੋਤਾ ਰਿਹਾ।
ਫੇਰ ਉਹ ਦੂਜਾ ਚੇਲਾ ਜਿਹੜਾ ਸਰਦਾਰ ਜਾਜਕ ਦਾ ਜਾਣੂ ਪਛਾਣੂ ਸੀ ਬਾਹਰ
ਨਿੱਕਲਿਆਂ ਅਤੇ ਦਰਬਾਨ ਨੂੰ ਕਹਿ ਕੇ ਪਤਰਸ ਨੂੰ ਅੰਦਰ ਲਿਆਇਆ। [17] ਤਾਂ
ਉਸ ਗੋਲੀ ਨੇ ਜੋ ਦਰਬਾਨਣ ਸੀ ਪਤਰਸ ਨੂੰ ਆਖਿਆ, ਕੀ ਤੂੰ ਵੀ ਇਸ ਮਨੁੱਖ
ਦੇ ਚੇਲਿਆਂ ਵਿੱਚੋਂ ਹੈਂ? ਉਹ ਬੋਲਿਆ, ਮੈਂ ਨਹੀਂ ਹਾਂ। [18] ਅਤੇ ਚਾਕਰ ਅਰ
ਸਿਪਾਹੀ ਕੋਲਿਆਂ ਦੀ ਅੱਗ ਬਾਲ ਕੇ ਖੜੇ ਸੇਕ ਰਹੇ ਸਨ ਕਿਉਂ ਜੋ ਪਾਲਾ ਪੈਂਦਾ
ਸੀ ਅਤੇ ਪਤਰਸ ਭੀ ਉਨ੍ਹਾਂ ਦੇ ਨਾਲ ਖੜਾ ਸੇਕ ਰਿਹਾ ਸੀ।
[19] ਉਪਰੰਤ ਸਰਦਾਰ ਜਾਜਕ ਨੇ ਯਿਸੂ ਤੋਂ ਉਹ ਦੇ ਚੇਲਿਆਂ ਅਤੇ ਉਹ
ਦੀ ਸਿੱਖਿਆ ਦੇ ਵਿਖੇ ਪੁੱਛਿਆ। [20] ਯਿਸੂ ਨੇ ਉਸ ਨੂੰ ਉੱਤਰ ਦਿੱਤਾ ਕਿ ਮੈਂ
ਜਗਤ ਨਾਲ ਖੋਲ੍ਹ ਕੇ ਗੱਲਾਂ ਕੀਤੀਆਂ ਹਨ। ਮੈਂ ਸਮਾਜ ਅਤੇ ਹੈਕਲ ਵਿੱਚ ਜਿੱਥੇ
ਸਭ ਯਹੂਦੀ ਇਕੱਠੇ ਹੁੰਦੇ ਹਨ ਸਦਾ ਉਪਦੇਸ਼ ਕੀਤਾ ਹੈ ਅਤੇ ਮੈਂ ਓਹਲੇ ਵਿੱਚ ਕੁੱਝ
ਨਹੀਂ ਕਿਹਾ। [21] ਤੂੰ ਮੈਥੋਂ ਕਿਉਂ ਪੁੱਛਦਾ ਹੈ? ਜਿਨ੍ਹਾਂ ਸੁਣਿਆ ਹੈ ਉਨ੍ਹਾਂ ਕੋਲੋਂ ਪੁੱਛ
ਲੈ ਜੋ ਮੈਂ ਉਨ੍ਹਾਂ ਨੂੰ ਕੀ ਆਖਿਆ। ਵੇਖੋ ਮੈਂ ਜੋ ਕੁੱਝ ਆਖਿਆ ਸੋ ਓਹ ਜਾਣਦੇ
ਹਨ। [22] ਅਤੇ ਜਦ ਉਹ ਨੇ ਇਉਂ ਕਿਹਾ ਤਦ ਸਿਪਾਹੀਆਂ ਵਿੱਚੋਂ ਇੱਕ ਨੇ
ਜਿਹੜਾ ਕੋਲ ਖੜੋਤਾ ਸੀ ਯਿਸੂ ਨੂੰ ਚਪੇੜ ਮਾਰ ਕੇ ਕਿਹਾ, ਤੂੰ ਸਰਦਾਰ ਜਾਜਕ ਨੂੰ



ਇਉਂ ਉੱਤਰ ਦਿੰਦਾ ਹੈਂ? 23 ਯਿਸੂ ਨੇ ਉਹ ਨੂੰ ਉੱਤਰ ਦਿੱਤਾ, ਜੇ ਮੈਂ ਬੁਰਾ ਕਿਹਾ
ਤਾਂ ਤੂੰ ਬੁਰੇ ਦੀ ਗਵਾਹੀ ਦਿਹ ਪਰ ਜੇ ਮੈਂ ਚੰਗਾ ਕਿਹਾ ਤਾਂ ਮੈਨੂੰ ਕਿਉਂ ਮਾਰਦਾ ਹੈਂ?
24 ਤਾਂ ਅੰਨਾਸ ਨੇ ਉਹ ਨੂੰ ਬੱਧਾ ਹੋਇਆ ਕਯਾਫਾ ਸਰਦਾਰ ਜਾਜਕ ਦੇ ਕੋਲ ਘੱ-
ਲਿਆ।

## ਪਤਰਸ ਦਾ ਦੂਜਾ ਤੇ ਤੀਜਾ ਇਨਕਾਰ

25 ਅਤੇ  ਮਊਨ ਪਤਰਸ ਖੜਾ ਸੇਕਦਾ ਸੀ। ਸੋ ਉਨ੍ਹਾਂ ਉਸ ਨੂੰ ਪੁੱਛਿਆ,
ਕੀ ਤੂੰ ਭੀ ਉਹ ਦੇ ਚੇਲਿਆਂ ਵਿੱਚੋਂ ਹੈਂ? ਉਹ ਮੁਕਰ ਗਿਆ ਅਤੇ ਬੋਲਿਆ, ਮੈਂ
ਨਹੀਂ ਹਾਂ। 26 ਸਰਦਾਰ ਜਾਜਕ ਦੇ ਚਾਕਰਾਂ ਵਿੱਚੋਂ ਇੱਕ ਨੇ ਜਿਹੜਾ ਉਸ ਮਨੁੱਖ
ਦਾ ਸਾਕ ਸੀ ਜਿਹ ਦਾ ਕੰਨ ਪਤਰਸ ਨੇ ਉਡਾ ਦਿੱਤਾ ਸੀ ਆਖਿਆ, ਭਲਾ ਮੈਂ
ਤੈਨੂੰ ਉਹ ਦੇ ਨਾਲ ਬਾਗ ਵਿੱਚ ਨਹੀਂ ਵੇਖਿਆ? 27 ਤਦ ਪਤਰਸ ਫਿਰ ਮੁਕਰ
ਗਿਆ ਅਤੇ ਝੱਟ ਕੁੱਕੜ ਨੇ ਬਾਂਗ ਦਿੱਤੀ।

## ਪ੍ਰਭੂ ਯਿਸੂ ਦੀ ਪਿਲਾਉਸ ਦ ਸਾਹਮਣੇ ਪੇ ੀ

28 ਫਿਰ ਯਿਸੂ ਨੂੰ ਕਾਯਾਫਾ ਦੇ ਕੋਲੋਂ ਹਾਕਮ ਦੀ ਕਚਿਹਰੀ ਲੈ ਗਏ ਅਤੇ
ਸਵੇਰ ਦਾ ਵੇਲਾ ਸੀ। ਓਹ ਆਪ ਕਚਿਹਰੀ ਦੇ ਅੰਦਰ ਨਾ ਗਏ ਭਈ ਕਿਤੇ ਭ੍ਰਿ ਟ
ਨਾ ਹੋ ਜਾਣ ਪਰ ਪਸਾਹ ਦਾ ਭੋਜਨ ਖਾ ਸਕਣ। 29 ਉਪਰੰਤ ਪਿਲਾਤੁਸ ਨੇ ਉਨ੍ਹਾਂ
ਦੇ ਕੋਲ ਬਾਹਰ ਆਣ ਕੇ ਆਖਿਆ, ਤੁਸੀਂ ਇਸ ਮਨੁੱਖ ਦੇ ਜੁੰਮੇ ਕੀ ਦੋ  ਲਾਉਂਦੇ
ਹੋ? 3• ਉਨ੍ਹਾਂ ਉੱਤਰ ਦੇ ਕੇ ਉਸ ਨੂੰ ਆਖਿਆ, ਜੇ ਇਹ ਬੁਰਿਆਰ ਨਾ ਹੁੰਦਾ ਤਾਂ
ਅਸੀਂ ਉਹ ਨੂੰ ਤੁਹਾਡੇ ਹਵਾਲੇ ਨਾ ਕਰਦੇ। 31 ਤਦ ਪਿਲਾਤੁਸ ਨੇ ਉਨ੍ਹਾਂ ਨੂੰ ਆ-
ਖਿਆ, ਤੁਸੀਂ ਆਪੇ ਇਹ ਨੂੰ ਲੈ ਜਾਓ ਅਤੇ ਆਪਣੀ  ਰਾ ਅਨੁਸਾਰ ਉਹ ਦਾ
ਨਿਬੇੜਾ ਕਰੋ। ਯਹੂਦੀਆਂ ਨੇ ਉਹ ਨੂੰ ਆਖਿਆ ਭਈ ਕਿਸੇ ਨੂੰ ਕਤਲ ਕਰਨਾ
ਸਾਡੇ ਵੱਸ ਨਹੀਂ। 32 ਇਹ ਇਸ ਲਈ ਹੋਇਆ ਕਿ ਯਿਸੂ ਦਾ ਉਹ ਬਚਨ ਪੂਰਾ
ਹੋਵੇ ਜਿਹੜਾ ਓਨ ਇਸ ਗੱਲ ਦਾ ਪਤਾ ਦੇਣ ਨੂੰ ਕਿਹਾ ਸੀ ਕਿ ਮੈਂ ਕਿਹੜੀ ਮ'ਤ
ਨਾਲ ਮਰਨਾ ਹੈ।

33 ਫਿਰ ਪਿਲਾਤੁਸ ਕਚਹਿਰੀ ਦੇ ਅੰਦਰ ਗਿਆ ਅਤੇ ਯਿਸੂ ਨੂੰ ਸੱਦ ਕੇ
ਉਹ ਨੂੰ ਕਿਹਾ, ਭਲਾ, ਯਹੂਦੀਆਂ ਦਾ ਪਾਤ ਾਹ ਤੂੰਏ ਹੈਂ? 34 ਯਿਸੂ ਨੇ ਉੱਤਰ
ਦਿੱਤਾ, ਕੀ ਤੂੰ ਇਹ ਗੱਲ ਆਪੇ ਆਖਦਾ ਹੈਂ ਯਾ ਹੋਰਨਾਂ ਮੇਰੇ ਵਿਖੇ ਤੈਨੂੰ ਦੱਸੀ
ਹੈ? 35 ਪਿਲਾਤੁਸ ਨੇ ਅੱਗੋਂ ਕਿਹਾ, ਭਲਾ, ਮੈਂ ਯਹੂਦੀ ਹਾਂ?   ਤੇਰੀ ਹੀ ਕ'ਮ ਅਤੇ
ਪਰਧਾਨ ਜਾਜਕਾਂ ਨੇ ਤੈਨੂੰ ਮੇਰ ਹਵਾਲੇ ਕੀਤਾ ਹੈ। ਤੈਂ ਕੀ ਕੀਤਾ? 36 ਯਿਸੂ ਨੇ
ਉੱਤਰ ਦਿੱਤਾ ਕਿ ਮੇਰੀ ਪਾਤ ਾਹੀ ਇਸ ਜਗਤ ਤੋਂ ਨਹੀਂ। ਜੇ ਮੇਰੀ ਪਾਤ ਾਹੀ ਇਸ
ਜਗਤ ਤੋਂ ਹੁੰਦੀ ਹੈ ਤਾਂ ਮੇਰੇ ਨ'ਕਰ ਲੜਦੇ ਜੋ ਮੈਂ ਯਹੂਦੀਆਂ ਦੇ ਹਵਾਲੇ ਨਾ



ਕੀਤਾ ਜਾਂਦਾ ਪਰ ਹੁਣ ਮੇਰੀ ਪਾਤ ਾਹੀ ਤਾਂ ਐਥੋਂ ਦੀ ਨਹੀਂ। 37 ਅੱਗੋਂ ਪਿਲਾਤੁਸ
ਨੇ ਉਹ ਨੂੰ ਆਖਿਆ, ਤਾਂ ਫੇਰ ਤੂੰ ਪਾਤ ਾਹ ਹੈਂ? ਯਿਸੂ ਨੇ ਉੱਤਰ ਦਿੱਤਾ, ਸਤ
ਬਚਨ, ਮੈਂ ਪਾਤ ਾਹ ਹੀ ਹਾਂ। ਮੈਂ ਇਸੇ ਲਈ ਜਨਮ ਧਾਰਿਆ ਅਤੇ ਇਸੇ ਲਈ
ਜਗਤ ਵਿੱਚ ਆਇਆਂ ਹਾਂ ਭਈ ਸਚਿਆਈ ਉੱਤੇ ਸਾਖੀ ਦਿਆਂ। ਹਰੇਕ ਜੋ
ਸਚਿਆਈ ਦਾ ਹੈ ਮੇਰਾ ਬਚਨ ਸੁਣਦਾ ਹੈ। 38 ਪਿਲਾਤੁਸ ਨੇ ਉਹ ਨੂੰ ਆਖਿਆ,
ਸਚਿਆਈ ਹੁੰਦੀ ਕੀ ਹੈ? ਅਤੇ ਇਹ ਕਹਿ ਕੇ ਉਹ ਫੇਰ ਯਹੂਦੀਆਂ ਕੋਲ ਬਾਹਰ
ਨਿਕਲਿਆ ਅਤੇ ਉਨ੍ਹਾਂ ਨੂੰ ਆਖਿਆ, ਮੈਂ ਉਹ ਦਾ ਕੋਈ ਦੋ ਨਹੀਂ ਵੇਖਦਾ। 39
ਪਰ ਤੁਹਾਡਾ ਇਹ ਦਸਤੂਰ ਹੈ ਜੋ ਮੈਂ ਤੁਹਾਡੇ ਲਈ ਪਸਾਹ ਦੇ ਸਮੇਂ ਇੱਕ ਨੂੰ ਛੱਡ
ਦਿਆਂ। ਸੋ ਕੀ ਤੁਸੀਂ ਚਾਹੁੰਦੇ ਹੋ ਜੋ ਮੈਂ ਤੁਹਾਡੇ ਲਈ ਯਹੂਦੀਆਂ ਦੇ ਪਾਤ ਾਹ ਨੂੰ
ਛੱਡ ਦਿਆਂ? 40 ਤਾਂ ਉਨ੍ਹਾਂ ਫੇਰ ਡੰਡ ਪਾ ਕੇ ਆਖਿਆ, ਇਸ ਨੂੰ ਨਹੀਂ ਪਰ
ਬਰੱਬਾਸ ਨੂੰ! ਅਤੇ ਬਰੱਬਾਸ ਇੱਕ ਡਾਕੂ ਸੀ।

# 19

## ਸਲੀਬੀ ਮੌਤ ਦੀ ਸ ਾ

ਸੋ ਤਦ ਪਿਲਾਤੁਸ ਨੇ ਯਿਸੂ ਨੂੰ ਫੜ ਕੇ ਕੋਰੜੇ ਮਰਵਾਏ 2 ਅਤੇ
ਸਿਪਾਹੀਆਂ ਨੇ ਕੰਡਿਆਂ ਦਾ ਤਾਜ ਗੁੰਦ ਕੇ ਉਹ ਦੇ ਸਿਰ ਉੱਤੇ ਧਰਿਆ ਅਰ ਉਹ
ਨੂੰ ਬੈਂਗਣੀ ਜੋਗਾ ਪਹਿਨਾਇਆ। 3 ਅਤੇ ਉਹ ਦੇ ਕੋਲ ਆਣ ਕੇ ਕਹਿਣ ਲੱਗੇ, ਹੇ
ਯਹੂਦੀਆਂ ਦੇ ਪਾਤ ਾਹ ਨਮਸਕਾਰ! ਅਤੇ ਉਹ ਨੂੰ ਚਪੇੜਾਂ ਮਾਰੀਆਂ। 4 ਤਦ
ਪਿਲਾਤੁਸ ਨੇ ਫਿਰ ਬਾਹਰ ਨਿੱਕਲ ਕੇ ਉਨ੍ਹਾਂ ਨੂੰ ਆਖਿਆ, ਵੇਖੋ ਮੈਂ ਉਹ ਨੂੰ
ਤੁਹਾਡੇ ਕੋਲ ਬਾਹਰ ਲਿਆਂਉਦਾ ਹਾਂ ਤਾਂ ਤੁਸੀਂ ਜਾਣੋ ਭਈ ਮੈਂ ਉਹ ਦਾ ਕੋਈ ਦੋ
ਨਹੀਂ ਵੇਖਦਾ ਹਾਂ। 5 ਤਾਂ ਯਿਸੂ ਕੰਡਿਆਂ ਦਾ ਤਾਜ ਰੱਖੇ ਅਤੇ ਬੈਂਗਣੀ ਚੋਗਾ
ਪਹਿਨੇ ਬਾਹਰ ਨਿਕਲਿਆ ਅਰ ਪਿਲਾਤੁਸ ਨੇ ਉਨ੍ਹਾਂ ਨੂੰ ਆਖਿਆ, ਵੇਖੋ ਇਸ
ਮਨੁੱਖ ਨੂੰ! 6 ਜਾਂ ਪਰਧਾਨ ਜਾਜਕਾਂ ਅਤੇ ਸਿਪਾਹੀਆਂ ਨੇ ਉਹ ਨੂੰ ਡਿੱਠਾ ਤਾਂ ਓਹ
ਡੰਡ ਪਾ ਕੇ ਬੋਲੇ, ਉਹ ਨੂੰ ਸਲੀਬ ਦਿਓ, ਸਲੀਬ ਲੈਕੇ ਦਿਓ ਪਿਲਾਤੁਸ ਨੇ ਉਨ੍ਹਾਂ
ਨੂੰ ਆਖਿਆ,ਤੁਸੀ ਆਪੇ ਇਹ ਨੂੰ ਸਲੀਬ ਦਿਓ। ਕਿਉਂ ਜੋ ਮੈਂ ਇਹ ਦਾ ਕੋਈ ਦੋ
ਨਹੀਂ ਵੇਖਦਾ ਹਾਂ। 7 ਯਹੂਦੀਆਂ ਨੇ ਉਹ ਨੂੰ ਉੱਤਰ ਦਿੱਤਾ ਕਿ ਸਾਡੇ ਕੋਲ ਰਾ ਹੈ
ਅਤੇ ਉਸ ਰਾ ਅਨੁਸਾਰ ਇਹ ਮਰਨ ਜੋਗਾ ਹੈ ਇਸ ਲਈ ਜੋ ਇਹ ਨੇ ਆਪਣੇ
ਆਪ ਨੂੰ ਪਰਮੇ ਰ ਦਾ ਪੁੱਤ੍ਰ ਬਣਾਇਆ। 8 ਜਦ ਪਿਲਾਤੁਸ ਨੇ ਇਹ ਗੱਲ ਸੁਣੀ
ਤਦ ਹੋਰ ਵੀ ਡਰ ਗਿਆ। 9 ਅਤੇ ਕਚਿਹਰੀ ਦੇ ਅੰਦਰ ਫੇਰ ਜਾ ਕੇ ਯਿਸੂ ਤੋਂ
ਪੁੱਛਿਆ, ਤੂੰ ਕਿੱਥੋਂ ਦਾ ਹੈ? ਪਰ ਯਿਸੂ ਨੇ ਉਹ ਨੂੰ ਉੱਤਰ ਨਾ ਦਿੱਤਾ। 10 ਤਦ
ਪਿਲਾਤੁਸ ਨੇ ਉਸ ਨੂੰ ਆਖਿਆ, ਤੂੰ ਮੇਰੇ ਨਾਲ ਨਹੀਂ ਬੋਲਦਾ? ਕੀ ਤੂੰ ਨਹੀਂ



ਜਾਣਦਾ ਜੋ ਇਹ ਮੇਰੇ ਵੱਸ ਵਿੱਚ ਹੈ ਕਿ ਭਾਵੇਂ ਤੈਨੂੰ ਛੱਡ ਦਿਆਂ ਭਾਵੇਂ ਤੈਨੂੰ
ਸਲੀਬ ਉੱਤੇ ਚੜ੍ਹਾਵਾਂ? 11 ਯਿਸੂ ਨੇ ਉਹ ਨੂੰ ਉੱਤਰ ਦਿੱਤਾ ਜੇ ਤੈਨੂੰ ਇਹ ਉੱਪਰੋਂ
ਨਾ ਦਿੱਤਾ ਜਾਂਦਾ ਤਾਂ ਮੇਰੇ ਉੱਤੇ ਤੇਰਾ ਕੁੱਝ ਵੱਸ ਨਾ ਚੱਲਦਾ। ਇਸ ਕਾਰਨ ਜਿਨ
ਮੈਨੂੰ ਤੇਰੇ ਹਵਾਲੇ ਕੀਤਾ ਉਹ ਦਾ ਪਾਪ ਵੱਧ ਹੈ। 12 ਇਸ ਗੱਲ ਕਰਕੇ ਪਿਲਾਤੁਸ
ਨੇ ਉਸ ਦੇ ਛੱਡਣ ਦੀ ਭਾਲ ਕੀਤੀ ਪਰ ਯਹੂਦੀ ਡੰਡ ਪਾ ਕੇ ਕਹਿਣ ਲੱਗੇ, ਜੇ ਤੂੰ
ਇਹ ਨੂੰ ਛੱਡ ਦੇਵੇਂ ਤਾਂ ਤੂੰ ਕੈਸਰ ਦਾ ਮਿੱਤ੍ਰ ਨਹੀਂ! ਹਰੇਕ ਜੋ ਆਪਣੇ ਆਪ ਨੂੰ
ਪਾਤ ਾਹ ਬਣਾਉਂਦਾ ਹੈ ਸੋ ਕੈਸਰ ਦੇ ਵਿਰੁੱਧ ਬੋਲਦਾ ਹੈ। 13 ਤਦ ਪਿਲਾਤੁਸ ਇਹ
ਗੱਲਾਂ ਸੁਣ ਕੇ ਯਿਸੂ ਨੂੰ ਬਾਹਰ ਲਿਆਇਆ ਅਤੇ ਉਸ ਥਾਂ ਜਿਹੜਾ ਪੱਥਰ ਦਾ
ਚਬੂਤਰਾ ਇਬਰਾਨੀ ਭਾਖਿਆ ਵਿੱਚ ਗੱਬਥਾ ਕਰਕੇ ਆਖੀਦਾ ਹੈ ਅਦਾਲਤ ਦੀ
ਗੱਦੀ ਉੱਤੇ ਬਹਿ ਗਿਆ। 14 ਇਹ ਪਸਾਹ ਦੀ ਤਿਆਰੀ ਦਾ ਦਿਨ ਅਤੇ ਦੁਪਿਹਰ
ਦਾ ਵੇਲਾ ਸੀ ਅਤੇ ਉਹ ਨੇ ਯਹੂਦੀਆਂ ਨੂੰ ਕਿਹਾ ਕਿ ਵੇਖੋ ਅ'ਹ ਤੁਹਾਡਾ ਪਾ-
ਤ ਾਹ! 15 ਤਦ ਓਹ ਡੰਡ ਪਾ ਉੱਠੇ ਕਿ ਲੈ ਜਾਓ, ਲੈ ਜਾਓ! ਉਹ ਨੂੰ ਸਲੀਬ
ਦਿਓ! ਪਿਲਾਤੁਸ ਨੇ ਉਨ੍ਹਾਂ ਨੂੰ ਆਖਿਆ, ਮੈਂ ਤੁਹਾਡੇ ਪਾਤ ਾਹ ਨੂੰ ਸਲੀਬ
ਦਿਆਂ? ਪਰਧਾਨ ਜਾਜਕਾਂ ਨੇ ਉੱਤਰ ਦਿੱਤਾ ਕਿ ਕੈਸਰ ਬਿਨ੍ਹਾਂ ਸਾਡਾ ਕੋਈ ਪਾ-
ਤ ਾਹ ਨਹੀਂ ਹੈ। 16 ਸੋ ਉਹ ਨੇ ਉਸ ਨੂੰ ਉਨ੍ਹਾਂ ਦੇ ਹਵਾਲੇ ਕਰ ਦਿੱਤਾ ਭਈ ਉਹ
ਸਲੀਬ ਉੱਤੇ ਚੜ੍ਹਾਇਆ ਜਾਵੇ।





## ਸਲੀਬ ਦਿੱਤਾ ਜਾਣਾ

17 ਤਦ ਉਨ੍ਹਾਂ ਨੇ ਯਿਸੂ ਨੂੰ ਫੜ ਲਿਆ ਅਤੇ ਉਹ ਆਪੇ ਸਲੀਬ ਚੁੱਕੀ
ਬਾਹਰ ਉਸ ਥਾਂ ਨੂੰ ਗਿਆ ਜਿਹੜਾ ਖੋਪਰੀ ਦਾ ਕਹਾਉਂਦਾ ਅਤੇ ਇਬਰਾਨੀ ਭਾ–
ਖਿਆ ਵਿੱਚ ਉਹ ਨੂੰ ਗਲਗਥਾ ਕਹਿੰਦੇ ਹਨ। 18 ਉੱਥੇ ਉਨ੍ਹਾਂ ਉਸ ਨੂੰ ਅਰ ਉਸ ਦੇ
ਨਾਲ ਹੋਰ ਦੋਹੁੰ ਨੂੰ ਸਲੀਬ ਉੱਤੇ ਚੜ੍ਹਾਇਆ, ਇੱਕ ਐੱਧਰ ਤੇ ਇੱਕ ਉੱਧਰ ਅਤੇ
ਯਿਸੂ ਵਿਚਾਲੇ। 18 ਅਤੇ ਪਿਲਾਤੁਸ ਨੇ ਇੱਕ ਪੱਟੀ ਵੀ ਲਿਖਾ ਕੇ ਸਲੀਬ ਉੱਤੇ
ਲਾਈ ਅਤੇ ਇਹ ਲਿਖਿਆ ਹੋਇਆ ਸੀ, ਯਿਸੂ ਨਾਸਰੀ ਯਹੂਦੀਆਂ ਦਾ ਪਾਤ ਾਹ।
2• ਤਦ ਉਸ ਪੱਟੀ ਨੂੰ ਬਹੁਤਿਆਂ ਯਹੂਦੀਆਂ ਨੇ ਵਾਚਿਆ ਕਿਉਂ ਜੋ ਉਹ ਥਾਂ
ਜਿੱਥੇ ਯਿਸੂ ਸਲੀਬ ਉੱਤੇ ਚੜ੍ਹਾਇਆ ਗਿਆ ਸੀ  ਹਿਰੋਂ ਨੇੜੇ ਸੀ ਅਰ ਉਹ

ਇਬਰਾਨੀ ਅਤੇ ਲਾਤੀਨੀ ਅਤੇ ਯੂਨਾਨੀ ਭਾਖਿਆ ਵਿੱਚ ਲਿਖਿਆ ਹੋਇਆ ਸੀ।
21 ਤਾਂ ਯਹੂਦੀਆਂ ਦੇ ਪਰਧਾਨ ਜਾਜਕਾਂ ਨੇ ਪਿਲਾਤੁਸ ਨੂੰ ਆਖਿਆ ਕਿ
ਯਹੂਦੀਆਂ ਦਾ ਪਾਤ ਾਹ ਨਾ ਲਿਖੋ ਪਰ ਇਹ ਕਿ ਉਹ ਨੇ ਕਿਹਾ ਮੈਂ ਯਹੂਦੀਆਂ ਦਾ
ਪਾਤ ਾਹ ਹਾਂ। 22 ਪਿਲਾਤੁਸ ਨੇ ਉੱਤਰ ਦਿੱਤਾ ਭਈ ਮੈਂ ਜੋ ਲਿਖਿਆ ਸੋ ਲਿਖਿਆ।
23 ਫਿਰ ਸਿਪਾਹੀਆਂ ਨੇ ਜਾਂ ਯਿਸੂ ਨੂੰ ਸਲੀਬ ਉੱਤੇ ਚੜ੍ਹਾਇਆ ਸੀ ਤਾਂ
ਉਹ ਦੇ ਬਸਤਰ ਲੈ ਕੇ ਚਾਰ ਹਿੱਸੇ ਕੀਤੇ, ਹਰੇਕ ਸਿਪਾਹੀ ਦੇ ਲਈ ਇੱਕ ਇੱਕ
ਹਿੱਸਾ ਅਤੇ ਕੁੜਤਾ ਵੀ ਲੈ ਲਿਆ, ਅਰ ਉਹ ਕੁੜਤਾ ਸੀਤੇ ਬਿਨਾ ਉਪਰੋਂ ਸਾਰਾ
ਬੁਣਿਆ ਹੋਇਆ ਸੀ। 24 ਇਸ ਲਈ ਉਨ੍ਹਾਂ ਆਪਸ ਵਿੱਚ ਕਿਹਾ, ਅਸੀਂ ਇਹ ਨੂੰ
ਨਾ ਪਾੜੀਏ ਪਰ ਇਹ ਦੇ ਉੱਤੇ ਗੁਣੇ ਪਾਈਏ ਜੋ ਇਹ ਕਿਹ ਨੂੰ ਲੱਭੇ। ਇਹ ਇਸ
ਲਈ ਹੋਇਆ ਭਈ ਇਹ ਲਿਖਤ ਪੂਰੀ ਹੋਵੇ, ਉਨ੍ਹਾਂ ਮੇਰੇ ਕੱਪੜੇ ਆਪਸ ਵਿੱਚੀ
ਵੰਡ ਲਏ, ਅਤੇ ਮੇਰੇ ਲਿਬਾਸ ਉੱਤੇ ਗੁਣੇ ਪਾਏ!
ਸੋ ਸਿਪਾਹੀਆਂ ਨੇ ਇਹੋ ਕੀਤਾ। 25 ਅਤੇ ਯਿਸੂ ਦੀ ਸਲੀਬ ਦੇ ਮੱਢ ਉਹ
ਦੀ ਮਾਤਾ ਅਰ ਉਹ ਦੀ ਮਾਸੀ ਕਲੋਪਾਸ ਦੀ ਪਤਨੀ ਮਰਿਯਮ ਅਤੇ ਮਰਿਯਮ
ਮਗਦਲੀਨੀ ਖਲੋਤੀਆਂ ਸਨ। 26 ਤਦ ਯਿਸੂ ਨੇ ਆਪਣੀ ਮਾਤਾ ਨੂੰ ਅਤੇ ਉਸ
ਚੇਲੇ ਨੂੰ ਜਿਹ ਦੇ ਨਾਲ ਉਹ ਪਿਆਰ ਕਰਦਾ ਸੀ ਕੋਲ ਖਲੋਤੇ ਵੇਖ ਕੇ ਆਪਣੀ
ਮਾਤਾ ਨੂੰ ਆਖਿਆ, ਹੇ ਬੀਬੀ ਜੀ, ਅ'ਹ ਵੇਖ ਤੇਰਾ ਪੁੱਤ੍ਰ। 27 ਫੇਰ ਉਸ ਚੇਲੇ ਨੂੰ
ਕਿਹਾ, ਅ'ਹ ਵੇਖ ਤੇਰੀ ਮਾਤਾ, ਅਤੇ ਉਸੇ ਵੇਲਿਓਂ ਉਹ ਚੇਲਾ ਉਸ ਨੂੰ ਆਪਣੇ
ਘਰ ਲੈ ਗਿਆ।

## ਪ੍ਰਭੂ ਯਿਸੂ ਦੀ ਮ'ਤ

28 ਇਹ ਦੇ ਪਿੱਛੋਂ ਯਿਸੂ ਨੇ ਇਹ ਜਾਣ ਕੇ ਕਿ ਹੁਣ ਸਭੋ ਪੁਰਾ ਹੋ
ਚੁੱਕਿਆ ਲਿਖਤ ਦੇ ਸੰਪੂਰਣ ਹੋਣ ਲਈ ਆਖਿਆ, ਮੈਂ ਤਿਹਾਇਆਂ ਹਾਂ। 29 ਉੱਥੇ
ਇੱਕ ਭਾਂਡਾ ਸਿਰਕੇ ਦਾ ਭਰਿਆ ਹੋਇਆ ਧਰਿਆ ਸੀ ਸੋ ਉਨ੍ਹਾਂ ਨੇ ਇੱਕ ਸਪੱਜ
ਸਿਰਕੇ ਨਾਲ ਭਰਿਆ ਹੋਇਆ ਜੂੰ ਦੀ ਛਿਟੀ ਤੇ ਬੰਨ੍ਹ ਕੇ ਉਹ ਦੇ ਮੂੰਹ ਤਾਈਂ
ਪੁਚਾਇਆ। 30 ਸੋ ਜਾਂ ਯਿਸੂ ਨੇ ਸਿਰਕਾ ਲਿਆ ਤਾਂ ਆਖਿਆ, ਪੂਰਾ ਹੋਇਆ ਹੈ।
ਤਦ ਉਹ ਨੇ ਸਿਰ ਨਿਵਾ ਕੇ ਜਾਨ ਦੇ ਦਿੱਤੀ।
31 ਤਾਂ ਯਹੂਦੀਆਂ ਨੇ ਇਸ ਲਈ ਜੋ ਉਹ ਤਿਆਰੀ ਦਾ ਦਿਨ ਸੀ
ਪਿਲਾਤੁਸ ਅੱਗੇ ਬੇਨਤੀ ਕੀਤੀ ਭਈ ਉਨ੍ਹਾਂ ਦੀਆਂ ਲੱਤਾਂ ਤੋੜੀਆਂ ਜਾਣ ਅਤੇ
ਓਹ ਉਤਾਰੇ ਜਾਣ ਤਾਂ ਜੋ ਲੋਥਾਂ ਸਬਤ ਦੇ ਦਿਨ ਸਲੀਬ ਉੱਤੇ ਨਾ ਰਹਿਣ ਕਿਉਂ
ਜੋ ਉਸ ਸਬਤ ਦਾ ਦਿਨ ਇੱਕ ਵੱਡਾ ਦਿਨ ਸੀ। 32 ਤਦ ਸਿਪਾਹੀਆਂ ਨੇ ਆਣ ਕੇ
ਪਹਿਲੇ ਦੀਆਂ ਲੱਤਾਂ ਤੋੜੀਆਂ ਅਤੇ ਪਿੱਛੋਂ ਦੂਏ ਦੀਆਂ ਵੀ ਜਿਹੜਾ ਉਹ ਦੇ
ਨਾਲ ਸਲੀਬ ਉੱਤੇ ਚੜ੍ਹਾਇਆ ਹੋਇਆ ਸੀ। 33 ਪਰ ਯਿਸੂ ਦੇ ਕੋਲ ਆਨ ਕੇ ਜਾਂ


IESUS NAZARENUS REX IUDAEORUM

ਉਨ੍ਹਾਂ ਵੇਖਿਆ ਜੋ ਉਹ ਮਰ ਚੁੱਕਿਆ ਹੈ ਤਾਂ ਉਹ ਦੀਆਂ ਲੱਤਾਂ ਨਾ ਤੋੜੀਆਂ। 34
ਪਰ ਸਿਪਾਹੀਆਂ ਵਿੱਚੋਂ ਇੱਕ ਨੇ ਬਰਛੀ ਨਾਲ ਉਹ ਦੀ ਵੱਖੀ ਵਿੰਨ੍ਹੀ ਅਤੇ ਓਵੇਂ
ਹੀ ਲਹੂ ਅਤੇ ਪਾਣੀ ਨਿੱਕਲਿਆ। 35 ਅਤੇ ਜਿਹ ਨੇ ਇਹ ਵੇਖਿਆ ਹੈ ਉਹ ਨੇ
ਸਾਖੀ ਦਿੱਤੀ ਹੈ ਅਤੇ ਉਹ ਦੀ ਸਖੀ ਸਤ ਹੈ ਅਰ ਉਹ ਜਾਣਦਾ ਹੈ ਭਈ ਸਤ
ਆਖਦਾ ਹੈ ਇਸ ਲਈ ਜੋ ਤੁਸੀਂ ਵੀ ਨਿਹਚਾ ਕਰੋ। 36 ਕਿਉਂਕਿ ਇਹ ਗੱਲਾਂ ਇਸ
ਲਈ ਹੋਈਆਂ ਜੋ ਇਹ ਲਿਖਤ ਪੂਰੀ ਹੋਵੇ ਭਈ ਉਹ ਦੀ ਕੋਈ ਹੱਡੀ ਤੋੜੀ ਨਾ
ਜਾਵੇਗੀ। 37 ਫੇਰ ਇਹ ਦੂਜੀ ਲਿਖਤ ਹੈ ਕਿ ਜਿਸ ਨੂੰ ਉਨ੍ਹਾਂ ਨੇ ਵਿੰਨ੍ਹਿਆ ਹੈ ਓਹ
ਉਸ ਉੱਤੇ ਨਿਗਾਹ ਕਰਨਗੇ।

ਪ੍ਰਭੂ ਯਿਸੂ ਦਾ ਕਬਰ ਵਿੱਚ ਰੱਖੇ ਜਾਣਾ

38 ਇਹ ਦੇ ਪਿੱਛੋਂ ਅਰਿਮਥੇਆ ਦੇ ਯੂਸੰ ਨੇ ਜਿਹੜਾ ਯਹੂਦੀਆਂ ਦੇ ਡਰ
ਦੇ ਮਾਰੇ ਗੁੱਝਾ ਗੁੱਝਾ ਯਿਸੂ ਦਾ ਚੇਲਾ ਸੀ ਪਿਲਾਤੁਸ ਕੋਲ ਅਰ  ਕੀਤੀ ਜੋ ਮੈਂ ਯਿਸੂ
ਦੀ ਲੋਥ ਲੈ ਜਾਵਾਂ, ਅਰ ਪਿਲਾਤੁਸ ਨੇ ਹੁਕਮ ਦੇ ਦਿੱਤਾ। ਸੋ ਉਹ ਆਇਆ ਅਰ
ਉਹ ਦੀ ਲੋਥ ਲੈ ਗਿਆ। 39 ਅਤੇ ਨਿਕੁਦੇਮੁਸ ਵੀ ਜਿਹੜਾ ਪਹਿਲਾਂ ਉਹ ਦੇ ਕੋਲ
ਰਾਤ ਨੂੰ ਆਇਆ ਸੀ ਪੰਜਾਹ ਕੁ ਸੇਰ ਗੰਧਰਸ ਅਤੇ ਊਦ ਰਲੇ ਹੋਏ ਲਿਆਇਆ।
4● ਫਿਰ ਉਨ੍ਹਾਂ ਯਿਸੂ ਦੀ ਲੋਥ ਲੈ ਕੇ ਉਹ ਨੂੰ ਸੁਗੰਧਾ ਨਾਲ ਮਹੀਨ ਕੱਪੜੇ ਵਿੱਚ
ਵਲੇਟ੍ਰਿਆ ਜਿਵੇਂ ਯਹੂਦੀਆਂ ਦੇ ਕੰਨਾਉਣ ਦੰਨਾਉਣ ਦੀ ਗੀਤ ਸੀ। 41 ਅਤੇ ਉਸ
ਥਾਂ ਜਿੱਥੇ ਉਹ ਨੂੰ ਸਲੀਬ ਉੱਤੇ ਚੜ੍ਹਾਇਆ ਸੀ ਇੱਕ ਬਾਗ ਸੀ ਅਤੇ ਉਸ ਬਾਗ
ਵਿੱਚ ਇੱਕ ਨਵੀਂ ਕਬਰ ਸੀ ਜਿਸ ਦੇ ਵਿੱਚ ਕਦੇ ਕੋਈ ਨਹੀਂ ਸੀ ਰੱਖਿਆ
ਗਿਆ। 42 ਸੋ ਯਹੂਦੀਆਂ ਦੀ ਤਿਆਰੀ ਦੇ ਦਿਨ ਦੇ ਕਾਰਨ ਉਨ੍ਹਾਂ ਯਿਸੂ ਨੂੰ ਉੱਥੇ
ਹੀ ਰੱਖਿਆ ਕਿਉਂ ਜੋ ਇਹ ਕਬਰ ਨੇੜੇ ਸੀ।

# 2●

ਾਲੀ ਕਬਰ

ਹਫਤੇ ਦੇ ਪਹਿਲੇ ਦਿਨ ਮਰਿਯਮ ਮਗਦਲੀਨੀ ਤੜਕੇ ਜਦੋਂ ਅਨ੍ਹੇਰਾ ਹੀ
ਸੀ ਕਬਰ ਉੱਤੇ ਆਈ ਅਰ ਪੱਥਰ ਨੂੰ ਕਬਰ ਉੱਤੋਂ ਸਰਕਾਇਆ ਹੋਇਆ ਵੇਖਿਆ।
2 ਤਾਂ ਉਹ  ਮਊਨ ਪਤਰਸ ਅਤੇ ਉਸ ਦੂਜੇ ਚੇਲੇ ਦੇ ਕੋਲ ਜਿਹ ਨੂੰ ਯਿਸੂ ਤੇਹ
ਕਰਦਾ ਸੀ ਭੱਜੀ ਆਈ ਅਤੇ ਉਨ੍ਹਾਂ ਨੂੰ ਆਖਿਆ, ਪ੍ਰਭੂ ਨੂੰ ਕਬਰ ਵਿੱਚੋਂ ਕੱਢ ਲੈ
ਗਏ ਅਤੇ ਸਾਨੂੰ ਪਤਾ ਨਹੀਂ ਭਈ ਉਹ ਨੂੰ ਕਿੱਥੇ ਰੱਖਿਆ। 3 ਉਪਰੰਤ ਪਤਰਸ ਅਰ
ਦੂਜਾ ਚੇਲਾ ਨਿਕਲੇ ਅਤੇ ਕਬਰ ਦੀ ਵੱਲ ਗਏ। 4 ਅਤੇ ਓਹ ਦੋਵੇਂ ਇਕੱਠੇ ਭੱਜੇ



ਪਰ ਦੂਆ ਚੇਲਾ ਪਤਰਸ
ਨਾਲੋਂ ਛੇਤੀ ਭੱਜ ਕੇ ਅੱਗੇ
ਲੰਘ ਗਿਆ ਅਤੇ ਕਬਰ ਕੋਲ
ਪਹਿਲਾਂ ਆਇਆ। 5 ਅਤੇ
ਉਹ ਨੇ ਨਿਉਂ ਕੇ ਝਾਤੀ ਮਾਰੀ
ਤਾਂ ਕਤਾਨੀ ਕੱਪੜੇ ਪਏ ਹੋਏ
ਡਿੱਠਾ ਪਰ ਉਹ ਅੰਦਰ ਨਾ
ਗਿਆ। 6 ਤਦ ਸ਼ਮਊਨ
ਪਤਰਸ ਵੀ ਉਹ ਦੇ ਮਗਰੋਂ
ਆ ਪੁੱਜਿਆ ਅਤੇ ਕਬਰ ਦੇ
ਅੰਦਰ ਜਾ ਕੇ ਕੀ ਵੇਖਦਾ ਹੈ
ਜੋ ਕਤਾਨੀ ਕੱਪੜੇ ਪਏ ਹੋਏ
ਹਨ। 7 ਅਤੇ ਉਹ ਰੁਮਾਲ
ਜਿਹੜਾ ਉਸ ਦੇ ਸਿਰ ਉੱਤੇ
ਬੱਧਾ ਹੋਇਆ ਸੀ ਉਨ੍ਹਾਂ
ਕਤਾਨੀ ਕੱਪੜਿਆਂ ਦੇ ਨਾਲ
ਹੈ ਨਹੀਂ ਪਰ ਵਲ੍ਹੇਟਿਆ
ਹੋਇਆ ਇੱਕ ਥਾਂ ਵੱਖਰਾ
ਪਿਆ ਹੈ। 8 ਸੋ ਤਦ ਉਹ
ਦੂਆ ਚੇਲਾ ਵੀ ਜੋ ਕਬਰ
ਉੱਤੇ ਪਹਿਲਾਂ ਆਇਆ ਸੀ
ਅੰਦਰ ਗਿਆ ਅਤੇ ਉਹ ਨੇ ਵੇਖ ਕੇ ਪਰਤੀਤ ਕੀਤੀ। 9 ਕਿਉਂ ਜੋ ਉਨ੍ਹਾਂ ਅਜੇ ਇਸ
ਲਿਖਤ ਦਾ ਅਰਥ ਨਹੀਂ ਸਮਝਿਆ ਸੀ ਭਈ ਉਸ ਨੇ ਮੁਰਦਿਆਂ ਵਿੱਚੋਂ ਜੀ
ਉੱਠਣਾ ਹੈ। 10 ਤਾਂ ਓਹ ਚੇਲੇ ਆਪਣੇ ਘਰ ਨੂੰ ਫਿਰ ਮੁੜ ਗਏ।

## ਪ੍ਰਭੂ ਯਿਸੂ ਦਾ ਮਰਿਯਮ ਨੂੰ ਦਰ ਨ ਦੇਣਾ

11 ਪਰ ਮਰਿਯਮ ਬਾਹਰ ਕਬਰ ਉੱਤੇ ਰੋਂਦੀ ਖੜੀ ਰਹੀ। ਸੋ ਰੋਂਦੀ ਰੋਂਦੀ
ਉਸ ਨੇ ਨਿਉਂ ਕੇ ਜਾਂ ਕਬਰ ਵਿੱਚ ਝਾਤੀ ਮਾਰੀ 12 ਤਾਂ ਕੀ ਵੇਖਦੀ ਹੈ ਜੋ ਦੋ ਦੂਤ
ਚਿੱਟਾ ਪਹਿਰਾਵਾ ਪਹਿਨੇ ਹੋਏ ਇੱਕ ਸਿਰਹਾਣੇ ਅਤੇ ਦੂਜਾ ਪੁਆਂਦੀ ਜਿੱਥੇ ਯਿਸੂ
ਦੀ ਲੋਥ ਪਈ ਸੀ ਬੈਠੇ ਹਨ। 13 ਅਤੇ ਉਨ੍ਹਾਂ ਉਸ ਨੂੰ ਆਖਿਆ, ਹੇ ਬੀਬੀ, ਤੂੰ
ਕਿਉਂ ਰੋਂਦੀ ਹੈ? ਉਸ ਨੇ ਉਨ੍ਹਾਂ ਨੂੰ ਆਖਿਆ, ਇਸ ਲਈ ਜੋ ਮੇਰੇ ਪ੍ਰਭੂ ਨੂੰ ਲੈ ਗਏ
ਅਤੇ ਮੈਨੂੰ ਪਤਾ ਨਹੀਂ ਜੋ ਉਸ ਨੂੰ ਕਿੱਥੇ ਰੱਖਿਆ। 14 ਇਹ ਕਹਿ ਕੇ ਉਹ ਪਿੱਛੇ

ਮੁੜੀ ਅਤੇ ਯਿਸੂ ਨੂੰ ਖਲੋਤਾ ਵੇਖਿਆ ਅਰ ਨਾ ਸਿਆਤਾ ਭਈ ਇਹ ਯਿਸੂ ਹੈ। 15
ਯਿਸੂ ਨੇ ਉਸ ਨੂੰ ਕਿਹਾ, ਹੇ ਬੀਬੀ ਤੂੰ ਕਿਉਂ ਰੋਂਦੀ ਹੈ? ਕਿਹ ਨੂੰ ਭਾਲਦੀ ਹੈਂ? ਉਸ
ਨੇ ਇਹ ਜਾਣ ਕੇ ਜੋ ਇਹ ਬਾਗਵਾਨ ਹੈ ਉਹ ਨੂੰ ਆਖਿਆ, ਮਹਾਰਾਜ ਜੇ ਉਹ ਨੂੰ
ਤੂੰ ਲੈ ਗਿਆ ਹੈਂ ਤਾਂ ਮੈਨੂੰ ਦਸ ਭਾਈ ਤੈਂ ਉਹ ਨੂੰ ਕਿੱਥੇ ਰੱਖਿਆ ਹੈ ਅਤੇ ਮੈਂ ਉਹ
ਨੂੰ ਲੈ ਜਾਵਾਂਗੀ। 16 ਯਿਸੂ ਨੇ ਉਸ ਨੂੰ ਕਿਹਾ, ਹੇ ਮਰਿਯਮ! ਉਸ ਨੇ ਫਿਰ ਕੇ ਉਹ
ਨੂੰ ਇਬਰਾਨੀ ਭਾਖਿਆ ਵਿੱਚ ਕਿਹਾ, ਹੇ ਰੱਬੋਨੀ! ਅਰਥਾਤ ਹੇ ਗੁਰੂ! 17 ਯਿਸੂ ਨੇ
ਉਸ ਨੂੰ ਆਖਿਆ, ਮੈਨੂੰ ਨਾ ਛੋਹ ਕਿਉਂ ਜੋ ਮੈਂ ਅਜੇ ਪਿਤਾ ਦੇ ਕੋਲ ਉੱਪਰ ਨਹੀਂ
ਗਿਆ ਹਾਂ ਪਰ ਮੇਰੇ ਭਰਾਵਾਂ ਕੋਲ ਜਾਹ ਅਤੇ ਉਨ੍ਹਾਂ ਨੂੰ ਆਖ ਕਿ ਮੈਂ ਉੱਪਰ
ਆਪਣੇ ਪਿਤਾ ਅਰ ਤੁਹਾਡੇ ਪਿਤਾ ਕੋਲ ਅਤੇ ਆਪਣੇ ਪਰਮੇ ਰ ਅਤੇ ਤੁਹਾਡੇ
ਪਰਮੇ ਰ ਕੋਲ ਜਾਂਦਾ ਹਾਂ। 18 ਮਰਿਯਮ ਮਗਦਲੀਨੀ ਆਈ ਅਤੇ ਚੇਲਿਆਂ ਨੂੰ
ਕਿਹਾ, ਮੈਂ ਪ੍ਰਭੂ ਨੂੰ ਵੇਖਿਆ ਹੈ ਅਤੇ ਉਸ ਮੈਨੂੰ ਇਹ ਬਚਨ ਕਹੇ!

19 ਫਿਰ ਉਸੇ ਦਿਨ ਜੋ ਹਫਤੇ ਦਾ ਪਹਿਲਾ ਦਿਨ ਸੀ ਜਾਂ ਸੰਝ ਹੋਈ ਤਾਂ
ਜਿੱਥੇ ਓਹ ਚੇਲੇ ਸਨ ਅਰ ਯਹੂਦੀਆਂ ਦੇ ਡਰ ਦੇ ਮਾਰੇ ਬੂਹੇ ਵੱਜੇ ਹੋਏ ਸਨ ਯਿਸੂ
ਆਇਆ ਅਤੇ ਵਿਚਕਾਰ ਖਲੋ ਕੇ ਉਨ੍ਹਾਂ ਨੂੰ ਆਖਿਆ, ਤੁਹਾਡੀ ਾਂਤੀ ਹੋਵੇ। 2•
ਇਹ ਕਹਿ ਕੇ ਉਹ ਆਪਣੇ ਹੱਥ ਅਰ ਵੱਖੀ ਉਨ੍ਹਾਂ ਨੂੰ ਵਿਖਾਲੀ। ਤਾਂ ਚੇਲੇ ਪ੍ਰਭੂ ਨੂੰ
ਵੇਖ ਕੇ ਨਿਹਾਲ ਹੋਏ। 21 ਤਦ ਯਿਸੂ ਨੇ ਫਿਰ ਉਨ੍ਹਾਂ ਨੂੰ ਆਖਿਆ, ਤੁਹਾਡੀ ਾਂਤੀ
ਹੋਵੇ! ਜਿਵੇਂ ਪਿਤਾ ਨੇ ਮੈਨੂੰ ਘੱਲਿਆ ਹੈ ਤਿਵੇਂ ਮੈਂ ਵੀ ਤੁਹਾਨੂੰ ਘੱਲਦਾ ਹਾਂ। 22
ਉਸ ਨੇ ਇਹ ਕਹਿ ਕੇ ਉਨ੍ਹਾਂ ਉੱਤੇ ਫੂਕ ਮਾਰੀ ਅਤੇ ਕਿਹਾ, ਤੁਸੀਂ ਪਵਿੱਤ੍ਰ
ਆਤਮਾ ਲਓ। 23 ਜਿਨ੍ਹਾਂ ਦੇ ਪਾਪ ਤੁਸੀਂ ਮਾਂ ਕਰੋ ਓਹ ਉਨ੍ਹਾਂ ਨੂੰ ਮਾਂ ਕੀਤੇ ਜਾਂਦੇ
ਹਨ ਅਰ ਜਿਨ੍ਹਾਂ ਦੇ ਤੁਸੀਂ ਕਾਇਮ ਰੱਖੋ ਉਨ੍ਹਾਂ ਦੇ ਕਾਇਮ ਰਹੇ ਹਨ।

ਪ੍ਰਭੂ ਯਿਸੂ ਦਾ ਥੋਮਾ ਨੂੰ ਦਰ ਨ ਦੇਣਾ

24 ਪਰ ਉਨ੍ਹਾਂ ਬਾਰਾਂ ਵਿੱਚੋਂ ਥੋਮਾ ਜਿਹੜਾ ਦੀਦੁਮੁਸ ਕਰਕੇ ਸੱਦੀ ਦਾ ਹੈ
ਜਾਂ ਯਿਸੂ ਆਇਆ ਤਾਂ ਉਹ ਉਨ੍ਹਾਂ ਦੇ ਨਾਲ ਸੀ। 25 ਤਦ ਹੋਰਨਾਂ ਚੇਲਿਆਂ ਨੇ
ਉਸ ਨੂੰ ਕਿਹਾ, ਅਸਾਂ ਪ੍ਰਭੂ ਨੂੰ ਵੇਖਿਆ ਹੈ! ਪਰ ਉਸ ਨੇ ਉਨ੍ਹਾਂ ਨੂੰ ਆਖਿਆ,
ਜਿਨਾਂ ਚਿਰ ਮੈਂ ਉਹ ਦੇ ਹੱਥਾਂ ਵਿੱਚ ਕਿੱਲਾਂ ਦਾ ਨਿ ਾਨ ਨਾ ਵੇਖਾਂ ਅਤੇ ਕਿੱਲਾਂ ਦੇ
ਨਿ ਾਨ ਵਿੱਚ ਆਪਣੀ ਉਂਗਲ ਨਾ ਵਾੜਾ ਅਰ ਉਹ ਦੀ ਵੱਖੀ ਵਿੱਚ ਆਪਣਾ
ਹੱਥ ਨਾ ਵਾੜਾ ਉਨ੍ਹਾਂ ਚਿਰ ਮੈਂ ਕਦੇ ਸਤ ਨਾ ਮ ਨਾਂਗਾ।

26 ਅੱਠਾਂ ਦਿਨਾਂ ਪਿੱਛੋਂ ਉਹ ਦੇ ਚੇਲੇ ਫਿਰ ਅੰਦਰ ਸਨ ਅਤੇ ਥੋਮਾ ਉਨ੍ਹਾਂ
ਦੇ ਨਾਲ ਸੀ। ਬੂਹੇ ਵੱਜੇ ਹੋਏ ਯਿਸੂ ਆਇਆ ਅਤੇ ਵਿਚਕਾਰ ਖਲੋ ਕੇ ਬੋਲਿਆ,
ਤੁਹਾਡੀ ਾਂਤੀ ਹੋਵੇ। 27 ਫਿਰ ਉਹ ਨੇ ਥੋਮਾ ਨੂੰ ਆਖਿਆ, ਆਪਣੀ ਉਂਗਲ ਉਰੇ
ਕਰ ਅਤੇ ਮੇਰੇ ਹੱਥਾਂ ਨੂੰ ਵੇਖ ਅਰ ਆਪਣਾ ਹੱਥ ਉਰੇ ਕਰ ਕੇ ਮੇਰੀ ਵੱਖੀ ਵਿੱਚ



ਵਾੜ ਅਤੇ ਬੇਪਰਤੀਤਾ ਨਾ ਹੋ ਸਗੋਂ ਪਰਤੀਤਮਾਨ ਹੋ। 28 ਥੋਮਾ ਨੇ ਉਹ ਨੂੰ ਉੱਤਰ
ਦਿੱਤਾ, ਹੇ ਮੇਰੇ ਪ੍ਰਭੂ ਅਤੇ ਮੇਰੇ ਪਰਮੇ ਰ! 29 ਯਿਸੂ ਨੇ ਉਸ ਨੂੰ ਆਖਿਆ, ਤੈਂ ਜੋ
ਮੈਨੂੰ ਵੇਖਿਆ ਇਸੇ ਕਰਕੇ ਪਰਤੀਤ ਕੀਤੀ ਹੈ? ਧੰਨ ਓਹ ਜਿਨ੍ਹਾਂ ਨਹੀਂ ਵੇਖਿਆ
ਤਾਂ ਵੀ ਪਰਤੀਤ ਕਰਦੇ ਹਨ।

30 ਯਿਸੂ ਨੇ ਹੋਰ ਵੀ ਬਾਹਲੇ ਨਿ ਾਨ ਚੇਲਿਆਂ ਦੇ ਸਾਹਮਣੇ ਵਿਖਾਏ ਜੋ
ਇਸ ਪੁਸਤਕ ਵਿੱਚ ਨਹੀਂ ਲਿਖੇ ਗਏ। 31 ਪਰ ਇਹ ਇਸ ਲਈ ਲਿਖੇ ਗਏ ਹਨ
ਭਈ ਤੁਸੀਂ ਪਰਤੀਤ ਕਰੋ ਕਿ ਯਿਸੂ ਜਿਹੜਾ ਹੈ ਉਹੋ ਮਸੀਹ ਪਰਮੇ ਰ ਦਾ ਪੁੱਤ੍ਰ ਹੈ,
ਨਾਲੇ ਪਰਤੀਤ ਕਰ ਕੇ ਉਹ ਦੇ ਨਾਮ ਤੋਂ ਜੀਉਣ ਨੂੰ ਪ੍ਰਾਪਤ ਕਰੋ।

# 21

## ਪ੍ਰਭੂ ਯਿਸੂ ਦਾ ਤਿਬਿਰਿਯਾਸ ਦੀ
## ਝੀਲ ਦੇ ਕੰਢੇ ਉੱਤੇ ਦਰ ਨ ਦੇਣਾ

ਇਹ ਦੇ ਪਿੱਛੋਂ ਯਿਸੂ ਨੇ ਫਿਰ ਆਪਣੇ ਤਾਂਈ ਤਿਬਿਰਿਯਾਸ ਦੀ ਝੀਲ
ਉੱਤੇ ਚੇਲਿਆਂ ਨੂੰ ਵਿਖਾਲਿਆ ਅਤੇ ਉਹ ਨੇ ਇਉਂ ਵਿਖਾਲਿਆ। 2 ਮਊਨ
ਪਤਰਸ ਅਰ ਥੋਮਾ ਜਿਹੜਾ ਦੀਦੁਮੁਸ ਕਹਾਉਂਦਾ ਹੈ ਅਰ ਨਥਾਨੀਏਲ ਜੋ ਗਲੀਲ
ਦੇ ਕਾਨਾ ਦਾ ਸੀ ਅਰ ਬਦੀ ਦੇ ਪੁੱਤ ਅਤੇ ਦਾ ਉਹ ਦੇ ਚੇਲਿਆਂ ਵਿੱਚੋਂ ਹੋਰ ਦੋ
ਇਕੱਠੇ ਸਨ। 3 ਮਊਨ ਪਤਰਸ ਨੇ ਉਨ੍ਹਾਂ ਨੂੰ ਆਖਿਆ, ਮੈਂ ਮੱਛੀਆਂ ਫੜਨ ਨੂੰ
ਜਾਂਦਾ ਹਾਂ। ਉਨ੍ਹਾਂ ਉਸ ਨੂੰ ਕਿਹਾ, ਅਸੀਂ ਭੀ ਤੇਰੇ ਨਾਲ ਚੱਲਦੇ ਹਾਂ। ਓਹ ਨਿੱਕਲ
ਕੇ ਬੇੜੀ ਉੱਤੇ ਚੜ੍ਹੇ ਅਤੇ ਉਸ ਰਾਤ ਕੁੱਝ ਨਾ ਫੜਿਆ। 4 ਜਾਂ ਦਿਨ ਚੜ੍ਹਨ ਲੱਗਾ
ਤਾਂ ਯਿਸੂ ਕੰਢੇ ਉੱਤੇ ਆ ਖਲੋਤਾ ਪਰ ਚੇਲਿਆਂ ਨੇ ਨਾ ਸਿਆਤਾ ਜੋ ਉਹ ਯਿਸੂ
ਹੈ। 5 ਤਾਂ ਯਿਸੂ ਨੇ ਉਨ੍ਹਾਂ ਨੂੰ ਆਖਿਆ, ਹੇ ਜੁਆਨੋ, ਤੁਸਾਂ ਖਾਣ ਨੂੰ ਕੁਝ ਫੜਿਆ?
ਉਨ੍ਹਾਂ ਉਹ ਨੂੰ ਉੱਤਰ ਦਿੱਤਾ, ਨਹੀਂ। 6 ਤਾਂ ਉਹ ਨੇ ਉਨ੍ਹਾਂ ਨੂੰ ਆਖਿਆ, ਬੇੜੀ ਦੇ
ਸੱਜੇ ਪਾਸੇ ਜਾਲ ਪਾਓ ਤਾਂ ਤੁਹਾਨੂੰ ਲੱਭੇਗਾ। ਸੋ ਉਨ੍ਹਾਂ ਪਾਇਆ ਅਤੇ ਮੱਛੀਆਂ ਦੇ
ਬਹੁਤ ਹੋਣ ਕਰਕੇ ਉਹ ਨੂੰ ਫੇਰ ਖਿੱਚ ਨਾ ਸਕੇ। 7 ਇਸ ਲਈ ਉਸ ਚੇਲੇ ਨੇ ਜਿਹ ਦੇ
ਨਾਲ ਯਿਸੂ ਪਿਆਰ ਕਰਦਾ ਸੀ ਪਤਰਸ ਨੂੰ ਆਖਿਆ, ਇਹ ਤਾਂ ਪ੍ਰਭੂ ਹੈ! ਸੋ ਜਾਂ
ਮਊਨ ਪਤਰਸ ਨੇ ਇਹ ਸੁਣਿਆ ਜੋ ਉਹ ਪ੍ਰਭੂ ਹੈ ਤਾਂ ਇਸ ਲਈ ਜੋ ਉਹ ਨੰਗਾ
ਸੀ ਉਹ ਨੇ ਉੱਤੇ ਦਾ ਲੀੜਾ ਲੱਕ ਨਾਲ ਬੰਨ੍ਹ ਕੇ ਝੀਲ ਵਿੱਚ ਛਾਲ ਮਾਰੀ। 8 ਪਰ
ਹੋਰ ਚੇਲੇ ਮੱਛੀਆਂ ਦਾ ਜਾਲ ਖਿੱਚਦੇ ਹੋਏ ਬੇੜੀ ਵਿੱਚ ਆਏ ਕਿਉਂਕਿ ਓਹ
ਜਮੀਨ ਤੋਂ ਦੂਰ ਨਹੀਂ ਪਰ ਦੋ-ਕੁ ਸ' ਹੱਥ ਦੀ ਵਿੱਥ ਤੇ ਸੀ। 9 ਉਪਰੰਤ ਜਾਂ ਓਹ
ਜਮੀਨ ਉੱਤੇ ਉੱਤਰੇ ਤਾਂ ਉਨ੍ਹਾਂ ਨੇ ਕੋਲਿਆਂ ਦੀ ਅੱਗ ਧਰੀ ਹੋਈ ਅਰ ਉਹ ਦੇ
ਉੱਤੇ ਮੱਛੀ ਰੱਖੀ ਹੋਈ ਅਤੇ ਰੋਟੀ ਵੇਖੀ। 10 ਯਿਸੂ ਨੇ ਓਹਨਾਂ ਨੂੰ ਆਖਿਆ, ਉਨ੍ਹਾਂ

ਮੱਛੀਆਂ ਵਿੱਚੋਂ ਲਿਆਓ ਜਿਹੜੀਆਂ ਤੁਸਾਂ ਹੁਣ ਫੜੀਆਂ ਹਨ। [11] ਸੋ ਮਊਨ
ਪਤਰਸ ਨੇ ਚੜ੍ਹ ਕੇ ਉਸ ਜਾਲ ਨੂੰ ਜਮੀਨ ਤੇ ਖਿੱਚਿਆ ਜਿਹ ਦੇ ਵਿੱਚ ਇੱਕ ਸ'
ਤ੍ਰਿਵੰਜਾ ਵੱਡੀਆਂ ਮੱਛੀਆਂ ਭਰੀਆਂ ਹੋਈਆਂ ਸਨ ਅਤੇ ਐਨੀਆਂ ਮੱਛੀਆਂ
ਹੁਦਿਆਂ ਵੀ ਉਹ ਜਾਲ ਨਾ ਟੁੱਟਿਆ। [12] ਯਿਸੂ ਨੇ ਓਹਨਾਂ ਨੂੰ ਆਖਿਆ, ਆਓ
ਭੋਜਨ ਛਕੋ, ਅਤੇ ਚੇਲਿਆਂ ਵਿੱਚੋਂ ਕਿਸੇ ਦਾ ਹਿਆਉ ਨਾ ਪਿਆ ਜੋ ਉਹ ਨੂੰ
ਪੁੱਛੇ, ਤੂੰ ਕ'ਣ ਹੈਂ? ਕਿਉਂਕਿ ਓਹ ਜਾਣਦੇ ਸਨ ਭਈ ਇਹ ਪ੍ਰਭੂ ਹੈ। [13] ਯਿਸੂ ਆ-
ਇਆ ਰੋਟੀ ਲੈ ਕੇ ਉਨ੍ਹਾਂ ਨੂੰ ਦਿੱਤੀ ਅਤੇ ਮੱਛੀ ਵੀ। [14] ਇਹ ਤੀਜੀ ਵਾਰ ਸੀ ਜੋ
ਯਿਸੂ ਨੇ ਮੁਰਦਿਆਂ ਵਿੱਚੋਂ ਜੀ ਉੱਠ ਕੇ ਚੇਲਿਆਂ ਨੂੰ ਆਪਣਾ ਦਰ ਨ ਦਿੱਤਾ।

### ਪ੍ਰਭੂ ਯਿਸੂ ਅਤੇ ਪਤਰਸ ਦਾ ਪਿਆਰ

[15] ਸੋ ਜਾਂ ਓਹ ਖਾ ਹਟੇ ਤਾਂ ਯਿਸੂ ਨੇ ਮਊਨ ਪਤਰਸ ਨੂੰ ਆਖਿਆ, ਹੇ
ਸਮਊਨ ਯੂਹੰਨਾ ਦੇ ਪੁੱਤ੍ਰ ਕੀ ਤੂੰ ਮੈਨੂੰ ਇਨ੍ਹਾਂ ਨਾਲੋਂ ਵਧ ਪਿਆਰ ਕਰਦਾ ਹੈ? ਉਨ
ਉਸ ਨੂੰ ਆਖਿਆ, ਹਾਂ ਪ੍ਰਭੂ ਜੀ ਤੂੰ ਜਾਣਦਾ ਹੈ ਜੋ ਮੈਂ ਤੇਰੇ ਨਾਲ ਹਿੱਤ ਕਰਦਾ
ਹਾਂ। ਉਨ ਓਹ ਨੂੰ ਕਿਹਾ, ਮੇਰੀਆਂ ਭੇਡਾਂ ਦੀ ਰੱਛਿਆ ਕਰ। [16] ਉਸ ਨੇ ਫੇਰ ਦੂਜੀ
ਵਾਰ ਉਹ ਨੂੰ ਕਿਹਾ, ਹੇ ਸਮਾਊਨ ਯੂਹੰਨਾ ਦੇ ਪੁੱਤ੍ਰ ਕੀ ਤੂੰ ਮੈਨੂੰ ਪਿਆਰ ਕਰਦਾ
ਹੈ?ਉਨ ਉਸ ਨੂੰ ਆਖਿਆ, ਹਾਂ ਪ੍ਰਭੂ ਜੀ ਤੂੰ ਜਾਣਦਾ ਹੈ ਜੋ ਮੈਂ ਤੇਰੇ ਨਾਲ ਹਿੱਤ
ਕਰਦਾ ਹਾਂ। ਉਨ ਓਹ ਨੂੰ ਕਿਹਾ, ਮੇਰੀਆਂ ਭੇਡਾਂ ਦੀ ਰੱਛਿਆ ਕਰ। [17] ਉਸ
ਨੇ ਤੀਜੀ ਵਾਰ ਉਹ ਨੂੰ ਕਿਹਾ, ਹੇ ਸਮਊਨ ਯੂਹੰਨਾ ਦੇ ਪੁੱਤ੍ਰ ਕੀ ਤੂੰ ਮੇਰੇ ਨਾਲ
ਹਿੱਤ ਕਰਦਾ ਹੈ? ਪਤਰਸ ਉਦਾਸ ਹੋਇਆ ਇਸ ਲਈ ਜੋ ਉਸ ਨੇ ਤੀਜੀ ਵਾਰ
ਉਹ ਨੂੰ ਕਿਹਾ, ਕੀ ਤੂੰ ਮੇਰੇ ਨਾਲ ਹਿੱਤ ਕਰਦਾ ਹੈ? ਅਤੇ ਉਸ ਨੂੰ ਆਖਿਆ ਪ੍ਰਭੂ
ਜੀ ਤੂੰ ਤਾਂ ਸਭ ਜਾਣੀ ਜਾਣ ਹੈ। ਤੈਨੂੰ ਮਲੂਮ ਹੈ ਜੋ ਮੈਂ ਤੇਰੇ ਨਾਲ ਹਿੱਤ ਕਰਦਾ
ਹਾਂ। ਯਿਸੂ ਨੇ ਉਹ ਨੂੰ ਆਖਿਆ,ਮੇਰੀਆਂ ਭੇਡਾਂ ਨੂੰ ਚਾਰ। [18] ਮੈਂ ਤੈਨੂੰ ਸੱਚ ਸੱਚ
ਆਖਦਾ ਹਾਂ ਕਿ ਜਾਂ ਤੂੰ ਜੁਆਨ ਸੈਂ ਤਾਂ ਆਪਣਾ ਲੱਕ ਬੰਨ੍ਹ ਕੇ ਜਿੱਥੇ ਤੇਰਾ ਜੀ
ਕਰਦਾ ਸੀ ਤੂੰ ਉੱਥੇ ਜਾਂਦਾ ਸੀ। ਪਰ ਜਾਂ ਤੂੰ ਬੁੱਢਾ ਹੋਵੇਗਾ ਤਾਂ ਆਪਣੇ ਹੱਥ ਲੰਮੇ
ਕਰੇਂਗਾ ਅਤੇ ਕੋਈ ਹੋਰ ਤੇਰਾ ਲੱਕ ਬੰਨ੍ਹੇਗਾ ਅਰ ਜਿੱਥੇ ਤੇਰਾ ਜੀ ਨਾ ਕਰੇ ਉੱਥੇ
ਤੈਨੂੰ ਲੈ ਜਾਵੇਗਾ। [19] ਉਸ ਨੇ ਇਗੱਲ ਇਸ ਲਈ ਆਖੀ ਭਈ ਪਤਾ ਦੇਵੇ ਜੋ ਉਹ
ਕਿਹੜੀ ਮ'ਤ ਨਾਲ ਪਰਮੇ ਰ ਦੀ ਵਡਿਆਈ ਕਰੇਗਾ ਅਰ ਇਹ ਕਹਿ ਕੇ ਉਹ ਨੂੰ
ਆਖਿਆ, ਮੇਰੇ ਮਗਰ ਹੋ ਤੁਰ। [2•] ਪਤਰਸ ਨੇ ਫਿਰ ਕੇ ਉਸ ਚੇਲੇ ਨੂੰ ਮਗਰ
ਆਉਂਦਾ, ਵੇਖਿਆ ਜਿਹ ਨੂੰ ਯਿਸੂ ਪਿਆਰ ਕਰਦਾ ਸੀ ਅਤੇ ਜਿਹ ਨੇ ਰਾਤ ਦੇ
ਖਾਣੇ ਦੇ ਵੇਲੇ ਉਸਦੀ ਛਾਤੀ ਉੱਤੇ ਢਾਸਣਾ ਲਾਇਆ ਹੋਇਆ ਆਖਿਆ ਸੀ
ਕਿ ਪ੍ਰਭੂ ਜੀ ਉਹ ਕ'ਣ ਹੈ ਜੋ ਤੈਨੂੰ ਫੜਵਾਉਂਦਾ ਹੈ? [21] ਸੋ ਉਹ ਨੂੰ ਵੇਖ ਕੇ
ਪਤਰਸ ਨੇ ਕਿਹਾ, ਪ੍ਰਭੂ ਜੀ ਐਸ ਨਾਲ ਕੀ ਬੀਤੇ-ਗੀ? ਯਿਸੂ ਨੇ ਉਹ ਨੂੰ ਕਿਹਾ,

ਜੇ ਮੈਂ ਚਾਹਾਂ ਜੋ ਉਹ ਮੇਰੇ ਆਉਣ ਤੀਕ ਠਹਿਰੇ ਤਾਂ ਤੈਨੂੰ ਕੀ? ਤੂੰ ਮੇਰੇ ਮਗਰ ਹੋ
ਤੁਰ। [23] ਤਾਂ ਭਾਈਆਂ ਵਿੱਚ ਇਹ ਗੱਲ ਖਿੰਡ ਗਈ ਭਈ ਉਹ ਚੇਲਾ ਨਾ ਮਰੂ।
ਪਰ ਯਿਸੂ ਨੇ ਉਹ ਨੂੰ ਇਹ ਨਹੀਂ ਆਖਿਆ ਸੀ ਕਿ ਉਹ ਨਾ ਮਰੇਗਾ ਪਰ ਇਹ ਕਿ
ਜੇ ਮੈਂ ਚਾਹਾਂ ਜੋ ਉਹ ਮੇਰੇ ਆਉਣ ਤੀਕ ਠਹਿਰੇ ਤਾਂ ਤੈਨੂੰ ਕੀ?

[24] ਇਹ ਉਹੋ ਚੇਲਾ ਹੈ ਜਿਹੜਾ ਇਨ੍ਹਾਂ ਗੱਲਾਂ ਦੀ ਸਾਖੀ ਦਿੰਦਾ ਹੈ ਅਰ
ਜਿਹ ਨੇ ਇਹ ਗੱਲਾਂ ਲਿਖੀਆਂ ਅਤੇ ਅਸੀਂ ਜਾਣਦੇ ਹਾਂ ਜੋ ਉਹ ਦੀ ਸਾਖੀ ਸੱਚੀ
ਹੈ। [25] ਅਤੇ ਹੋਰ ਵੀ ਢੇਰ ਸਾਰੇ ਕੰਮ ਹਨ ਜਿਹੜੇ ਯਿਸੂ ਨੇ ਕੀਤੇ। ਜੇ ਓਹ ਸੱਭੇ
ਇੱਕ ਇੱਕ ਲਿਖ ਜਾਂਦੇ ਤਾਂ ਮੈਂ ਸਮਝਦਾ ਹਾਂ ਭਈ ਜਿਹੜੀਆਂ ਪੁਸਤਕਾਂ ਲਿਖੀਆਂ
ਜਾਂਦੀਆਂ ਓਹ ਜਗਤ ਵਿੱਚ ਭੀ ਨਾ ਸਮਾਂਉਂਦੀਆਂ।

MISSIONS PRESS ©2014

Gospel of John-Punjabi